23-APRIL-PAGE-1.qxd 4/22/2025 10:52 PM Page 1

ਬੁੱਧਵਾਰ, 23 ਅਪ੍ਰੈਲ, 2025
11 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 322

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 23 APRIL, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮਿੰਨੀ ਸਵਿਟਜ਼ਰਲੈਂਡ 'ਚ ਖ਼ੂਨ ਦੇ ਛਿੱਟੇ
# ਕਾਫ਼ੀ ਜਾਨੀ-ਹਾਨੀ ਹੋਣ ਦਾ ਖਦਸ਼ਾ

## ਦਹਿਸ਼ਤਗਰਦਾਂ ਨੇ ਕਸ਼ਮੀਰ ਦੇ ਖ਼ੂਬਸੂਰਤ ਬਾਇਸਰਨ ਮੈਦਾਨ 'ਚ ਸੈਲਾਨੀਆਂ ਨੂੰ ਨੇੜਿਓਂ ਗੋਲੀਆਂ ਮਾਰੀਆਂ



**ਸ੍ਰੀਨਗਰ** : ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿੱਚ ਮੰਗਲਵਾਰ ਬਾਅਦ ਦੁਪਹਿਰ ਤਿੰਨ ਵਜੇ ਦਹਿਸ਼ਤਗਰਦਾਂ ਨੇ ਨੇੜਿਓਂ ਗੋਲੀਆਂ ਮਾਰ ਕੇ ਘੱਟੋ-ਘੱਟ 20 ਸੈਲਾਨੀਆਂ ਨੂੰ ਜ਼ਖ਼ਮੀ ਕਰ ਦਿੱਤਾ। ਹਮਲਾ ਸੈਲਾਨੀਆਂ ਦੇ ਪਸੰਦੀਦਾ ਮਖਮਲੀ ਘਾਹ ਦੇ ਮੈਦਾਨ ਬਾਇਸਰਨ ਵਿੱਚ ਹੋਇਆ, ਜਿੱਥੇ ਸਿਰਫ ਪੈਦਲ ਜਾਂ ਘੋੜਿਆਂ ਰਾਹੀਂ ਹੀ ਪਹੁੰਚਿਆ ਜਾ ਸਕਦਾ ਹੈ। ਦਹਿਸ਼ਤਗਰਦ ਫੌਜੀ ਵਰਦੀ ਵਿੱਚ ਸਨ ਤੇ ਉਹ ਪਹਾੜੀਆਂ ਤੋਂ ਉੱਤਰ ਕੇ ਆਏ। ਹਮਲੇ ਤੋਂ ਬਾਅਦ ਪਹਿਲਗਾਮ ਤੇ ਹੋਰਨਾਂ ਇਲਾਕਿਆਂ ਵਿੱਚੋਂ ਸੈਲਾਨੀ ਸਲਾਮਤੀ ਲਈ ਆਪਣੇ ਟਿਕਾਣਿਆਂ ਵੱਲ ਭੱਜ ਨਿਕਲੇ।

ਇਹ ਵੀ ਰਿਪੋਰਟ ਸੀ ਕਿ ਹਮਲੇ ਵਿੱਚ ਰਾਜਸਥਾਨ ਦੇ ਇੱਕ ਸੈਲਾਨੀ ਦੀ ਮੌਤ ਹੋ ਗਈ। ਪਹਿਲਾਂ ਦਸ਼ਿਤਗਰਦਾਂ ਨੇ ਸੈਲਾਨੀ ਤੋਂ ਨਾਂਅ ਪੁੱਛਿਆ ਤੇ ਫਿਰ ਸਿਰ ਵਿੱਚ ਗੋਲੀ ਮਾਰ ਦਿੱਤੀ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਕਿਹਾ ਕਿ ਮੌਤਾਂ ਦਾ ਪਤਾ ਲਾਇਆ ਜਾ ਰਿਹਾ ਹੈ। ਹਾਲੀਆ ਸਾਲਾਂ ਵਿੱਚ ਦੇਖੇ ਗਏ ਹਮਲਿਆਂ ਨਾਲੋਂ ਇਹ ਕਿਤੇ ਵੱਡਾ ਹਮਲਾ ਹੈ। ਹਮਲਾਵਰਾਂ ਨੂੰ ਜਾਨਵਰ ਹੀ ਕਹਿ ਸਕਦੇ ਹਾਂ। ਇਹ ਹਮਲਾ ਉਦੋਂ ਹੋਇਆ ਹੈ, ਜਦੋਂ ਅਮਰੀਕੀ ਰਾਸ਼ਟਰਪਤੀ ਜੇ ਡੀ ਵੈਂਸ ਭਾਰਤ ਦੌਰੇ 'ਤੇ ਸਨ।

ਘਟਨਾ ਦੇ ਹੌਲਨਾਕ ਵੀਡੀਓਜ਼ ਵਿੱਚ ਕਈ ਜਣੇ ਲਹੂ-ਲੁਹਾਨ ਤੇ ਲੰਮੇ ਪਏ ਨਜ਼ਰ ਆ ਰਹੇ ਹਨ। ਮਹਿਲਾਵਾਂ ਆਪਣੇ ਕਰੀਬੀਆਂ ਨੂੰ ਲੱਭ ਰਹੀਆਂ ਹਨ।

ਇਕ ਮਹਿਲਾ ਰੋਂਦੀ ਹੋਈ ਕਿਸੇ ਸਥਾਨਕ ਬੰਦੇ ਤੋਂ ਮਦਦ ਮੰਗ ਰਹੀ ਹੈ ਤੇ ਕਹਿ ਰਹੀ ਹੈ ਕਿ ਦਹਿਸ਼ਤਗਰਦ ਧਰਮ ਪੁੱਛ-ਪੁੱਛ ਕੇ ਗੋਲੀ ਮਾਰ ਰਹੇ ਹਨ। ਇੱਕ ਹੋਰ ਮਹਿਲਾ ਨੇ ਕਿਹਾ—ਮੈਂ ਤੇ ਪਤੀ ਭੇਲ-ਪੂਰੀ ਖਾ ਰਹੇ ਸੀ। ਇਸੇ ਦੌਰਾਨ ਦਹਿਸ਼ਤਗਰਦ ਆਏ ਤੇ ਕਹਿਣ ਲੱਗੇ ਕਿ ਇਹ ਮੁਸਲਿਮ ਨਹੀਂ ਲੱਗ ਰਹੇ, ਇਨ੍ਹਾਂ ਨੂੰ ਮਾਰ ਦਿਓ ਅਤੇ ਮੇਰੇ ਪਤੀ ਨੂੰ ਗੋਲੀ ਮਾਰ ਦਿੱਤੀ।

ਇਸ ਦੌਰਾਨ ਸਥਾਨਕ ਲੋਕਾਂ ਦੀ ਹਮਦਰਦੀ ਵੀ ਨਜ਼ਰ ਆਈ। ਜਦੋਂ ਇੱਕ ਮਹਿਲਾ ਨੇ ਕਿਹਾ ਕਿ ਉਸ ਦੇ ਬੱਚੇ ਨੂੰ ਬਚਾ ਲਓ ਤਾਂ ਇੱਕ ਸਥਾਨਕ ਬੰਦੇ ਨੇ ਕਿਹਾ ਕਿ ਘਬਰਾਓ ਨਾ, ਉਹ ਮਦਦ ਲਈ ਹੀ ਪੁੱਜਾ ਹੈ।

ਅਧਿਕਾਰੀਆਂ ਨੇ ਕਿਹਾ ਕਿ ਜ਼ਖ਼ਮੀਆਂ ਨੂੰ ਸੁਰੱਖਿਅਤ ਕੱਢਣ ਲਈ ਇੱਕ ਹੈਲੀਕਾਪਟਰ ਸੇਵਾ ਵਿੱਚ ਲਗਾਇਆ ਗਿਆ ਅਤੇ ਕੁਝ ਜ਼ਖ਼ਮੀਆਂ ਨੂੰ ਸਥਾਨਕ ਲੋਕਾਂ ਨੇ ਆਪਣੇ ਘੋੜਿਆਂ ਰਾਹੀਂ ਘਾਹ ਦੇ ਮੈਦਾਨ ਤੋਂ ਹੇਠਾਂ ਲਿਆਂਦਾ।

ਪਹਿਲਗਾਮ ਹਸਪਤਾਲ ਦੇ ਇੱਕ ਡਾਕਟਰ ਨੇ ਦੱਸਿਆ ਕਿ 12 ਜ਼ਖ਼ਮੀ ਸੈਲਾਨੀਆਂ ਨੂੰ ਉੱਥੇ ਦਾਖਲ ਕਰਵਾਇਆ ਗਿਆ ਹੈ ਅਤੇ ਸਾਰਿਆਂ ਦੀ ਹਾਲਤ ਸਥਿਰ ਹੈ। ਇਸ ਤੋਂ ਪਹਿਲਾਂ ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਗੋਲੀਆਂ ਦੀ ਆਵਾਜ਼ ਸੁਣਾਈ ਦੇਣ ਤੋਂ ਬਾਅਦ ਸੁਰੱਖਿਆ ਬਲ ਮੌਕੇ 'ਤੇ ਪਹੁੰਚ ਗਏ ਸਨ।

ਇਹ ਘਟਨਾ ਉਦੋਂ ਵਾਪਰੀ ਹੈ, ਜਦੋਂ ਕਸ਼ਮੀਰ ਸਾਲਾਂ ਤੋਂ ਅੱਤਵਾਦ ਦੀ ਮਾਰ ਝੱਲਣ ਤੋਂ ਬਾਅਦ ਸੈਲਾਨੀਆਂ ਦੀ ਆਮਦ ਵਿੱਚ ਵਾਧਾ ਦੇਖ ਰਿਹਾ ਹੈ। ਇਸ ਤੋਂ ਇਲਾਵਾ 38 ਦਿਨਾਂ ਦੀ ਅਮਰਨਾਥ ਯਾਤਰਾ ਵੀ 3 ਜੁਲਾਈ ਨੂੰ ਸ਼ੁਰੂ ਹੋਣ ਵਾਲੀ ਹੈ। ਦੇਸ਼-ਭਰ ਤੋਂ ਲੱਖਾਂ ਸ਼ਰਧਾਲੂ ਦੋ ਰੂਟਾਂ—ਦੱਖਣੀ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਵਿੱਚ ਰਵਾਇਤੀ 48 ਕਿੱਲੋਮੀਟਰ ਪਹਿਲਗਾਮ ਰਸਤਾ ਅਤੇ ਗੰਦਰਬਲ ਜ਼ਿਲ੍ਹੇ ਵਿੱਚ ਛੋਟਾ 14 ਕਿਲੋਮੀਟਰ ਦਾ ਪਰ ਖੜ੍ਹਵਾਂ ਬਾਲਟਾਲ ਰਸਤਾ—ਰਾਹੀਂ ਗੁਫਾ ਤੀਰਥ ਸਥਾਨ ਦੀ ਯਾਤਰਾ ਕਰਦੇ ਹਨ।

ਬਾਇਸਰਨ ਪਹਿਲਗਾਮ ਤੋਂ ਪੰਜ ਕਿੱਲੋਮੀਟਰ ਦੂਰ ਪਹਿਲਗਾਮ ਦੀ ਖ਼ੂਬਸੂਰਤ ਥਾਂ ਹੈ। ਘਾਹ ਦਾ ਇਹ ਮੈਦਾਨ ਦਿਓਦਾਰ ਦੇ ਦਰੱਖਤਾਂ ਨਾਲ ਘਿਰਿਆ ਹੋਇਆ ਹੈ। ਇੱਥੋਂ ਬਰਫ ਨਾਲ ਲੱਦੇ ਪਹਾੜ ਨਜ਼ਰ ਆਉਂਦੇ ਹਨ। ਪਹਿਲਗਾਮ ਦੀ ਸੈਰ ਕਰਨ ਵਾਲੇ ਇੱਥੇ ਜ਼ਰੂਰ ਜਾਂਦੇ ਹਨ, ਇਸ ਨੂੰ ਮਿੰਨੀ ਸਵਿਟਜ਼ਰਲੈਂਡ ਵੀ ਕਹਿੰਦੇ ਹਨ। ਟਰੈਕਰ ਇੱਥੋਂ ਤੁਲਿਅਨ ਲੇਕ ਤੱਕ ਟਰੈਕਿੰਗ ਵੀ ਕਰਦੇ ਹਨ।

## ਸੰਸਦ ਹੀ ਸੁਪਰੀਮ : ਧਨਖੜ; ਸੰਵਿਧਾਨ ਸੁਪਰੀਮ : ਸਿੱਬਲ



**ਨਵੀਂ ਦਿੱਲੀ** : ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਮੰਗਲਵਾਰ ਕਿਹਾ ਕਿ ਸੰਸਦ ਸਰਬਉੱਚ ਅਥਾਰਟੀ ਹੈ ਅਤੇ ਇਸ ਤੋਂ ਉੱਪਰ ਕੋਈ ਅਥਾਰਟੀ ਨਹੀਂ ਹੈ। ਇਹ ਇਸ ਲਈ ਹੈ, ਕਿਉਂਕਿ ਸੰਸਦ ਲਈ ਚੁਣੇ ਗਏ ਮੈਂਬਰ ਆਮ ਲੋਕਾਂ ਦੀ ਨੁਮਾਇੰਦਗੀ ਕਰਦੇ ਹਨ। ਸੰਸਦ ਮੈਂਬਰ ਹੀ ਸਭ ਕੁਝ ਹਨ, ਉਨ੍ਹਾਂ ਤੋਂ ਉੱਪਰ ਕੋਈ ਨਹੀਂ ਹੈ।

ਦਿੱਲੀ ਯੂਨੀਵਰਸਿਟੀ ਵਿੱਚ ਇੱਕ ਪ੍ਰੋਗਰਾਮ ਦੌਰਾਨ ਧਨਖੜ ਨੇ ਨਿਆਂ ਪਾਲਿਕਾ ਖ਼ਿਲਾਫ ਆਪਣੇ ਬਿਆਨਾਂ 'ਤੇ ਹੋਈ ਆਲੋਚਨਾ 'ਤੇ ਵੀ ਜਵਾਬੀ ਹਮਲਾ ਕੀਤਾ ਅਤੇ ਕਿਹਾ ਕਿ ਕਿਸੇ ਵੀ ਸੰਵਿਧਾਨਕ ਅਧਿਕਾਰੀ (ਆਪਣੇ ਬਾਰੇ) ਵੱਲੋਂ ਬੋਲਿਆ ਗਿਆ ਹਰ ਸ਼ਬਦ ਸਰਬਉੱਚ ਰਾਸ਼ਟਰੀ ਹਿੱਤ ਵਿੱਚ ਹੁੰਦਾ ਹੈ।

ਉਨ੍ਹਾ ਕਿਹਾ ਕਿ ਸੰਸਦ ਮੈਂਬਰਾਂ ਨੂੰ ਇਹ ਫੈਸਲਾ ਕਰਨ ਦਾ ਪੂਰਾ ਅਧਿਕਾਰ ਹੈ ਕਿ ਸੰਵਿਧਾਨ ਕਿਹੋ ਜਿਹਾ ਹੋਵੇਗਾ ਅਤੇ ਇਸ ਵਿੱਚ ਕਿਹੜੀਆਂ ਸੋਧਾਂ ਕੀਤੀਆਂ ਜਾਣੀਆਂ ਹਨ। ਉਸ ਤੋਂ ਉੱਪਰ ਕੋਈ ਨਹੀਂ। ਉਪ ਰਾਸ਼ਟਰਪਤੀ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ, ਜਦੋਂ ਲੋਕਾਂ ਦਾ ਇੱਕ ਵਰਗ ਸੁਪਰੀਮ ਕੋਰਟ 'ਤੇ ਉਨ੍ਹਾ ਦੀਆਂ ਟਿੱਪਣੀਆਂ ਦੀ ਆਲੋਚਨਾ ਕਰ ਰਿਹਾ ਹੈ।

ਧਨਖੜ ਨੇ 1975 ਵਿੱਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਲਗਾਈ ਗਈ ਐਮਰਜੈਂਸੀ ਦੌਰਾਨ ਅਦਾਲਤ ਦੀ ਭੂਮਿਕਾ 'ਤੇ ਵੀ ਸਵਾਲ ਉਠਾਏ। ਉਨ੍ਹਾ ਕਿਹਾ ਕਿ ਇੱਕ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਪ੍ਰਸਤਾਵਨਾ ਸੰਵਿਧਾਨ ਦਾ ਹਿੱਸਾ ਨਹੀਂ ਹੈ। ਇੱਕ ਹੋਰ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਕਿਹਾ ਕਿ ਇਹ ਸੰਵਿਧਾਨ ਦਾ ਹਿੱਸਾ ਹੈ, ਪਰ ਸੰਵਿਧਾਨ ਬਾਰੇ ਕੋਈ ਸ਼ੱਕ ਨਹੀਂ ਹੋਣਾ ਚਾਹੀਦਾ। ਚੁਣੇ ਹੋਏ ਨੁਮਾਇੰਦੇ ਸੰਵਿਧਾਨ ਦੇ ਅੰਤਮ ਮਾਲਕ ਹੋਣਗੇ, ਉਸ ਤੋਂ ਉੱਪਰ ਕੋਈ ਨਹੀਂ ਹੋ ਸਕਦਾ।

ਇਸੇ ਦੌਰਾਨ ਰਾਜ ਸਭਾ ਮੈਂਬਰ ਤੇ ਉੱਘੇ ਵਕੀਲ ਕਪਿਲ ਸਿੱਬਲ ਨੇ ਧਨਖੜ ਦੇ ਬਿਆਨ 'ਤੇ ਕਿਹਾ ਹੈ ਕਿ ਨਾ ਸੰਸਦ ਤੇ ਨਾ ਕਾਰਜ ਪਾਲਿਕਾ, ਸਗੋਂ ਸੰਵਿਧਾਨ ਸਰਬਉੱਚ ਹੈ। ਸਿੱਬਲ ਨੇ ਕਿਹਾ ਕਿ ਸੰਸਦ ਕੋਲ ਕਾਨੂੰਨ ਪਾਸ ਕਰਨ ਦੀ ਸ਼ਕਤੀ ਹੈ। ਸੁਪਰੀਮ ਕੋਰਟ ਨੇ ਸੰਵਿਧਾਨ ਦੀ ਵਿਆਖਿਆ ਕਰਨੀ ਹੁੰਦੀ ਹੈ ਅਤੇ ਮੁਕੰਮਲ ਨਿਆਂ ਕਰਨਾ ਹੁੰਦਾ ਹੈ। ਉਨ੍ਹਾ ਕਿਹਾ ਕਿ ਕੋਰਟ ਜੋ ਕਹਿੰਦੀ ਹੈ, ਉਹ ਸੰਵਿਧਾਨਕ ਕਦਰਾਂ-ਕੀਮਤਾਂ ਮੁਤਾਬਕ ਹੁੰਦਾ ਹੈ ਤੇ ਕੌਮੀ ਹਿੱਤਾਂ ਵੱਲੋਂ ਨਿਰਦੇਸ਼ਤ ਹੁੰਦਾ ਹੈ।

## ਸੁਪਰੀਮ ਕੋਰਟ ਨਿਸ਼ੀਕਾਂਤ ਦੂਬੇ ਖ਼ਿਲਾਫ ਪਟੀਸ਼ਨ 'ਤੇ ਸੁਣਵਾਈ ਲਈ ਸਹਿਮਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਭਾਜਪਾ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਵੱਲੋਂ ਸਿਖਰਲੀ ਕੋਰਟ ਅਤੇ ਭਾਰਤ ਦੇ ਚੀਫ ਜਸਟਿਸ ਸੰਜੀਵ ਖੰਨਾ ਬਾਰੇ ਕੀਤੀਆਂ ਆਲੋਚਨਾਤਮਕ ਟਿੱਪਣੀਆਂ ਦੇ ਹਵਾਲੇ ਨਾਲ ਦਾਇਰ ਪਟੀਸ਼ਨ 'ਤੇ ਅਗਲੇ ਹਫਤੇ ਸੁਣਵਾਈ ਲਈ ਸਹਿਮਤ ਹੋ ਗਈ ਹੈ। ਇਸ ਮਾਮਲੇ ਨੂੰ ਜਸਟਿਸ ਬੀ ਆਰ ਗਵਈ ਅਤੇ ਜਸਟਿਸ ਅਗਸਟੀਨ ਜੌਰਜ ਮਸੀਹ ਦੀ ਬੈਂਚ ਅੱਗੇ ਫੌਰੀ ਸੂਚੀਬੱਧ ਕਰਨ ਲਈ ਕਿਹਾ ਗਿਆ ਸੀ।

ਵਕੀਲ ਨੇ ਬੈਂਚ ਨੂੰ ਦੱਸਿਆ ਕਿ ਦੂਬੇ ਨੇ ਕਿਹਾ ਸੀ ਕਿ ਚੀਫ ਜਸਟਿਸ ਦੇਸ਼ ਵਿੱਚ ਖਾਨਾਜੰਗੀ ਲਈ ਜ਼ਿੰਮੇਵਾਰ ਹੈ ਅਤੇ ਉਸ ਦੀਆਂ ਟਿੱਪਣੀਆਂ ਵਾਲਾ ਵੀਡੀਓ ਵਾਇਰਲ ਹੋਣ ਤੋਂ ਬਾਅਦ, ਸੋਸ਼ਲ ਮੀਡੀਆ 'ਤੇ ਸੁਪਰੀਮ ਕੋਰਟ ਲਈ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਜਾ ਰਹੀ ਹੈ। ਵਕੀਲ ਨੇ ਕਿਹਾ, "ਇਹ ਬਹੁਤ ਹੀ ਗੰਭੀਰ ਮੁੱਦਾ ਹੈ।" ਜਸਟਿਸ ਗਵਈ ਨੇ ਕਿਹਾ, "ਤੁਸੀਂ ਕੀ ਦਾਇਰ ਕਰਨਾ ਚਾਹੁੰਦੇ ਹੋ? ਤੁਸੀਂ ਇੱਕ ਹੱਤਕ ਪਟੀਸ਼ਨ ਦਾਇਰ ਕਰਨਾ ਚਾਹੁੰਦੇ ਹੋ?" ਵਕੀਲ, ਜੋ ਪਹਿਲਾਂ ਹੀ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰ ਚੁੱਕਾ ਹੈ, ਨੇ ਕਿਹਾ ਕਿ ਸਰਕਾਰ ਦੂਬੇ ਵਿਰੁੱਧ ਕਾਰਵਾਈ ਨਹੀਂ ਕਰ ਰਹੀ ਹੈ। ਵਕੀਲ ਨੇ ਕਿਹਾ ਕਿ ਉਨ੍ਹਾ ਦੇ ਇੱਕ ਸਾਥੀ ਨੇ ਅਟਾਰਨੀ ਜਨਰਲ ਆਰ ਵੈਂਕਟਰਮਨੀ ਨੂੰ ਪੱਤਰ ਲਿਖ ਕੇ ਦੂਬੇ ਵਿਰੁੱਧ ਹੱਤਕ ਕਾਰਵਾਈ ਸ਼ੁਰੂ ਕਰਨ ਲਈ ਸਹਿਮਤੀ ਮੰਗੀ ਸੀ, ਪਰ ਅੱਜ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।

ਵਕੀਲ ਨੇ ਕਿਹਾ, "ਮਸਲਾ ਇਹ ਹੈ ਕਿ ਘੱਟੋ-ਘੱਟ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਇਹ ਵੀਡੀਓ ਹਟਾਉਣ ਲਈ ਨਿਰਦੇਸ਼ ਦਿੱਤੇ ਜਾਣ।" ਇਸ 'ਤੇ ਬੈਂਚ ਨੇ ਕਿਹਾ ਕਿ ਮਾਮਲਾ ਅਗਲੇ ਹਫਤੇ ਸੁਣਵਾਈ ਲਈ ਸੂਚੀਬੱਧ ਕੀਤਾ ਜਾਵੇਗਾ।

## ਸਾਬਕਾ ਡੀ ਜੀ ਪੀ ਦੀ ਪਤਨੀ ਗ੍ਰਿਫ਼ਤਾਰ

**ਬੇਂਗਲੁਰੂ** : ਕਰਨਾਟਕ ਦੇ ਸਾਬਕਾ ਡੀ ਜੀ ਪੀ ਓਮ ਪ੍ਰਕਾਸ਼ ਦੇ ਕਤਲ ਦੇ ਮਾਮਲੇ ਦੀ ਜਾਂਚ ਕਰ ਰਹੀ ਪੁਲਸ ਨੇ ਉਸ ਦੇ ਪੁੱਤਰ ਕਾਰਤੀਕੇਸ਼ ਦੀ ਸ਼ਿਕਾਇਤ 'ਤੇ ਉਸ ਦੀ ਮਾਂ ਪੱਲਵੀ (64) ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਸ ਨੂੰ ਸ਼ੱਕ ਹੈ ਕਿ ਉਸ ਦੀ ਮਾਂ ਅਤੇ ਭੈਣ ਇਸ ਕਤਲ ਵਿੱਚ ਸ਼ਾਮਲ ਸਨ। ਇਸ ਦੌਰਾਨ ਜਦੋਂ ਪੁਲਸ ਪੱਲਵੀ ਨੂੰ ਅਪਰਾਧ ਵਾਲੀ ਥਾਂ 'ਤੇ ਲੈ ਕੇ ਗਈ ਤਾਂ ਉਸ ਨੇ ਉੱਥੇ ਮੌਜੂਦ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਕਦਮ ਘਰੇਲੂ ਹਿੰਸਾ ਕਾਰਨ ਚੁੱਕਿਆ।

## ਬਾਜਵਾ ਦੀ ਗ੍ਰਿਫ਼ਤਾਰੀ 'ਤੇ ਰੋਕ ਵਧੀ

**ਚੰਡੀਗੜ੍ਹ** : ਪੰਜਾਬ ਵਿੱਚ ਆਏ ਬੰਬਾਂ ਵਾਲੇ ਕੇਸ 'ਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਗ੍ਰਿਫ਼ਤਾਰੀ 'ਤੇ ਲੱਗੀ ਰੋਕ ਜਾਰੀ ਰੱਖਣ ਦਾ ਹੁਕਮ ਦਿੱਤਾ ਹੈ। ਮੰਗਲਵਾਰ ਸੁਣਵਾਈ ਦੌਰਾਨ ਸਰਕਾਰ ਵੱਲੋਂ ਦਾਖਲ ਕੀਤੀ ਗਈ ਸਟੇਟਸ ਰਿਪੋਰਟ ਵਿੱਚ ਮਾਮਲੇ ਦੀ ਤਫਤੀਸ਼ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਨੂੰ ਕੋਰਟ ਨੇ ਨੋਟ ਕਰ ਲਿਆ। ਅਗਲੀ ਸੁਣਵਾਈ 7 ਮਈ ਨੂੰ ਹੋਵੇਗੀ।

## ਹੈਰੋਇਨ ਸਣੇ ਗ੍ਰਿਫ਼ਤਾਰ




**ਅੰਮ੍ਰਿਤਸਰ** : ਬੀ ਐੱਸ ਐੱਫ ਨੇ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ ਸੀ ਬੀ) ਨਾਲ ਮਿਲ ਕੇ ਸੋਮਵਾਰ ਰਾਤ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਰਣੀਆਂ ਦੇ ਇੱਕ ਘਰ 'ਚ ਛਾਪਾ ਮਾਰ ਕੇ ਵਿਹੜੇ ਵਿੱਚ ਇੱਟਾਂ ਹੇਠ ਲੁਕਾਏ ਹੋਏ ਹੈਰੋਇਨ ਦੇ 2 ਪੈਕੇਟਾਂ (804 ਗ੍ਰਾਮ) ਸਮੇਤ ਤਸਕਰ ਨੂੰ ਗ੍ਰਿਫ਼ਤਾਰ ਕੀਤਾ। ਉਸ ਦੇ ਕਬਜ਼ੇ ਵਿੱਚੋਂ ਇੱਕ ਕੀਪੈਡ ਮੋਬਾਈਲ ਫੋਨ ਵੀ ਬਰਾਮਦ ਕੀਤਾ ਗਿਆ।

## ਟਰੇਨੀ ਪਾਇਲਟ ਦੀ ਮੌਤ



**ਅਮਰੇਲੀ** : ਗੁਜਰਾਤ ਦੇ ਅਮਰੇਲੀ ਜ਼ਿਲ੍ਹੇ ਦੇ ਇੱਕ ਰਿਹਾਇਸ਼ੀ ਖੇਤਰ 'ਚ ਮੰਗਲਵਾਰ ਦੁਪਹਿਰ ਨਿੱਜੀ ਹਵਾਬਾਜ਼ੀ ਅਕੈਡਮੀ ਨਾਲ ਸੰਬੰਧਤ ਟਰੇਨਰ ਜਹਾਜ਼ ਦੇ ਹਾਦਸਾਗ੍ਰਸਤ ਹੋਣ ਅਤੇ ਅੱਗ ਲੱਗਣ ਕਾਰਨ ਟਰੇਨੀ ਪਾਇਲਟ ਦੀ ਮੌਤ ਹੋ ਗਈ। ਉਹ ਇਕੱਲਾ ਉਡਾਣ ਭਰ ਰਿਹਾ ਸੀ। ਜਹਾਜ਼ ਖੁੱਲ੍ਹੇ ਪਲਾਟ ਵਿੱਚ ਡਿੱਗਣ ਤੋਂ ਪਹਿਲਾਂ ਦਰੱਖਤ 'ਚ ਵੱਜਾ। ਦਿੱਲੀ ਦੀ ਹਵਾਬਾਜ਼ੀ ਅਕੈਡਮੀ ਅਮਰੇਲੀ ਹਵਾਈ ਅੱਡੇ ਤੋਂ ਪਾਇਲਟ ਸਿਖਲਾਈ ਪ੍ਰਦਾਨ ਕਰਦੀ ਹੈ।

## ਇੱਕ ਹੋਰ ਪਾਦਰੀ ਖ਼ਿਲਾਫ ਜਬਰ-ਜ਼ਨਾਹ ਦਾ ਕੇਸ ਦਰਜ

**ਡੇਰਾ ਬਾਬਾ ਨਾਨਕ** : ਇੱਥੇ 22 ਸਾਲਾ ਕੁੜੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਡੇਰਾ ਬਾਬਾ ਨਾਨਕ ਪੁਲਸ ਸਟੇਸ਼ਨ ਵਿੱਚ ਇੱਕ ਪਾਸਟਰ ਅਤੇ 12 ਹੋਰ ਵਿਅਕਤੀਆਂ 'ਤੇ ਜਬਰ-ਜ਼ਨਾਹ ਅਤੇ ਅਗਵਾ ਕਰਨ ਦੇ ਦੋਸ਼ਾਂ ਹੇਠ ਕੇਸ ਦਰਜ ਕੀਤਾ ਗਿਆ ਹੈ। ਪੀੜਤਾ ਨੇ ਦੋਸ਼ ਲਗਾਇਆ ਕਿ ਪਾਸਟਰ ਮਨਜੀਤ ਸਿੰਘ ਨੇ ਉਸ ਨੂੰ ਕੁੱਟਿਆ ਅਤੇ ਧਰਮ ਪਰਿਵਰਤਨ ਲਈ ਮਜਬੂਰ ਕੀਤਾ। ਮਨਜੀਤ ਸਿੰਘ ਤੋਂ ਇਲਾਵਾ ਹੋਰ ਮੁਲਜ਼ਮ ਉਸ ਦੇ ਪਿਤਾ ਸਵਾਰ ਮਸੀਹ, ਭੈਣਾਂ ਕਾਜਲ, ਰੀਨਾ ਅਤੇ ਜੀਨਾ, ਪੀੜਤਾ ਦੇ ਚਚੇਰੇ ਭਰਾ, ਨਪਿੰਦਰ ਸਿੰਘ, ਪਰਵੇਜ਼ ਮਸੀਹ, ਹੈਪੀ ਮਸੀਹ, ਰਾਜਿੰਦਰ ਸਿੰਘ ਅਤੇ ਰਿਮੀ ਹਨ। ਦੋ ਅਣਪਛਾਤੇ ਵਿਅਕਤੀ ਵੀ ਕੇਸ 'ਚ ਨਾਮਜ਼ਦ ਕੀਤੇ ਗਏ ਹਨ। ਸੂਬੇ ਦੀ ਇਹ ਤੀਜੀ ਘਟਨਾ ਹੈ, ਜਿਸ ਵਿਚ ਈਸਾਈ ਪਾਸਟਰ ਸ਼ਾਮਲ ਹਨ। ਇਸ ਤੋਂ ਪਹਿਲਾਂ ਮੁਹਾਲੀ ਦੇ ਬਜਿੰਦਰ ਸਿੰਘ ਨੂੰ ਜਬਰ-ਜ਼ਨਾਹ ਦੇ ਦੋਸ਼ਾਂ ਵਿੱਚ ਸਜ਼ਾ ਸੁਣਾਈ ਗਈ ਸੀ। ਇਕ ਹੋਰ ਕੇਸ ਵਿੱਚ ਗੁਰਦਾਸਪੁਰ ਦੇ ਜਸ਼ਨ ਗਿੱਲ ਨੂੰ ਇਸੇ ਤਰ੍ਹਾਂ ਦੇ ਅਪਰਾਧਾਂ 'ਚ ਹਿਰਾਸਤ ਵਿਚ ਲਿਆ ਗਿਆ ਸੀ। ਡੇਰਾ ਬਾਬਾ ਨਾਨਕ ਪੁਲਸ ਸਟੇਸ਼ਨ ਵਿੱਚ ਦਰਜ ਕੀਤੀ ਗਈ ਐੱਫ ਆਈ ਆਰ ਵਿੱਚ ਭਾਰਤੀ ਨਿਆਂ ਸੰਹਿਤਾ (ਬੀ ਐੱਨ ਐੱਸ) ਦੀਆਂ ਧਾਰਾਵਾਂ 70, 127 (4) ਅਤੇ 61 (2) ਲਗਾਈਆਂ ਗਈਆਂ ਹਨ।

ਸ਼ਿਕਾਇਤਕਰਤਾ ਨੇ ਆਪਣੀ ਪਟੀਸ਼ਨ ਵਿਚ ਕਿਹਾ ਹੈ, "ਸਵਾਰ ਮਸੀਹ ਨੇ ਮੇਰੇ ਚਚੇਰੇ ਭਰਾ ਨਪਿੰਦਰ ਸਿੰਘ ਤੋਂ ਮੇਰੀ ਆਈ ਡੀ ਪ੍ਰਾਪਤ ਕੀਤੀ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਤੋਂ ਮੇਰਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। 19 ਜਨਵਰੀ ਨੂੰ ਸਵਾਰ ਅਤੇ ਉਸ ਦੇ ਪਰਵਾਰਕ ਮੈਂਬਰਾਂ ਨੇ ਮੈਨੂੰ ਮੇਰੇ ਘਰੋਂ ਅਗਵਾ ਕਰ ਲਿਆ ਅਤੇ ਤੇਜ਼ਧਾਰ ਹਥਿਆਰਾਂ ਨਾਲ ਧਮਕੀਆਂ ਦਿੱਤੀਆਂ। ਬਾਅਦ ਵਿੱਚ ਉਹ ਮੈਨੂੰ ਇੱਕ ਅਣਜਾਣ ਥਾਂ 'ਤੇ ਲੈ ਗਏ, ਜਿੱਥੇ ਮੈਨੂੰ ਤਿੰਨ ਮਹੀਨਿਆਂ ਤੱਕ ਰੱਖਿਆ ਗਿਆ ਅਤੇ ਵਾਰ-ਵਾਰ ਜਬਰ-ਜ਼ਨਾਹ ਕੀਤਾ ਗਿਆ। ਪਾਦਰੀ ਮਨਜੀਤ ਸਿੰਘ ਵੀ ਉੱਥੇ ਆਏ ਅਤੇ ਕਿਹਾ ਕਿ ਹੁਣ ਤੋਂ ਮੈਂ ਇੱਕ ਈਸਾਈ ਹਾਂ। ਕਿਸੇ ਤਰ੍ਹਾਂ ਮੈਂ 13 ਅਪ੍ਰੈਲ ਨੂੰ ਭੱਜਣ ਵਿਚ ਕਾਮਯਾਬ ਹੋ ਗਈ ਜਦੋਂ ਸਵਾਰ ਅਤੇ ਉਸ ਦਾ ਪਰਵਾਰ ਬਾਹਰ ਚਲੇ ਗਏ ਸਨ ਅਤੇ ਮੈਨੂੰ ਘਰ ਦੇ ਅੰਦਰ ਬੰਦ ਕਰਨਾ ਭੁੱਲ ਗਏ ਸਨ।"

ਐੱਸ ਐੱਸ ਪੀ ਸੁਹੇਲ ਕਾਸਿਮ ਮੀਰ ਨੇ ਕਿਹਾ ਕਿ ਉਨ੍ਹਾ ਕਈ ਜਾਂਚ ਟੀਮਾਂ ਬਣਾਈਆਂ ਹਨ ਅਤੇ ਉਮੀਦ ਹੈ ਕਿ ਜਲਦੀ ਹੀ ਸਾਰੇ ਦੋਸ਼ੀਆਂ ਨੂੰ ਫੜ ਲਵਾਂਗੇ।

## ਸ਼ਰਾਰਤੀ ਸ਼ਰਬਤੀ ਬਾਬੇ ਦੀ ਝਾੜਝੰਬ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਯੋਗ ਗੁਰੂ ਰਾਮਦੇਵ ਵੱਲੋਂ ਹਮਦਰਦ ਦੇ ਰੂਹ ਅਫਜ਼ਾ ਬਾਰੇ 'ਸ਼ਰਬਤ ਜਿਹਾਦ' ਟਿੱਪਣੀ ਵਾਲੇ ਬਿਆਨ 'ਤੇ ਮੰਗਲਵਾਰ ਸਖਤ ਇਤਰਾਜ਼ ਜਤਾਇਆ। ਜਸਟਿਸ ਅਮਿਤ ਬਾਂਸਲ ਨੇ ਸੁਣਵਾਈ ਦੌਰਾਨ ਕਿਹਾ, "ਇਹ ਅਦਾਲਤ ਦੀ ਜ਼ਮੀਰ ਨੂੰ ਝੰਜੋੜਦਾ ਹੈ। ਇਹ ਬਿਆਨ ਕਿਸੇ ਤਰ੍ਹਾਂ ਵੀ ਬਚਾਅ ਦਾ ਹੱਕਦਾਰ ਨਹੀਂ ਹੈ।" ਉਨ੍ਹਾ ਰਾਮਦੇਵ ਦੇ ਵਕੀਲ ਨੂੰ ਕਿਹਾ, "ਤੁਸੀਂ ਆਪਣੇ ਮੁਵੱਕਿਲ ਤੋਂ ਨਿਰਦੇਸ਼ ਲਵੋ, ਨਹੀਂ ਤਾਂ ਇਹ ਕੋਰਟ ਸਖਤ ਹੁਕਮ ਪਾਸ ਕਰੇਗੀ।" ਫਾਜ਼ਲ ਜੱਜ ਨੇ ਉਪਰੋਕਤ ਟਿੱਪਣੀ ਹਮਦਰਦ ਨੈਸ਼ਨਲ ਫਾਊਂਡੇਸ਼ਨ (ਇੰਡੀਆ) ਵੱਲੋਂ ਰਾਮਦੇਵ ਦੀ ਕੰਪਨੀ ਪਤੰਜਲੀ ਫੂਡਜ਼ ਲਿਮਟਿਡ ਵਿਰੁੱਧ ਦਾਇਰ ਪਟੀਸ਼ਨ ਦੀ ਸੁਣਵਾਈ ਦੌਰਾਨ ਕੀਤੀ। ਹਮਦਰਦ ਵੱਲੋਂ ਅਦਾਲਤ ਨੂੰ ਦੱਸਿਆ ਗਿਆ ਕਿ ਹਾਲ ਹੀ ਵਿੱਚ ਰਾਮਦੇਵ ਨੇ ਪਤੰਜਲੀ ਦੇ ਗੁਲਾਬ ਸ਼ਰਬਤ ਦਾ ਪ੍ਰਚਾਰ ਕਰਦੇ ਹੋਏ ਕਿਹਾ ਸੀ ਕਿ "ਹਮਦਰਦ ਦੇ ਰੂਹ ਅਫਜ਼ਾ ਤੋਂ ਕਮਾਏ ਪੈਸੇ ਨੂੰ ਮਦਰੱਸਿਆਂ ਅਤੇ ਮਸਜਿਦਾਂ ਦੇ ਨਿਰਮਾਣ ਵਿੱਚ ਲਗਾਇਆ ਜਾਂਦਾ ਹੈ।" ਰਾਮਦੇਵ ਨੇ ਹਾਲਾਂਕਿ ਮਗਰੋਂ ਆਪਣੇ ਬਿਆਨ ਦਾ ਬਚਾਅ ਕਰਦੇ ਹੋਏ ਕਿਹਾ ਕਿ ਉਸ ਨੇ ਕਿਸੇ ਬ੍ਰਾਂਡ ਜਾਂ ਭਾਈਚਾਰੇ ਦਾ ਨਾਂਅ ਨਹੀਂ ਲਿਆ ਸੀ। ਹਮਦਰਦ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਦਲੀਲ ਦਿੱਤੀ ਕਿ ਇਹ ਮਾਮਲਾ ਸਿਰਫ ਮੁਕਾਬਲੇਬਾਜ਼ੀ ਦੀ ਆਲੋਚਨਾ ਬਾਰੇ ਨਹੀਂ ਹੈ, ਸਗੋਂ ਫਿਰਕੂ ਪਾੜਾ ਵਧਾਉਣ ਬਾਰੇ ਹੈ। ਉਨ੍ਹਾ ਕਿਹਾ, "ਇਹ ਨਫਰਤ-ਭਰਿਆ ਭਾਸ਼ਣ ਹੈ। ਉਹ ਕਹਿੰਦੇ ਹਨ ਕਿ ਇਹ 'ਸ਼ਰਬਤ ਜਿਹਾਦ' ਹੈ। ਉਨ੍ਹਾ ਨੂੰ ਆਪਣਾ ਕੰਮ ਕਰਨ ਦਿਓ, ਉਹ ਸਾਨੂੰ ਕਿਉਂ ਨਿਸ਼ਾਨਾ ਬਣਾ ਰਹੇ ਹਨ?"

## 21ਵੀਂ ਸਦੀ ਦਾ ਭਵਿੱਖ ਭਾਰਤ ਤੇ ਅਮਰੀਕਾ ਨਿਰਧਾਰਤ ਕਰਨਗੇ : ਵੈਂਸ



**ਜੈਪੁਰ** : ਅਮਰੀਕਾ ਦੇ ਉਪ ਰਾਸ਼ਟਰਪਤੀ ਜੇ ਡੀ ਵੈਂਸ ਨੇ ਦੋਵਾਂ ਦੇਸ਼ਾਂ ਵਿਚਕਾਰ ਮਜ਼ਬੂਤ ਸੰਬੰਧਾਂ ਦੇ ਦ੍ਰਿਸ਼ਟੀਕੋਣ ਨੂੰ ਦਰਸਾਇਆ ਅਤੇ ਭਾਰਤ ਨੂੰ ਆਪਣੇ ਬਾਜ਼ਾਰਾਂ ਤੱਕ ਵਧੇਰੇ ਪਹੁੰਚ ਦੇਣ, ਵਧੇਰੇ ਅਮਰੀਕੀ ਊਰਜਾ ਅਤੇ ਰੱਖਿਆ ਹਾਰਡਵੇਅਰ ਖਰੀਦਣ ਦਾ ਸੱਦਾ ਦਿੱਤਾ। ਇੱਥੇ ਇਕ ਸਮਾਗਮ ਵਿੱਚ ਸੰਬੋਧਨ ਕਰਦਿਆਂ ਵੈਂਸ ਨੇ ਕਿਹਾ ਕਿ ਉੱਚ ਤਕਨਾਲੋਜੀ, ਰੱਖਿਆ, ਵਪਾਰ ਅਤੇ ਊਰਜਾ ਸਮੇਤ ਵਿਭਿੰਨ ਖੇਤਰਾਂ ਵਿੱਚ ਅਮਰੀਕਾ ਅਤੇ ਭਾਰਤ ਇਕੱਠੇ ਬਹੁਤ ਕੁਝ ਪ੍ਰਾਪਤ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਭਾਰਤ ਅਤੇ ਅਮਰੀਕਾ ਦੋਵੇਂ ਸਾਂਝੀਆਂ ਤਰਜੀਹਾਂ ਦੇ ਅਧਾਰ 'ਤੇ ਇਕ ਦੁਵੱਲੇ ਵਪਾਰ ਸਮਝੌਤੇ ਵੱਲ ਕੰਮ ਕਰ ਰਹੇ ਹਨ। ਉਨ੍ਹਾ ਕਿਹਾ ਕਿ 21ਵੀਂ ਸਦੀ ਦਾ ਭਵਿੱਖ ਭਾਰਤ ਅਤੇ ਅਮਰੀਕਾ ਦੀ ਤਾਕਤ ਦੁਆਰਾ ਨਿਰਧਾਰਤ ਕੀਤਾ ਜਾਵੇਗਾ। ਵੈਂਸ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਵਪਾਰ ਅਤੇ ਟੈਕਸ ਬਾਰੇ ਨੀਤੀ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਵਪਾਰਕ ਸੰਬੰਧ ਨਿਰਪੱਖਤਾ 'ਤੇ ਅਧਾਰਤ ਹੋਣੇ ਚਾਹੀਦੇ ਹਨ।

ਉਨ੍ਹਾ ਕਿਹਾ, 'ਅਸੀਂ ਇਕ ਚਮਕਦਾਰ ਨਵੀਂ ਦੁਨੀਆ ਬਣਾਉਣਾ ਚਾਹੁੰਦੇ ਹਾਂ ਅਤੇ ਰਾਸ਼ਟਰਪਤੀ ਟਰੰਪ ਵਿਸ਼ਵਵਿਆਪੀ ਵਪਾਰ ਨੂੰ ਮੁੜ ਸੰਤੁਲਤ ਕਰਨ ਦੀ ਕੋਸ਼ਿਸ਼ ਕਰਦੇ ਹਨ, ਤਾਂ ਜੋ ਅਮਰੀਕਾ ਭਾਰਤ ਵਰਗੇ ਦੋਸਤਾਂ ਨਾਲ ਇਕ ਬਿਹਤਰ ਭਵਿੱਖ ਬਣਾ ਸਕੇ।'

## ਹਿਮਾਚਲ ਦੇ ਤਿੰਨ ਨੌਜਵਾਨਾਂ ਦੀ ਹਾਦਸੇ 'ਚ ਮੌਤ



**ਅੰਮ੍ਰਿਤਸਰ** : ਇੱਥੇ ਐਲੀਵੇਟਡ ਰੋਡ 'ਤੇ ਮੋਟਰਸਾਈਕਲ ਅਤੇ ਕਾਰ ਵਿਚਾਲੇ ਹੋਈ ਟੱਕਰ ਦੌਰਾਨ 3 ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕ ਹਿਮਾਚਲ ਦੇ ਰਹਿਣ ਵਾਲੇ ਸਨ, ਜਿਨ੍ਹਾਂ ਦੀ ਪਛਾਣ ਕਾਂਗੜਾ ਦੇ ਵਿਸ਼ੇਸ਼ ਸ਼ਰਮਾ, ਹਮੀਰਪੁਰ ਦੇ ਅਭਿਸ਼ੇਕ ਅਤੇ ਵਿਵੇਕ ਸ਼ਰਮਾ ਵਜੋਂ ਹੋਈ ਹੈ। ਮੁਢਲੀ ਪੁਲਸ ਜਾਂਚ ਮੁਤਾਬਕ ਇਹ ਨੌਜਵਾਨ ਜਹਾਜ਼ਗੜ੍ਹ ਇਲਾਕੇ ਦੇ ਨੇੜੇ ਗਲਤ ਪਾਸੇ ਤੋਂ ਐਲੀਵੇਟਿਡ ਰੋਡ 'ਤੇ ਚੜ੍ਹ ਗਏ ਅਤੇ ਬਾਅਦ ਵਿੱਚ ਗਲਤ ਸਾਈਡ ਤੋਂ ਹੀ ਨੈਕਸਸ ਮਾਲ ਵਾਲੇ ਪਾਸੇ ਚਲੇ ਗਏ। ਇਸ ਦੌਰਾਨ ਉਹ ਨੈਕਸਸ ਮਾਲ ਵਾਲੇ ਪਾਸੇ ਤੋਂ ਆ ਰਹੀ ਕਾਰ ਨਾਲ ਟਕਰਾ ਗਏ। ਕਾਰ ਪੁਲਸਮੈਨ ਚਲਾ ਰਿਹਾ ਸੀ।

## ਦਰਜਾ-4 ਮੁਲਾਜ਼ਮਾਂ ਨੂੰ ਕਣਕ ਖਰੀਦਣ ਵਾਸਤੇ 9700 ਰੁਪਏ ਦਾ ਵਿਆਜ-ਮੁਕਤ ਕਰਜ਼ਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਵਿੱਤੀ ਸਾਲ 2025-26 ਲਈ ਦਰਜਾ-4 (ਗਰੁੱਪ-ਡੀ) ਦੇ ਕਰਮਚਾਰੀਆਂ ਲਈ ਕਣਕ ਖਰੀਦਣ ਵਾਸਤੇ ਵਿਆਜ ਮੁਕਤ ਕਰਜ਼ਾ ਵਧਾ ਕੇ 9700 ਰੁਪਏ ਕਰ ਦਿੱਤਾ ਗਿਆ ਹੈ।

ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਦਰਜਾ-4 ਮੁਲਾਜ਼ਮਾਂ ਲਈ ਇਸ ਮਹੱਤਵਪੂਰਨ ਵਿੱਤੀ ਸਹਾਇਤਾ ਵਿੱਚ ਲਗਾਤਾਰ ਵਾਧਾ ਕਰਦਿਆਂ ਕਣਕ ਖਰੀਦਣ ਵਾਸਤੇ ਵਿਆਜ ਮੁਕਤ ਕਰਜ਼ੇ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 21.25 ਫੀਸਦੀ ਦਾ ਵਾਧਾ ਕੀਤਾ ਹੈ। ਉਨ੍ਹਾ ਕਿਹਾ ਕਿ ਮੌਜੂਦਾ ਸਰਕਾਰ ਦੀ ਇਸ ਅਗਾਂਹਵਧੂ ਪਹੁੰਚ ਦੇ ਉਲਟ ਪਿਛਲੀ ਕਾਂਗਰਸ ਸਰਕਾਰ ਵੱਲੋਂ ਇਸ ਵਰਗ ਦੀ ਅਣਦੇਖੀ ਕੀਤੀ ਜਾਂਦੀ ਰਹੀ।

ਵਿੱਤ ਮੰਤਰੀ ਨੇ ਕਿਹਾ ਕਿ ਦਰਜਾ-4 ਦੇ ਹਰੇਕ ਯੋਗ ਕਰਮਚਾਰੀ ਨੂੰ 9700 ਰੁਪਏ ਦਾ ਵਿਆਜ ਮੁਕਤ ਕਰਜ਼ਾ ਦਿੱਤਾ ਜਾਵੇਗਾ, ਜਿਸ ਨਾਲ ਉਹ ਮੌਜੂਦਾ ਸਰਕਾਰੀ ਦਰ 'ਤੇ 2425 ਰੁਪਏ ਪ੍ਰਤੀ ਕੁਇੰਟਲ ਪ੍ਰਤੀ ਪਰਵਾਰ ਚਾਰ ਕੁਇੰਟਲ ਦੇ ਹਿਸਾਬ ਨਾਲ ਕਣਕ ਦੀ ਖਰੀਦ ਕਰ ਸਕਣਗੇ। ਇਹ ਕਰਜ਼ਾ ਜੂਨ 2025 (ਜੁਲਾਈ 2025 ਵਿੱਚ ਭੁਗਤਾਨ ਯੋਗ) ਦੀ ਤਨਖ਼ਾਹ ਤੋਂ ਸ਼ੁਰੂ ਹੋ ਕੇ ਇਸੇ ਵਿੱਤੀ ਸਾਲ ਦੇ ਅੰਦਰ ਮੁਕੰਮਲ ਵਸੂਲੀ ਨੂੰ ਯਕੀਨੀ ਬਣਾਉਂਦੇ ਹੋਏ ਆਸਾਨ ਅੱਠ ਬਰਾਬਰ ਮਾਸਿਕ ਕਿਸ਼ਤਾਂ ਵਿੱਚ ਵਸੂਲਿਆ ਜਾਵੇਗਾ। ਉਨ੍ਹਾ ਕਿਹਾ ਕਿ ਪ੍ਰਵਾਨਤ ਰਾਸ਼ੀ 29 ਮਈ ਤੱਕ ਸੂਬਾ ਸਰਕਾਰ ਦੇ ਖਜ਼ਾਨੇ ਵਿੱਚੋਂ ਜਾਰੀ ਕਰ ਦਿੱਤੀ ਜਾਵੇਗੀ।

## ਅੱਜ-ਨਾਮਾ

ਰਾਮਦੇਵ ਫਿਰ ਆਇਆ ਹੈ ਮਾਰ ਅੰਦਰ,
ਹਾਈ ਕੋਰਟ ਵਿੱਚ ਗਈ ਆ ਬਾਤ ਬੇਲੀ।
ਸੁਣਿਆ ਕੇਸ ਤਾਂ ਗੁੱਸੇ ਵਿੱਚ ਜੱਜ ਆਏ,
ਪਹਿਲੀ ਮਾਰ ਕੇ ਫਾਈਲ 'ਤੇ ਝਾਤ ਬੇਲੀ।
ਕਹਿੰਦੇ ਜਿੰਦਾਂ ਦੀ ਯੋਗੀ ਆ ਗੱਲ ਆਖੀ,
ਇਹ ਤੇ ਸਮਾਜ ਦਾ ਕਰੂਗੀ ਘਾਤ ਬੇਲੀ।
ਚੋਲਾ ਸਾਧਾਂ ਦਾ, ਜ਼ਹਿਰ ਉਗਲੱਛਦਾ ਈ,
ਲਈ ਅਦਾਲਤ ਨੇ ਸਮਝ ਔਕਾਤ ਬੇਲੀ।
ਬੰਦਾ ਜਿੰਦਾਂ ਦੀ ਸੰਗਤ ਦੇ ਨਾਲ ਰਹਿੰਦਾ,
ਲੱਗਦਾ ਉਹੋ ਫਿਰ ਕਰਨ ਵਿਹਾਰ ਬੇਲੀ।
ਜ਼ਹਿਰ ਐਵੇਂ ਉਗਲੱਛਦਾ ਨਹੀਂ ਫਿਰਦਾ,
ਸਾਰੇ ਇਹੋ ਜਿਹੇ ਉਹਦੇ ਨੇ ਯਾਰ ਬੇਲੀ।

-ਤੀਸ ਮਾਰ ਖਾਂ

## ਸ਼ਕਤੀ ਦੂਬੇ ਸਿਵਲ ਸੇਵਾਵਾਂ ਪ੍ਰੀਖਿਆ 'ਚ ਅੱਵਲ ਰਹੀ, ਟਾਪ ਪੰਜ 'ਚ ਤਿੰਨ ਧੀਆਂ



ਸ਼ਕਤੀ ਦੂਬੇ — ਆਰੁਸ਼ੀ — ਸਿਦਕ ਸਿੰਘ

**ਨਵੀਂ ਦਿੱਲੀ** : ਮੰਗਲਵਾਰ ਨਿਕਲੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦੇ ਸਿਵਲ ਸੇਵਾਵਾਂ ਪ੍ਰੀਖਿਆ-2024 ਦੇ ਨਤੀਜੇ ਵਿੱਚ ਯੂ ਪੀ ਦੇ ਪ੍ਰਯਾਗਰਾਜ ਦੀ ਸ਼ਕਤੀ ਦੂਬੇ ਨੇ ਟਾਪ ਕੀਤਾ ਹੈ। ਦੂਬੇ ਨੇ ਇਲਾਹਾਬਾਦ ਯੂਨੀਵਰਸਿਟੀ ਤੋਂ ਬਾਇਓਕੈਮਿਸਟਰੀ ਵਿੱਚ ਗ੍ਰੈਜੂਏਸ਼ਨ (ਬੈਚਲਰ ਆਫ ਸਾਇੰਸ) ਕੀਤੀ ਸੀ। ਕਮਿਸ਼ਨ ਵੱਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਹੈ ਕਿ ਰਾਜਨੀਤੀ ਸ਼ਾਸਤਰ ਅਤੇ ਅੰਤਰਰਾਸ਼ਟਰੀ ਸੰਬੰਧ ਉਸ ਦੇ ਬਦਲਵੇਂ ਵਿਸ਼ੇ ਸਨ।

ਐੱਮ ਐੱਸ ਯੂਨੀਵਰਸਿਟੀ ਆਫ ਬੜੌਦਾ ਤੋਂ ਬੀਕਾਮ ਗ੍ਰੈਜੂਏਟ ਹਰਸ਼ਿਤਾ ਗੋਇਲ ਨੇ ਦੂਜਾ ਰੈਂਕ ਹਾਸਲ ਕੀਤਾ ਹੈ। ਹਰਸ਼ਿਤਾ ਮੂਲ ਰੂਪ ਵਿੱਚ ਹਰਿਆਣਾ ਦੀ ਹੈ, ਪਰ ਕਈ ਸਾਲਾਂ ਤੋਂ ਵਡੋਦਰਾ ਰਹਿ ਰਹੀ ਹੈ, ਕਿਉਂਕਿ ਪਰਵਾਰ ਉੱਥੇ ਆ ਗਿਆ ਸੀ। ਉਹ ਸੀ ਏ ਹੈ ਅਤੇ ਥੈਲੇਸੀਮੀਆ ਤੇ ਕੈਂਸਰ ਤੋਂ ਪੀੜਤ ਬੱਚਿਆਂ ਲਈ ਅਹਿਮਦਾਬਾਦ ਦੇ ਬੀਲੀਫ ਫਾਊਂਡੇਸ਼ਨ ਨਾਲ ਕੰਮ ਕਰ ਚੁੱਕੀ ਹੈ। ਅਰਚਿਤ ਪਰਾਗ ਡੋਂਗਰੇ, ਜਿਸ ਨੇ ਵੇਲੋਰ ਤੋਂ ਇਲੈਕਟਰੀਕਲ ਅਤੇ ਇਲੈਕਟਰਾਨਿਕਸ ਇੰਜੀਨੀਅਰਿੰਗ ਵਿੱਚ ਬੈਚਲਰ ਆਫ ਟੈਕਨਾਲੋਜੀ (ਬੀ ਟੈੱਕ) ਕੀਤੀ ਹੈ, ਤੀਜਾ ਰੈਂਕ ਹਾਸਲ ਕੀਤਾ ਹੈ। ਉਸ ਦਾ ਬਦਲਵਾਂ ਵਿਸ਼ਾ ਫਿਲਾਸਫੀ ਸੀ। ਗੁਜਰਾਤ ਟੈਕਨਾਲੋਜੀਕਲ ਯੂਨੀਵਰਸਿਟੀ ਅਹਿਮਦਾਬਾਦ ਤੋਂ ਕੰਪਿਊਟਰ ਇੰਜੀਨੀਅਰਿੰਗ ਵਿੱਚ ਬੈਚਲਰ ਆਫ ਇੰਜੀਨੀਅਰਿੰਗ ਦੀ ਡਿਗਰੀ ਪ੍ਰਾਪਤ ਮਾਰਗੀ ਚਿਰਾਗ ਸ਼ਾਹ ਨੇ ਚੌਥਾ, ਗੁਰੂ ਗੋਬਿੰਦ ਸਿੰਘ ਇੰਦਰਪ੍ਰਸਥ ਯੂਨੀਵਰਸਿਟੀ ਦਿੱਲੀ ਤੋਂ ਕੰਪਿਊਟਰ ਵਿਗਿਆਨ ਵਿੱਚ ਬੈਚਲਰ ਆਫ ਟੈਕਨਾਲੋਜੀ ਕਰਨ ਵਾਲੇ ਆਕਾਸ਼ ਗਰਗ ਨੇ ਪੰਜਵਾਂ ਰੈਂਕ ਹਾਸਲ ਕੀਤਾ। ਜਲੰਧਰ ਦੀ ਆਰੁਸ਼ੀ ਨੇ 184ਵਾਂ ਰੈਂਕ ਹਾਸਲ ਕੀਤਾ। ਉਸ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈਆਂ ਜਾਂਦੀਆਂ ਕੋਚਿੰਗ ਕਲਾਸਾਂ ਦਾ ਉਸ ਨੂੰ ਫਾਇਦਾ ਹੋਇਆ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦਿਆਰਥੀ ਸਿਦਕ ਸਿੰਘ ਨੇ 157ਵਾਂ ਰੈਂਕ ਹਾਸਲ ਕੀਤਾ। ਸਿਵਲ ਸੇਵਾਵਾਂ ਪ੍ਰੀਖਿਆ ਸਾਲਾਨਾ ਤਿੰਨ ਪੜਾਵਾਂ ਵਿਚ ਲਈ ਜਾਂਦੀ ਹੈ—ਸ਼ੁਰੂਆਤੀ, ਮੁੱਖ ਅਤੇ ਇੰਟਰਵਿਊ। ਭਾਰਤੀ ਪ੍ਰਸ਼ਾਸਨਕ ਸੇਵਾ, ਭਾਰਤੀ ਵਿਦੇਸ਼ ਸੇਵਾ ਅਤੇ ਭਾਰਤੀ ਪੁਲਸ ਸੇਵਾ ਸਮੇਤ ਹੋਰ ਅਧਿਕਾਰੀਆਂ ਦੀ ਚੋਣ ਕਰਨ ਲਈ ਸਿਵਲ ਸੇਵਾਵਾਂ (ਸ਼ੁਰੂਆਤੀ) ਪ੍ਰੀਖਿਆ-2024, ਪਿਛਲੇ ਸਾਲ 16 ਜੂਨ ਨੂੰ ਹੋਈ ਸੀ। ਇਸ ਪ੍ਰੀਖਿਆ ਲਈ ਕੁੱਲ 9,92,599 ਉਮੀਦਵਾਰਾਂ ਨੇ ਅਰਜ਼ੀ ਦਿੱਤੀ ਸੀ, ਜਿਨ੍ਹਾਂ ਵਿੱਚੋਂ 5,83,213 ਉਮੀਦਵਾਰਾਂ ਨੇ ਅਸਲ ਵਿੱਚ ਪ੍ਰੀਖਿਆ ਦਿੱਤੀ ਸੀ। ਕੁੱਲ 14,627 ਉਮੀਦਵਾਰ ਸਤੰਬਰ-2024 ਵਿੱਚ ਆਯੋਜਿਤ ਲਿਖਤੀ (ਮੁੱਖ) ਪ੍ਰੀਖਿਆ ਵਿਚ ਸ਼ਾਮਲ ਹੋਣ ਲਈ ਯੋਗ ਹੋਏ ਸਨ। ਇਨ੍ਹਾਂ ਵਿੱਚੋਂ 2,845 ਉਮੀਦਵਾਰਾਂ ਨੇ ਸ਼ਖਸੀਅਤ ਟੈਸਟ ਜਾਂ ਇੰਟਰਵਿਊ ਲਈ ਯੋਗਤਾ ਪੂਰੀ ਕੀਤੀ। ਇਨ੍ਹਾਂ ਵਿੱਚੋਂ 1,009 ਉਮੀਦਵਾਰਾਂ (725 ਪੁਰਸ਼ ਅਤੇ 284 ਔਰਤਾਂ) ਨੂੰ ਕਮਿਸ਼ਨ ਨੇ ਵੱਖ-ਵੱਖ ਸੇਵਾਵਾਂ ਵਿਚ ਨਿਯੁਕਤੀ ਲਈ ਸਿਫਾਰਸ਼ ਕੀਤੀ ਹੈ।

## 11ਵੀਂ ਜ਼ਿਲ੍ਹਾ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਸਫਲਤਾਪੂਰਵਕ ਸੰਪੰਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਸਟੇਡੀਅਮ ਫਿਰੋਜ਼ਪੁਰ ਵਿਖੇ ਅੰਡਰ-14 ਸਾਲ, 17 ਸਾਲ, 19 ਸਾਲ ਲੜਕੇ ਲੜਕੀਆਂ ਦੀ 11ਵੀਂ ਜ਼ਿਲ੍ਹਾ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਵੱਖ ਵੱਖ ਸਕੂਲਾਂ ਦੇ ਕਰੀਬ 150 ਖਿਡਾਰੀਆਂ ਨੇ ਹਿੱਸਾ ਲਿਆ। ਇਹ ਜਾਣਕਾਰੀ ਦਿੰਦੇ ਹੋਏ ਗੁਰਵੀਰ ਸਿੰਘ ਸੈਕਟਰੀ ਤੇ ਕਿੱਕ ਬਾਕਸਿੰਗ ਐਸੋਸੀਏਸ਼ਨ ਫਿਰੋਜ਼ਪੁਰ ਨੇ ਦੱਸਿਆ ਕਿ ਜਿਨ੍ਹਾਂ ਖਿਡਾਰੀਆਂ ਨੇ ਗੋਲਡ ਮੈਡਲ ਪ੍ਰਾਪਤ ਕੀਤੇ ਹਨ, ਉਨ੍ਹਾਂ ਦੀ ਚੋਣ ਸਟੇਟ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਲਈ ਹੋਈ ਹੈ ਅਤੇ ਖਿਡਾਰੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਜ਼ਿਲ੍ਹਾ ਕਿੱਕ ਬਾਕਸਿੰਗ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਕੁਮਾਰ ਰਿਟਾਇਰਡ ਡਿਪਟੀ ਡਾਇਰੈਕਟਰ ਸਪੋਰਟਸ ਪੰਜਾਬ ਮੁੱਖ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਨਾਲ ਡਿਪਟੀ ਡੀਈਓ ਡਾ. ਸਤਿੰਦਰਪਾਲ ਸਿੰਘ ਤੇ ਕੋਚ ਜਤਿੰਦਰ ਸਿੰਘ, ਸਵਰਨ ਸਿੰਘ, ਰੁਸਤਮ ਪ੍ਰੀਤ ਸਿੰਘ, ਬੰਤਾ ਸਿੰਘ, ਜਸਵੀਰ ਸਿੰਘ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ। ਕਿੱਕ ਬਾਕਸਿੰਗ ਚੈਂਪੀਅਨਸ਼ਿਪ ਦੇ ਭਾਰ ਵਰਗ 37 ਕਿਲੋਗ੍ਰਾਮ ਵਿੱਚ ਅਭੀਜੋਤ ਸਿੰਘ ਨੇ ਗੋਲਡ ਮੈਡਲ, ਗੁਰਜੋਤ ਸਿੰਘ ਨੇ ਸਿਲਵਰ ਤੇ ਕਰਨਵਰ ਸਿੰਘ ਨੇ ਬਰਾਉਂਜ ਮੈਡਲ, 47 ਕਿੱਲੋ ਭਾਰ ਵਰਗ ਵਿਚ ਮਨਿੰਦਰ ਨੇ ਗੋਲਡ ਮੈਡਲ, ਨਿਸ਼ਾਨ ਨੇ ਸਿਲਵਰ ਮੈਡਲ, ਏਕਮਜੋਤ ਵਿਰਕ ਨੇ ਬਰਾਉਂਜ ਮੈਡਲ, 81 ਕਿਲੋਗ੍ਰਾਮ ਭਾਰ ਵਰਗ ਵਿੱਚ ਜੈਪਾਲ ਨੇ ਗੋਲਡ ਮੈਡਲ, 79 ਕਿੱਲੋ ਭਾਰ ਵਰਗ ਵਿੱਚ ਰੁਸਤਮਪ੍ਰੀਤ ਸਿੰਘ ਨੇ ਗੋਲਡ, 32 ਕਿੱਲੋ ਭਾਰ ਵਰਗ ਵਿੱਚ ਨਵਦੀਪ ਕੌਰ ਨੇ ਗੋਲਡ, 37 ਕਿਲੋਗ੍ਰਾਮ ਭਾਰ ਵਰਗ ਵਿੱਚ ਸੁਖਪ੍ਰੀਤ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ।

## 131 ਮੈਰੀਟੋਰੀਅਸ ਵਿਦਿਆਰਥੀਆਂ ਨੇ ਜੇ ਈ ਈ ਪ੍ਰੀਖਿਆ 'ਚ ਰਚਿਆ ਇਤਿਹਾਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜੇਈਈ ਦੀ ਇਸ ਵਾਰ ਦੀ ਪ੍ਰੀਖਿਆ ਵਿੱਚੋਂ ਸਰਕਾਰੀ ਸਕੂਲਾਂ ਦੇ 189 ਵਿਦਿਆਰਥੀ ਸਫ਼ਲ ਰਹੇ।ਦੱਸਣਯੋਗ ਹੈ ਕਿ ਇਨ੍ਹਾਂ 189 ਵਿਦਿਆਰਥੀਆਂ ਵਿੱਚੋਂ 131 ਵਿਦਿਆਰਥੀ ਸਿਰਫ਼ 10 ਮੈਰੀਟੋਰੀਅਸ ਸਕੂਲਾਂ ਦੇ ਹਨ।ਜੇਈਈ ਦੇ ਐਲਾਨੇ ਗਏ ਨਤੀਜੇ ਵਿੱਚ ਪੰਜਾਬ ਦੇ 10 ਮੈਰੀਟੋਰੀਅਸ ਸਕੂਲਾਂ ਨੇ ਇੱਕ ਵਾਰ ਫਿਰ ਸਾਬਿਤ ਕੀਤਾ ਹੈ ਕਿ ਸਮਰਪਣ ਤੇ ਮਿਹਨਤ ਨਾਲ ਵੱਡੇ ਮੁਕਾਮ ਹਾਸਲ ਕੀਤੇ ਜਾ ਸਕਦੇ ਹਨ।ਜ਼ਿਕਰਯੋਗ ਹੈ ਕਿ ਮੈਰੀਟੋਰੀਅਸ ਸਕੂਲਾਂ ਵਿੱਚ ਪੰਜਾਬ ਦੇ ਆਰਥਿਕਤਾ ਪੱਖੋਂ ਗਰੀਬ ਤੇ ਮਾਨਸਿਕ ਪੱਖੋਂ ਮਿਹਨਤੀ ਬੱਚੇ ਵਿੱਦਿਆ ਪ੍ਰਾਪਤ ਕਰ ਰਹੇ ਹਨ।ਇਨ੍ਹਾਂ ਸਕੂਲਾਂ ਵਿੱਚ ਪੀ ਐੱਚ ਡੀ/ਨੈੱਟ/ਗੋਲਡ ਮੈਡਲਿਸਟ ਉੱਚ-ਯੋਗਤਾ ਤੇ ਤਜਰਬੇਕਾਰ ਅਧਿਆਪਕਾਂ ਸਦਕਾ ਇਹ ਸਕੂਲ ਹਰ ਵਾਰ ਦੇਸ਼ ਦੇ ਮਿਆਰੀ ਟੈਸਟ ਜੇਈਈ/ਨੀਟ ਵਿੱਚ ਸੈਂਕੜੇ ਵਿਦਿਆਰਥੀਆਂ ਦੇ ਰਾਹ ਦਸੇਰਾ ਬਣ ਰਹੇ ਹਨ।ਹਰ ਵਾਰ ਦੀ ਤਰ੍ਹਾਂ ਇਸ ਸੈਸ਼ਨ ਦੇ ਐਲਾਨੇ ਨਤੀਜੇ ਵਿੱਚ ਵੀ 10 ਮੈਰੀਟੋਰੀਅਸ ਸਕੂਲ਼ਾਂ ਵਿੱਚੋਂ 131 ਵਿਦਿਆਰਥੀਆਂ ਨੇ ਜੇਈਈ ਦਾ ਟੈਸਟ ਪਾਸ



ਕਰਕੇ ਇੱਕ ਵੱਖਰੀ ਤਰ੍ਹਾਂ ਦਾ ਇਤਿਹਾਸ ਸਿਰਜਿਆ ਹੈ।ਅੱਜ ਦੇ ਦੌਰ ਵਿੱਚ ਦੇਸ਼ 'ਚ ਸ਼ਾਇਦ ਹੀ ਕਿਧਰੇ ਹੋਰ ਮਿਸਾਲ ਹੋਵੇ ਕਿ ਬਿਨਾਂ ਕੋਈ ਫ਼ੀਸ ਦਿੱਤੇ ਬੱਚੇ ਅਜਿਹੇ ਟੈਸਟ ਪਾਸ ਕਰ ਸਕਣ।ਇਸ ਸਫ਼ਲਤਾ ਲਈ ਸਮੁੱਚਾ ਪ੍ਰਬੰਧਨ ਸਟਾਫ਼ ਤੇ ਇਨ੍ਹਾਂ ਸਕੂਲਾਂ ਦੀ ਰੀੜ੍ਹ ਦੀ ਹੱਡੀ ਤਜਰਬੇਕਾਰ ਅਧਿਆਪਕ ਤੇ ਮਿਹਨਤੀ ਵਿਦਿਆਰਥੀ ਵਧਾਈ ਦੇ ਪਾਤਰ ਹਨ, ਅਜਿਹੇ ਸ਼ਾਨਦਾਰ ਨਤੀਜੇ ਦੇ ਰਹੇ ਮੈਰੀਟੋਰੀਅਸ ਸਕੂਲ ਸਿੱਖਿਆ ਦੇ ਨਾਮ 'ਤੇ ਸੱਤਾ ਵਿੱਚ ਆਈ ਸਰਕਾਰ ਦੇ ਧਿਆਨ ਦੀ ਮੰਗ ਕਰਦੇ ਹਨ।

ਮੈਰੀਟੋਰੀਅਸ ਯੂਨੀਅਨ ਦੇ ਸੂਬਾ ਪ੍ਰਧਾਨ ਡਾ. ਟੀਨਾ ਦਾ ਕਹਿਣਾ ਹੈ ਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਜੇਈਈ ਦੀ ਪ੍ਰੀਖਿਆ ਵਿੱਚ ਮੈਰੀਟੋਰੀਅਸ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਮਿਹਨਤ ਸਦਕਾ ਸ਼ਾਨਦਾਰ ਇਤਿਹਾਸ ਸਿਰਜਿਆ ਹੈ।ਮੈਰੀਟੋਰੀਅਸ ਯੂਨੀਅਨ ਦੇ ਜਨਰਲ ਸਕੱਤਰ ਡਾ. ਅਜੇ ਸ਼ਰਮਾ ਨੇ ਕਿਹਾ ਕਿ ਸਰਕਾਰਾਂ ਨੇ ਸਾਡੀ ਮਿਹਨਤ ਦਾ ਮੁੱਲ ਨਹੀਂ ਪਾਇਆ ਤੇ ਸੱਤਾ 'ਤੇ ਬਿਰਾਜਮਾਨ ਸਰਕਾਰ ਮੈਰੀਟੋਰੀਅਸ ਸਕੂਲਾਂ ਦੇ ਅਧਿਆਪਕਾਂ ਦੇ ਰੁਜ਼ਗਾਰ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਨਹੀਂ ਕਰ ਸਕੀ, ਮਿਹਨਤ ਦਾ ਮੁੱਲ ਨਾ ਪਾਉਣਾ ਕਿਤੇ ਨਾ ਕਿਤੇ ਅਧਿਆਪਕਾਂ ਵਿੱਚ ਨਿਰਾਸ਼ਤਾ ਦੇ ਘੇਰੇ ਨੂੰ ਦਰਸਾਉਂਦਾ ਹੈ।ਵਿੱਤ ਸਕੱਤਰ ਰਾਕੇਸ਼ ਕੁਮਾਰ ਨੇ ਕਿਹਾ ਕਿ 189 ਵਿੱਚੋਂ 131 ਮੈਰੀਟੋਰੀਅਸ ਸਕੂਲਾਂ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਯੋਗ ਅਗਵਾਈ ਸਦਕਾ ਜੇਈਈ ਦੀ ਅਹਿਮ ਪ੍ਰੀਖਿਆ ਪਾਸ ਕਰਕੇ ਆਪਣੀ ਮਿਹਨਤ ਦਾ ਲੋਹਾ ਮਨਵਾਇਆ ਹੈ, ਪਰ ਸਰਕਾਰ ਦੁਆਰਾ ਸਿੱਖਿਆ ਵਿਭਾਗ ਵਿੱਚ ਮੈਰੀਟੋਰੀਅਸ ਅਧਿਆਪਕਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਨਾ ਕਰਨਾ ਤੇ ਪਿਛਲੇ 10 ਸਾਲਾਂ ਵਿੱਚ ਤਨਖਾਹ ਵਾਧਿਆਂ ਤੇ ਪਿਛਲੇ ਰੁਕੇ ਬਕਾਇਆਂ ਨੂੰ ਰੋਕਣਾ ਸਿੱਖਿਆ ਦੇ ਨਾਮ ਤੇ ਸੱਤਾ ਵਿੱਚ ਆਈ ਸਰਕਾਰ ਦਾ ਸੋਚਣ ਦਾ ਨਜ਼ਰੀਆ ਕੀ ਹੈ, ਅੱਜ ਤੱਕ ਸਮਝ ਨਹੀਂ ਆਇਆ।

## ਕੋਟ ਈਸੇ ਖਾਂ ਨਗਰ ਪੰਚਾਇਤ ਦੇ ਵਾਈਸ ਪ੍ਰਧਾਨ ਦਾ ਤਾਜ ਬਿੱਟੂ ਮਲਹੋਤਰਾ ਸਿਰ ਸਜਿਆ

### ਸ਼ਹਿਰ ਵਾਸੀਆਂ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ : ਵਿਧਾਇਕ ਢੋਸ/ਬਿੱਟੂ ਮਲਹੋਤਰਾ



**ਕੋਟ ਈਸੇ ਖਾਂ (ਅਰੋੜਾ)**-ਨਗਰ ਪੰਚਾਇਤ ਕੋਟ ਈਸੇ ਖਾਂ ਦੇ ਪ੍ਰਧਾਨ ਦੀ ਚੋਣ ਤੋਂ ਬਾਅਦ ਸ਼ਹਿਰ ਵਾਸੀਆਂ ਨੂੰ ਵਾਈਸ ਪ੍ਰਧਾਨ ਦੀ ਉਡੀਕ ਸੀ, ਜਿਸ ਦੇ ਸਬੰਧ 'ਚ ਦਫਤਰ ਨਗਰ ਪੰਚਾਇਤ ਵਿਖੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਹਾਜ਼ਰੀ ਵਿੱਚ ਨਗਰ ਪੰਚਾਇਤ ਦੇ ਪ੍ਰਧਾਨ ਸ੍ਰੀਮਤੀ ਸ਼ਿਵਰ ਕੌਰ ਰਾਜਪੂਤ ਅਤੇ ਸਮੂਹ ਕੌਂਸਲਰ ਸਾਹਿਬਾਨਾਂ ਦੀ ਬੈਠਕ ਹੋਈ, ਜਿਸ 'ਚ ਕੌਂਸਲਰ ਸਾਹਿਬਾਨਾਂ ਨੇ ਕੌਂਸਲਰ ਸੁਮਿਤ ਕੁਮਾਰ ਬਿੱਟੂ ਮਲਹੋਤਰਾ ਨੂੰ ਵਾਈਸ ਪ੍ਰਧਾਨ ਚੁਣਿਆ। ਇਸ ਮੌਕੇ ਨਵੇਂ ਚੁਣੇ ਗਏ ਵਾਈਸ ਪ੍ਰਧਾਨ ਬਿੱਟੂ ਮਲਹੋਤਰਾ ਨੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਸਾਰੀ ਟੀਮ ਦੇ ਨਾਲ ਰਲ ਕੇ ਸ਼ਹਿਰ ਦੀ ਤਰੱਕੀ ਤੇ ਵਿਕਾਸ ਲਈ ਕੰਮ ਕਰਨਗੇ ਅਤੇ ਸ਼ਹਿਰ ਵਾਸੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦੇਣਗੇ। ਇਸ ਮੌਕੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਬਿੱਟੂ ਮਲਹੋਤਰਾ ਨੂੰ ਵਾਈਸ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਬਿੱਟੂ ਮਲਹੋਤਰਾ ਆਪਣੀ ਡਿਊਟੀ ਬਾਖੂਬੀ ਨਿਭਾਉਣਗੇ। ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਦੀ ਸਮੁੱਚੀ ਟੀਮ ਬਹੁਤ ਵਧੀਆ ਕੰਮ ਕਰ ਰਹੀ ਹੈ ਅਤੇ ਸ਼ਹਿਰ ਵਿੱਚ ਕਈ ਵਿਕਾਸ ਦੇ ਪ੍ਰੋਜੈਕਟ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਬਿੱਟੂ ਮਲਹੋਤਰਾ ਨੂੰ ਦੂਸਰੇ ਵਾਰ ਨਗਰ ਪੰਚਾਇਤ ਦੇ ਵਾਈਸ ਪ੍ਰਧਾਨ ਹੋਣ ਚੁੱਕੇ ਹਨ ਅਤੇ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਸ਼ਹਿਰ ਵਾਸੀਆਂ ਨੂੰ ਵਧੀਆ ਸੇਵਾਵਾਂ ਦਿੱਤੀਆਂ।

ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਸ਼ਿਵਰ ਕੌਰ ਰਾਜਪੂਤ, ਉਨ੍ਹਾਂ ਦੇ ਪਤੀ ਪ੍ਰਕਾਸ਼ ਸਿੰਘ ਰਾਜਪੂਤ, ਗੁਰਪ੍ਰੀਤ ਸਿੰਘ ਸਿੱਧੂ, ਉਦੈ ਪਲਤਾ, ਸੁੱਚਾ ਸਿੰਘ ਪੁਰਬਾ, ਸੁਰਿੰਦਰ ਸਚਦੇਵਾ, ਕੁੱਕੂ ਸਿੰਘ, ਸਿਮਰਨਜੀਤ ਕੌਰ, ਭੁਪਿੰਦਰ ਕੌਰ ਸਿੱਧੂ, ਰਜਨੀ ਬਾਲਾ, ਸਾਰੇ ਕੌਂਸਲਰ ਸਾਹਿਬਾਨ, ਅਮਨ ਪੰਡੋਰੀ ਚੇਅਰਮੈਨ, ਸਚਿਨ ਧੀਰ, ਬਿਕਰਮਜੀਤ ਬਿੱਲਾ ਸ਼ਰਮਾ, ਇਕਬਾਲ ਸਿੰਘ ਢੋਲੇਵਾਲਾ, ਵਿਨੋਦ ਮਲਹੋਤਰਾ, ਪ੍ਰਿੰਸ ਸਦਿਉੜਾ (ਯੂਥ ਆਗੂ), ਹੀਰਾ ਲਾਲ, ਬਿੱਟੂ ਬੀਜਾਪੁਰ ('ਆਪ' ਆਗੂ), ਰਾਜਨ ਵਰਮਾ (ਸਮਾਜਸੇਵੀ), ਅਮਨਿੰਦਰ ਸਿੰਘ (ਸਰਪੰਚ), ਜੱਸਾ ਸਿੱਧੂ ('ਆਪ' ਆਗੂ), ਸੋਨਾ ਕਾਦਰਵਾਲਾ, ਪਵਨ ਮਲਹੋਤਰਾ, ਕਾਰਜ਼ ਸਾਧਕ ਅਫਸਰ ਅਤੇ ਨਗਰ ਪੰਚਾਇਤ ਦਾ ਸਮੂਹ ਸਟਾਫ ਹਾਜ਼ਰ ਸੀ।

## ਵਿਧਾਇਕ ਦੇਵ ਮਾਨ ਵੱਲੋਂ ਵੱਖ-ਵੱਖ ਸਕੂਲਾਂ 'ਚ ਵਿਕਾਸ ਕੰਮਾਂ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵੱਖ ਵੱਖ ਸਕੂਲਾਂ ਵਿੱਚ ਮੁਕੰਮਲ ਹੋ ਚੁੱਕੇ ਕੰਮਾਂ ਦੇ ਉਦਘਾਟਨ ਕੀਤੇ।ਇਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਸੰਗਤਪੁਰਾ ਦਾ ਕੰਮ ਚਾਰਦੀਵਾਰੀ ਦੀ ਗ੍ਰਾਂਟ 2 ਲੱਖ 95 ਹਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਪੱਕਾ ਬਾਗ ਦੇ ਕੰਮ ਆਧੁਨਿਕ ਕਲਾਸ ਰੂਮ 9 ਲੱਖ 55 ਹਜ਼ਾਰ, ਬਾਥਰੂਮਾਂ ਲਈ 1 ਲੱਖ ਕੁੱਲ 10 ਲੱਖ 55 ਹਜ਼ਾਰ ਤੇ ਸਰਕਾਰੀ ਪ੍ਰਾਇਮਰੀ ਸਕੂਲ ਪੁਰਾਣਾ ਹਾਈ ਕੋਰਟ ਦੇ ਕੰਮ ਆਧੁਨਿਕ ਕਲਾਸ ਰੂਮ 9 ਲੱਖ 55 ਹਜ਼ਾਰ, ਬਾਥਰੂਮਾਂ ਲਈ 1 ਲੱਖ ਕੁੱਲ ਰਾਸ਼ੀ 10 ਲੱਖ 55 ਹਜ਼ਾਰ ਰੁਪਏ ਦੇ ਕੰਮ ਮੁਕੰਮਲ ਹੋ ਚੁੱਕੇ ਹਨ।ਉਦਘਾਟਨ ਕਰਨ ਉਪਰੰਤ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਅੱਜ ਦੀ ਕੁੱਲ ਰਾਸ਼ੀ 24 ਲੱਖ 5 ਹਜ਼ਾਰ ਰੁਪਏ ਦੇ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਅੱਜ ਤੱਕ 25 ਸਕੂਲਾਂ ਵਿੱਚ ਮੁਕੰਮਲ ਹੋ ਚੁੱਕੇ ਕੰਮਾਂ ਦੀ ਕੁੱਲ ਰਾਸ਼ੀ 2 ਕਰੋੜ 85 ਲੱਖ 13 ਹਜ਼ਾਰ ਰੁਪਏ ਦੇ ਕੰਮ ਪੂਰੇ ਹੋ ਚੁੱਕੇ ਹਨ। ਦੇਵ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਾਲ 2022 ਵਿੱਚ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆਉਣ ਦੇ ਕੀਤੇ ਗਏ ਵਾਅਦੇ ਨੂੰ ਪੂਰਾ ਕਰਨ ਵਿੱਚ ਸਰਕਾਰ ਪੂਰੀ ਤਰ੍ਹਾਂ ਕਾਮਯਾਬ ਹੋਈ ਹੈ ਤੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਨਾਭਾ ਅਧੀਨ ਆਉਂਦੇ ਸਾਰੇ ਸਕੂਲਾਂ ਵਿੱਚ ਬੁਨਿਆਦੀ ਸੁਵਿਧਾਵਾਂ ਨੂੰ ਯਕੀਨੀ ਬਣਾਉਣ ਲਈ 2 ਕਰੋੜ 85 ਲੱਖ 13 ਹਜ਼ਾਰ ਰੁਪਏ ਖਰਚੇ ਗਏ ਹਨ।ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਾਰਥਕ ਯਤਨਾ ਸਦਕਾ ਪ੍ਰਾਈਵੇਟ ਸਕੂਲਾਂ ਨੂੰ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਪੰਜਾਬ ਸਰਕਾਰ ਦਾ ਸਿੱਖਿਆ ਮਾਡਲ ਕਾਫੀ ਪਸੰਦ ਕੀਤਾ ਜਾ ਰਿਹਾ ਹੈ।

## ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬੀ 'ਵਰਸਿਟੀ ਦੇ ਵੀ ਸੀ ਨੂੰ ਨੋਟਿਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ।ਇਹ ਨੋਟਿਸ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਰਜੇਸ਼ ਕੁਮਾਰ ਵੱਲੋਂ ਕੀਤੀ ਗਈ ਸ਼ਿਕਾਇਤ ਦੇ ਅਧਾਰ 'ਤੇ ਭੇਜਿਆ ਗਿਆ ਹੈ।ਕਮਿਸ਼ਨ ਨੇ 10 ਜੂਨ ਤੱਕ ਜਵਾਬ ਮੰਗਿਆ ਹੈ।ਕਮਿਸ਼ਨ ਨੇ ਇਸ ਤਰੀਕ ਤਕ ਮਾਮਲੇ ਸਬੰਧੀ ਪੂਰੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ।ਕਮਿਸ਼ਨ ਨੂੰ ਭੇਜੀ ਸ਼ਿਕਾਇਤ 'ਚ ਪ੍ਰੋਫੈਸਰ ਰਜੇਸ਼ ਕੁਮਾਰ ਨੇ ਦੱਸਿਆ ਕਿ ਉਹ 24 ਜੂਨ 2024 'ਚ ਪੰਜਾਬੀ ਯੂਨੀਵਰਸਿਟੀ ਤੋਂ ਸੇਵਾ ਮੁਕਤ ਹੋਏ ਹਨ, ਜਿਸ ਤੋਂ ਬਾਅਦ ਹੁਣ ਤੱਕ ਉਨ੍ਹਾਂ ਦੀ ਪੈਨਸ਼ਨ ਤੇ ਸੇਵਾਮੁਕਤੀ ਦੇ ਲਾਭ ਨਹੀਂ ਦਿੱਤੇ ਗਏ।ਇਥੋਂ ਤੱਕ ਕਿ ਜੀਪੀਐਫ ਦੀ ਬਣਦੀ ਰਕਮ ਦੀ ਅਦਾਇਗੀ ਵੀ ਨਹੀਂ ਕੀਤੀ ਜਾ ਰਹੀ।ਪ੍ਰੋ. ਸ਼ਰਮਾ ਨੇ ਕਿਹਾ ਕਿ ਅਧਿਆਪਨ ਦੇ 30 ਸਾਲ ਦੇ ਤਜਰਬੇ 'ਚੋਂ 20 ਸਾਲ ਪੰਜਾਬੀ ਯੂਨੀਵਰਸਿਟੀ 'ਚ ਸੇਵਾ ਨਿਭਾਈ ਹੈ, ਪਰ ਯੂਨੀਵਰਸਿਟੀ ਉਨ੍ਹਾਂ ਦੇ ਬਣਦੇ ਭੱਤੇ ਦੇਣ ਤੋਂ ਮੁਨਕਰ ਹੋ ਰਹੀ ਹੈ।

## ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਜੰਗਲਾਤ ਵਿਭਾਗ ਮੰਡਲ ਫਿਰੋਜ਼ਪੁਰ ਦੀ ਚੋਣ

**ਮੋਗਾ (ਇਕਬਾਲ ਸਿੰਘ ਖਹਿਰਾ)**-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂਆਂ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਦੀ ਅਗਵਾਈ ਵਿੱਚ ਕਾਮਰੇਡ ਸਤੀਸ਼ ਲੂੰਬਾ ਹਾਲ ਵਿੱਚ ਸਰਕਲ (ਮੰਡਲ) ਜੰਗਲਾਤ-ਜੰਗਲੀ ਜੀਵ ਤੇ ਜੰਗਲਾਤ ਕਾਰਪੋਰੇਸ਼ਨ ਦੀ ਚੋਣ ਹੋਈ।ਇਸ ਮੌਕੇ ਵੱਖ-ਵੱਖ ਯੂਨੀਅਨਾਂ ਵਿੱਚੋਂ ਦੁਖੀ ਹੋਏ ਕਾਮੇ ਵੱਡੀ ਗਿਣਤੀ ਵਿੱਚ 'ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ' ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੂੰ ਸੂਬਾਈ ਆਗੂਆਂ ਨੇ ਹਾਰ ਪਾ ਕੇ ਸਵਾਗਤ ਕਰਦੇ ਹੋਏ ਯੂਨੀਅਨ ਵਿੱਚ ਸ਼ਾਮਲ ਕੀਤਾ।ਇਸ ਮੌਕੇ ਬੋਲਦਿਆਂ ਹਰੀ ਬਹਾਦਰ ਬਿੱਟੂ ਨੇ ਕਿਹਾ ਕਿ ਇਹ ਯੂਨੀਅਨ ਹਮੇਸ਼ਾ ਹੀ ਵਰਕਰਾਂ ਦੇ ਹਿੱਤਾਂ ਦੀ ਰਾਖੀ ਕਰਦੀ ਹੈ ਤੇ ਹਮੇਸ਼ਾ ਹੀ ਪ੍ਰਾਪਤੀਆਂ ਕਰਦੀ ਹੈ।ਇਸ ਮੌਕੇ ਸੂਬਾਈ ਜਨਰਲ ਸਕੱਤਰ ਰਣਜੀਤ ਸਿੰਘ ਰਾਣਵਾਂ ਨੇ ਯੂਨੀਅਨ ਬਾਰੇ ਦੱਸਦਿਆਂ ਸੂਬਾਈ ਪੱਧਰ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ।ਉਨ੍ਹਾਂ ਵਰਕਰਾਂ ਨੂੰ ਯੂਨੀਅਨ ਪ੍ਰਤੀ ਵਫ਼ਦਾਰ ਅਤੇ ਵਰਕਰਾਂ ਤੇ ਆਪਣੇ ਕੰਮ ਪ੍ਰਤੀ ਇਮਾਨਦਾਰ ਰਹਿਣ ਦੀ ਅਪੀਲ ਕੀਤੀ।ਗੁਰਜੰਟ ਸਿੰਘ ਕੋਕਰੀ ਨੇ ਸ਼ਹੀਦ



ਨਛੱਤਰ ਸਿੰਘ ਧਾਲੀਵਾਲ ਭਵਨ ਦਾ ਇਤਿਹਾਸ, ਏਟਕ ਤੇ ਲਾਲ ਝੰਡੇ ਦੇ ਇਤਿਹਾਸ ਬਾਰੇ ਦੱਸਿਆ।ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਨੇ ਜਿੱਥੇ ਆਏ ਸਾਥੀਆਂ ਨੂੰ ਜੀ ਆਇਆਂ ਕਿਹਾ, ਉਥੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਸਮਰਥਨ ਤੇ ਉਨ੍ਹਾਂ ਦੇ ਮਸਲਿਆਂ ਦੇ ਹੱਲ ਬਾਰੇ ਸੰਜੀਦਗੀ ਨਾਲ ਕੰਮ ਕਰਨ ਦਾ ਵੀ ਵਾਅਦਾ ਕੀਤਾ।

ਇਸ ਮੌਕੇ ਬਲਵਿੰਦਰ ਸਿੰਘ ਫਿਰੋਜ਼ਪੁਰ ਨੂੰ ਚੇਅਰਮੈਨ, ਮੇਹਰ ਸਿੰਘ ਵਿਰਕ ਪ੍ਰਧਾਨ ਫਿਰੋਜ਼ਪੁਰ ਰੇਂਜ, ਸੁਖਦੇਵ ਸਿੰਘ ਫਾਜ਼ਿਲਕਾ ਖਜ਼ਾਨਚੀ, ਰਛਪਾਲ ਸਿੰਘ ਮੋਗਾ ਜਨਰਲ ਸਕੱਤਰ, ਹੰਸਾ ਸਿੰਘ ਮੋਗਾ ਸੀਨੀ. ਮੀਤ ਪ੍ਰਧਾਨ, ਬਲਬੀਰ ਸਿੰਘ ਗੋਖੀਵਾਲਾ ਫਿਰੋਜ਼ਪੁਰ ਸੀਮੀਤ ਪ੍ਰਧਾਨ, ਕਾਲਾ ਸਿੰਘ ਫਾਜ਼ਿਲਕਾ ਮੀਤ ਪ੍ਰਧਾਨ, ਧਰਮਿੰਦਰ ਸਿੰਘ ਮੋਗਾ ਪ੍ਰੈੱਸ ਸਕੱਤਰ, ਸੁਭਾਸ਼ ਸ਼ਰਮਾ ਮੋਗਾ ਸਹਾਇਕ ਸਕੱਤਰ, ਹਰਬੰਸ ਸਿੰਘ ਫਾਜ਼ਿਲਕਾ ਸਹਾਇਕ ਪ੍ਰੈੱਸ ਸਕੱਤਰ, ਮੁਖਤਿਆਰ ਸਿੰਘ ਫਿਰੋਜ਼ਪੁਰ ਸਲਾਹਕਾਰ, ਕੇਵਲ ਸਿੰਘ ਫਾਜ਼ਿਲਕਾ ਮੈਂਬਰ, ਜਸਪਾਲ ਸਿੰਘ ਮੋਗਾ ਮੈਂਬਰ, ਕਰਨੈਲ ਸਿੰਘ ਫਿਰੋਜ਼ਪੁਰ ਮੈਂਬਰ ਚੁਣੇ ਗਏ ਅਤੇ ਕਮੇਟੀ ਵਿੱਚ ਵਾਧਾ ਕਰਨ ਦਾ ਅਧਿਕਾਰ ਇਸ ਕਮੇਟੀ ਨੂੰ ਦਿੱਤਾ ਗਿਆ।ਅੰਤ ਵਿੱਚ ਸਾਰੇ ਆਏ ਸਾਥੀਆਂ ਦਾ ਧੰਨਵਾਦ ਚਮਨ ਲਾਲ ਸੰਗੇਲੀਆ ਪ੍ਰਧਾਨ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਮੋਗਾ ਨੇ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਦੀਦਾਰ ਸਿੰਘ ਮੰਡ, ਭੁਪਿੰਦਰ ਸਿੰਘ ਸੇਖੋਂ, ਪੋਹਲਾ ਸਿੰਘ ਬਰਾੜ, ਸੂਰਜ ਪਟਿਆਲਾ, ਜਗਮੋਹਨ ਨੌਲੱਖਾ ਪ੍ਰਧਾਨ ਜੰਗਲਾਤ ਵਿਭਾਗ ਪੰਜਾਬ ਹਾਜ਼ਰ ਸਨ।

## ਖਰੜ-ਲਾਲੜੂ ਡਵੀਜ਼ਨਾਂ ਦੇ ਨਿੱਜੀਕਰਨ 'ਤੇ ਭੜਕਿਆ ਬਿਜਲੀ ਕਾਮਿਆਂ ਦਾ ਗੁੱਸਾ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਪਾਵਰ ਕਾਰਪੋਰੇਸ਼ਨ ਦੀਆਂ ਦੋ ਡਿਵੀਜ਼ਨਾਂ ਲਾਲੜੂ ਅਤੇ ਖਰੜ ਨੂੰ ਨਿੱਜੀ ਹੱਥਾਂ 'ਚ ਦੇ ਕੇ ਇੱਕ ਵਾਰ ਫੇਰ 'ਆਪ' ਦੀ ਸਰਕਾਰ ਨੇ ਪਾਵਰ ਕਾਰਪੋਰੇਸ਼ਨ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਗੁੱਸਾ ਸਹੇੜ ਲਿਆ ਹੈ।ਜਦੋਂ ਤੋਂ ਪੰਜਾਬ ਸਰਕਾਰ ਵੱਲੋਂ ਇਸ ਦੀ ਪਹਿਲ ਕੀਤੀ ਗਈ ਹੈ, ਉਦੋਂ ਤੋਂ ਹੀ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਚ ਬੇਚੈਨੀ ਪਾਈ ਜਾ ਰਹੀ ਹੈ।ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਮਾਂਗਟ ਅਤੇ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਨਤਕ ਅਦਾਰਿਆਂ ਨੂੰ ਨਿੱਜੀ ਹੱਥਾਂ 'ਚ ਦੇਣ ਦੀ ਕਾਹਲੀ ਵਿੱਚ ਰਵਾਇਤੀ ਸਰਕਾਰਾਂ ਦੇ ਨਕਸ਼ੇ ਕਦਮ 'ਤੇ ਹੀ ਚਲ ਪਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਜਿਹੇ ਫੈਸਲੇ ਬਹੁਤ ਮਹਿੰਗੇ ਪੈਣਗੇ।ਉਨ੍ਹਾਂ ਕਿਹਾ ਕਿ 'ਆਪ' ਤੋਂ ਮੁਲਾਜ਼ਮ ਵਰਗ ਪਹਿਲਾਂ ਹੀ ਨਾਰਾਜ਼ ਹੈ, ਕਿਉਂਕਿ ਉਨ੍ਹਾਂ ਦੀਆਂ ਤਨਖਾਹਾਂ ਦੇ ਬਕਾਏ ਇੱਕ ਮੁਸ਼ਤ ਦੇਣ ਦੇ ਬਜਾਏ ਉਸਦੀਂ ਲਮੇਂ ਸਮੇਂ ਲਈ ਕਿਸ਼ਤਾਂ ਕਰਕੇ ਪੂਰੀ ਤਰ੍ਹਾਂ ਖੇਹ ਖਰਾਬ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸਾਲ 2014 'ਚ ਬਾਦਲ ਸਰਕਾਰ ਵੱਲੋਂ ਬਿਜਲੀ ਮਹਿਕਮੇ ਦਾ ਨਿਜੀਕਰਣ ਕੀਤਾ ਸੀ, ਜਿਸ ਨਾਲ ਉਸਨੂੰ ਬਿਜਲੀ ਮੁਲਾਜ਼ਮਾਂ ਦੀ ਕਰੋਪੀ ਦਾ ਸ਼ਿਕਾਰ ਹੋਣਾ ਪਿਆ ਅਤੇ ਉਹ ਸੱਤਾ ਤੋਂ ਹੱਥ ਧੋਅ ਬੈਠੇ। ਉਹਨਾਂ ਕਿਹਾ ਕਿ ਨਿਜੀਕਰਣ ਕਰਨ ਨਾਲ ਬਦਲਿਆ ਕੁਝ ਵੀ ਨਹੀਂ ਸਗੋਂ ਬਿਜਲੀ ਮਹਿਕਮਾ ਪੂਰੀ ਤਰਾਂ ਬਰਬਾਦ ਹੋ ਗਿਆ। ਉਹਨਾਂ ਕਿਹਾ ਕਿ ਪਾਵਰ ਕਾਰਪੋਰੇਸ਼ਨ ਦੀਆਂ ਜਥੇਬੰਦੀਆਂ ਇਸ ਨਿਜੀਕਰਣ ਦਾ ਡੱਟ ਕੇ ਵਿਰੋਧ ਕਰਣਗੀਆਂ ਅਤੇ ਆਮ ਆਦਮੀ ਪਾਰਟੀ ਨੂੰ ਸੱਤਾ ਤੋਂ ਬੇਦਖਲ ਕਰਨ ਵਿਚ ਅਹਿਮ ਭੂਮਿਕਾ ਅਦਾ ਕਰਣਗੀਆਂ।ਉਹਨਾਂ ਕਿਹਾ ਕਿ ਸਰਕਾਰ ਅਜਿਹਾ ਕਰਕੇ ਇਸ ਜਨਤਕ ਅਦਾਰੇ ਨੂੰ ਤਬਾਹ ਕਰਨ ਜਾ ਰਹੀ ਹੈ। ਜਿਸ ਨਾਲ ਖਪਤਕਾਰਾਂ ਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪਵੇਗੀ।ਆਗੂਆਂ ਨੇ ਕਿਹਾ ਕਿ ਅਜਿਹਾ ਕਰਨ ਨਾਲ ਠੇਕਾ ਅਤੇ ਰੈਗੂਲਰ ਮੁਲਾਜ਼ਮਾਂ ਦਾ ਰੁਜ਼ਗਾਰ ਖ਼ਤਰੇ ਵਿਚ ਪੈ ਜਾਵੇਗਾ ਅਤੇ ਰਿਟਾਇਰੀ ਮੁਲਾਜ਼ਮਾਂ ਦੀਆਂ ਪੈਨਸ਼ਨਾਂ ਵੀ ਨਹੀਂ ਬਚਣੀਆਂ।ਬਿਜਲੀ ਖੇਤਰ ਦੀ ਰਾਖੀ ਲਈ ਸਰਕਾਰ ਦੇ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਰੈਗੂਲਰ ਮੁਲਾਜ਼ਮਾਂ, ਠੇਕਾ ਮੁਲਾਜ਼ਮਾ, ਪੈਨਸ਼ਨਰਾਂ,ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ ਦੇ ਸਾਂਝੇ, ਵਿਸ਼ਾਲ, ਦ੍ਰਿੜ ਅਤੇ ਲੰਮੇ ਸੰਘਰਸ਼ ਦੀ ਲੋੜ ਹੈ ਤਾਂ ਜੋ ਸਰਕਾਰ ਦੇ ਇਨ੍ਹਾਂ ਯਤਨਾਂ ਨੂੰ ਰੋਕਿਆ ਜਾਵੇ।ਪੈਨਸ਼ਨਰਜ਼ ਐਸੋਸੀਏਸ਼ਨ ਰਜਿ. ਇਸ ਸੰਘਰਸ਼ ਦੀ ਡੱਟਵੀਂ ਹਿਮਾਇਤ ਕਰਦੀ ਹੈ।

## ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' 'ਚ ਹਿੱਸਾ ਪਾਉਣ ਵਾਲੇ ਸਰਪੰਚਾਂ ਵੱਲੋਂ ਵੱਡਾ ਫੈਸਲਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਬਠਿੰਡਾ ਦੇ ਬਲਾਕ ਗੋਨਿਆਣਾ ਦੇ ਸਮੂਹ ਸਰਪੰਚਾਂ ਵੱਲੋਂ ਬਠਿੰਡਾ 'ਚ ਇੱਕ ਮੀਟਿੰਗ ਕੀਤੀ ਗਈ। ਮੀਟਿੰਗ 'ਚ ਜਿੱਥੇ ਪਿੰਡਾਂ ਦੇ ਵਿਕਾਸ ਤੇ ਪਿੰਡ ਦੀਆ ਤਕਲੀਫਾਂ ਸੰਬੰਧੀ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਾਉਣ ਲਈ ਅਹਿਮ ਫੈਸਲੇ ਲਏ ਗਏ, ਉੱਥੇ ਹੀ ਸਾਰਿਆਂ ਵੱਲੋਂ ਮਿਲ ਕੇ ਇੱਕ ਨਸ਼ਾ ਵਿਰੋਧੀ ਕਮੇਟੀ ਦਾ ਗਠਨ ਕੀਤਾ ਗਿਆ। ਸਰਕਾਰ ਵੱਲੋਂ ਚਲਾਈ ਗਈ 'ਮੁਹਿੰਮ ਯੁੱਧ ਨਸ਼ਿਆਂ ਵਿਰੁੱਧ' ਨੂੰ ਲੈ ਕੇ ਫੈਸਲਾ ਲਿਆ ਕਿ ਪਿੰਡਾਂ 'ਚ ਜੋ ਵੀ ਪਰਿਵਾਰ ਨਸ਼ਾ ਵੇਚਦਾ ਹੈ ਜਾਂ ਤਸਕਰੀ ਕਰਦਾ ਹੈ, ਉਸ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਹੋਵੇਗੀ ਅਤੇ ਸਮਾਜਿਕ ਬਾਈਕਾਟ ਵੀ ਕੀਤਾ ਜਾਵੇਗਾ। ਕਮੇਟੀ ਮੈਂਬਰਾਂ ਨੇ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਦਿਨਾਂ 'ਚ ਨਸ਼ਾ ਤਸਕਰਾਂ ਵੱਲੋਂ ਪਿੰਡਾਂ 'ਚ ਬਣੀਆਂ ਕਮੇਟੀਆਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਸੀ ਕਿ ਅਸੀਂ ਤੁਹਾਡਾ ਨੁਕਸਾਨ ਕਰ ਦੇਵਾਂਗੇ। ਉਸ ਨੂੰ ਦੇਖਦੇ ਹੋਏ ਇਸ 'ਤੇ ਵੀ ਫੈਸਲਾ ਲਿਆ ਗਿਆ ਕਿ ਜੇਕਰ ਕੋਈ ਵੀ ਨਸ਼ਾ ਤਸਕਰ ਅਜਿਹੀ ਹਰਕਤ ਕਰਦਾ ਹੈ ਤਾਂ ਉਸ ਖਿਲਾਫ ਸਾਰੇ ਪੰਚ-ਸਰਪੰਚ ਅਤੇ ਮੈਂਬਰ ਇਕੱਠੇ ਹੋ ਕੇ ਜਿੱਥੇ ਸਰਕਾਰ ਦੇ ਨੁਮਾਇੰਦਿਆਂ ਨੂੰ ਮਿਲਣਗੇ, ਉੱਥੇ ਹੀ ਪੁਲਸ ਅਧਿਕਾਰੀਆਂ ਨੂੰ ਇਸ ਬਾਰੇ ਜਾਣਕਾਰੀ ਦੇ ਕੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਕਾਸ ਦੇ ਕੰਮ ਪਹਿਲ ਦੇ ਆਧਾਰ 'ਤੇ ਹੋਣਗੇ ਅਤੇ ਪਿੰਡਾਂ ਨੂੰ ਨਸ਼ਾ ਮੁਕਤ ਕਰਵਾਉਣ ਵਾਸਤੇ ਹਰ ਲੜਾਈ ਲੜੀ ਜਾਵੇਗੀ। ਇਸ ਕਮੇਟੀ 'ਚ 11 ਮੈਂਬਰ ਹੋਣਗੇ, ਸਮੂਹ 37 ਪਿੰਡਾਂ ਦੇ ਪੰਚ-ਸਰਪੰਚ ਇਕੱਠੇ ਹੋ ਕੇ ਅਹਿਮ ਫੈਸਲੇ ਲੈਣਗੇ। ਉਨ੍ਹਾਂ ਕਿਹਾ ਕਿ ਜੇਕਰ ਪਿੰਡ 'ਚ ਕੋਈ ਵਿਅਕਤੀ ਨਸ਼ਾ ਛੱਡਣਾ ਚਾਹੁੰਦਾ ਹੈ, ਤਾਂ ਉਸ ਦਾ ਹਰ ਤਰ੍ਹਾਂ ਦਾ ਸਾਥ ਦਿੱਤਾ ਜਾਵੇਗਾ। ਸਰਕਾਰ ਦੀ ਚੱਲ ਰਹੀ ਇਸ ਮੁਹਿੰਮ ਦੀ ਵੀ ਉਹਨਾਂ ਨੇ ਜ਼ੋਰਦਾਰ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਨਾਲ ਪਿੰਡਾਂ 'ਚ ਵੱਡੇ ਪੱਧਰ 'ਤੇ ਅਸਰ ਦਿਖਾਈ ਦੇਣ ਲੱਗ ਪਿਆ ਹੈ।

## ਨੌਜਵਾਨਾਂ/ਵਿਦਿਆਰਥੀਆਂ ਸੜੀ ਕਣਕ ਦੇ ਮੁਆਵਜ਼ੇ ਸੰਬੰਧੀ ਮੁੱਖ ਮੰਤਰੀ ਨੂੰ ਭੇਜੇ ਮੰਗ ਪੱਤਰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਮ ਡਿਪਟੀ ਕਮਿਸ਼ਨਰ ਫਰੀਦਕੋਟ ਨੂੰ ਮੰਗ ਪੱਤਰ ਭੇਜ ਕੇ ਮੰਗ ਕੀਤੀ ਗਈ ਕਿ ਪਿਛਲੇ ਦੋ ਦਿਨਾਂ ਵਿੱਚ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਅੱਗ ਨਾਲ ਤਬਾਹ ਹੋਈ ਕਣਕ ਦਾ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ।

ਇਸ ਸੰਬੰਧੀ ਇੱਥੇ ਨੌਜਵਾਨਾਂ ਤੇ ਵਿਦਿਆਰਥੀਆਂ ਦੇ ਆਗੂਆਂ ਨੇ ਮੰਗ ਪੱਤਰ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਪੰਜਾਬ ਦੇ ਵੱਖ ਵੱਖ ਇਲਾਕਿਆਂ ਵਿੱਚ ਭਿਆਨਕ ਅੱਗ ਲੱਗਣ ਨਾਲ ਕਿਸਾਨਾਂ ਦੀ ਹਜ਼ਾਰਾਂ ਏਕੜ ਕਣਕ ਦੀ



ਫਸਲ, ਨਾੜ, ਘਰ ਬਾਰ, ਪਸ਼ੂ ਤੇ ਖੇਤੀ ਦੇ ਸੰਦ (ਟਰੈਕਟਰ, ਕੰਬਾਈਨ) ਸੜ ਕੇ ਸਵਾਹ ਹੋ ਗਏ ਹਨ, ਜਿਸ ਨਾਲ ਕਿਸਾਨਾਂ ਦਾ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਹੈ।ਆਗੂਆਂ ਨੇ ਕਿਹਾ ਕਿ ਇਸ ਭਾਰੀ ਨੁਕਸਾਨ ਦੀ ਵੱਡੀ ਜ਼ਿੰਮੇਵਾਰ ਪ੍ਰਸ਼ਾਸਨ ਕੋਲ ਫਾਇਰਬ੍ਰਿਗੇਡ ਦੀ ਘਾਟ ਹੈ।ਅੱਗ ਲੱਗਣ ਦੇ ਕਈ ਘੰਟੇ ਬਾਅਦ ਵੀ ਫਾਇਰਬ੍ਰਿਗੇਡ ਨਹੀਂ ਪਹੁੰਚੀ ਅਤੇ ਕਿਸਾਨਾਂ ਤੇ ਆਮ ਲੋਕਾਂ ਨੂੰ ਖੁਦ ਹੀ ਜੱਦੋ ਜਹਿਦ ਕਰਨੀ ਪਈ।ਕਿਸਾਨਾਂ ਨੇ ਆਪਣੀਆਂ ਜਾਨਾਂ ਖਤਰੇ ਵਿੱਚ ਪਾ ਕੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਮੌਕੇ 'ਤੇ ਕੋਈ ਵੀ ਪ੍ਰਸ਼ਾਨਕ ਅਧਿਕਾਰੀ ਜਾਂ ਸਰਕਾਰ ਦਾ ਨੁਮਾਇੰਦਾ ਨਹੀਂ ਪਹੁੰਚ ਸਕਿਆ।ਆਗੂਆਂ ਨੇ ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਅੱਗ ਵਿੱਚ ਨੁਕਸਾਨ ਹੋਈ ਕਣਕ ਦੀ ਫਸਲ ਤੇ ਤੂੜੀ ਵਾਲੇ ਨਾੜ ਦਾ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।ਜਿਨ੍ਹਾਂ ਦੇ ਖੇਤ 'ਚ ਘਰ ਸੜੇ ਅਤੇ ਖੇਤੀ ਦੇ ਸੰਦਾਂ ਦਾ ਨੁਕਸਾਨ ਹੋਇਆ ਹੈ, ਉਨ੍ਹਾਂ ਦੀ ਤੁਰੰਤ ਗਿਰਦਾਵਰੀ ਕਰਕੇ ਬਣਦਾ ਮੁਆਵਜ਼ਾ ਦਿੱਤਾ ਜਾਵੇ।ਇਸ ਮੌਕੇ ਉਨ੍ਹਾਂ ਨਾਲ ਗੋਰਾ ਸਿੰਘ ਪਿਪਲੀ, ਚਰਨਜੀਤ ਸਿੰਘ ਚਮੇਲੀ, ਅੰਜੂ ਕੌਰ ਰਾਜੋਵਾਲਾ, ਪ੍ਰੀਤਮ ਸਿੰਘ ਕਾਬਲ ਵਾਲਾ ਆਦਿ ਹਾਜ਼ਰ ਸਨ।

## ਮਾਛੀਵਾੜਾ ਖੇਤੀਬਾੜੀ ਸਭਾ 'ਤੇ 'ਆਪ' ਦਾ ਕਬਜ਼ਾ

### ਹਰਵਿੰਦਰ ਗਰੇਵਾਲ ਸਰਬਸੰਮਤੀ ਨਾਲ ਪ੍ਰਧਾਨ ਬਣੇ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿਛਲੇ ਕਈ ਸਾਲਾਂ ਵਿੱਚ ਉਤਰਾਅ ਚੜ੍ਹਾਅ ਦੇਖਣ ਵਾਲੀ ਦੀ ਮਾਛੀਵਾੜਾ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸਰਵਿਸ ਸਭਾ ਲਿਮਟਿਡ 'ਤੇ ਇਸ ਵਾਰ ਸੱਤਾਧਾਰੀ ਆਮ ਆਦਮੀ ਪਾਰਟੀ ਦਾ ਕਬਜ਼ਾ ਹੋ ਗਿਆ ਹੈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਸਭਾ ਦੇ ਮੈਂਬਰਾਂ ਦੀ ਹੋਈ ਮੀਟਿੰਗ ਵਿੱਚ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੀ ਮੌਜੂਦ ਸਨ। ਸਭਾ ਦੇ ਨਵੇਂ ਚੁਣੇ ਡਾਇਰੈਕਟਰਾਂ ਨੇ ਸਰਬਸੰਮਤੀ ਨਾਲ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਹਰਵਿੰਦਰ ਸਿੰਘ ਪ੍ਰਧਾਨ ਚੁਣੇ ਗਏ, ਜਦਕਿ ਜੀਤ ਰਾਮ ਸੀਨੀਅਰ ਮੀਤ ਪ੍ਰਧਾਨ, ਅੰਮ੍ਰਿਤਪਾਲ ਸਿੰਘ ਜੂਨੀਅਰ ਮੀਤ ਪ੍ਰਧਾਨ ਚੁਣ ਲਿਆ ਗਿਆ। ਇਸ ਚੋਣ ਪ੍ਰਕਿਰਿਆ ਵਿੱਚ ਸੁਖਵਿੰਦਰ ਸਿੰਘ, ਪਰਮਿੰਦਰ ਸਿੰਘ, ਬਹਾਦਰ ਸਿੰਘ, ਗਗਨਦੀਪ ਸਿੰਘ, ਪ੍ਰਦੀਪ ਕੌਰ ਨੇ ਭਾਗ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਖੇਤੀਬਾੜੀ ਸਹਿਕਾਰੀ ਸਭਾ 'ਤੇ ਆਮ ਆਦਮੀ ਪਾਰਟੀ ਦੇ ਸਮਰਥਕ ਮੈਂਬਰ ਚੁਣੇ ਗਏ ਤੇ ਇੱਕ ਆਮ ਵਰਕਰ ਹਰਵਿੰਦਰ ਸਿੰਘ ਗਰੇਵਾਲ ਨੂੰ ਪ੍ਰਧਾਨਗੀ ਦਾ ਅਹੁਦਾ ਦੇ ਕੇ ਨਿਵਾਜ਼ਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨ ਖੇਤੀਬਾੜੀ ਸਭਾ ਨਾਲ ਜੁੜ ਕੇ ਸਰਕਾਰ ਦੀਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ। ਨਵ-ਨਿਯੁਕਤ ਪ੍ਰਧਾਨ ਹਰਵਿੰਦਰ ਸਿੰਘ ਨੇ ਕਿਹਾ ਕਿ ਉਹ ਸੁਸਾਇਟੀ ਨਾਲ ਜੁੜੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਕੌਂਸਲਰ ਜਗਮੀਤ ਸਿੰਘ ਮੱਕੜ, ਆੜ੍ਹਤੀ ਬਲਵਿੰਦਰ ਸਿੰਘ ਬਿੰਦਰ, ਪ੍ਰਵੀਨ ਮੱਕੜ, ਪੀਏ ਨਵਜੀਤ ਸਿੰਘ ਉਟਾਲਾਂ, ਜਸਵੀਰ ਸਿੰਘ ਗਿੱਲ, ਕਰਮਜੀਤ ਸਿੰਘ ਬਾਲਿਓਂ, ਮੇਜਰ ਸਿੰਘ ਬਾਲਿਓਂ, ਸਕੱਤਰ ਅਮਰਪਾਲ ਸਿੰਘ, ਬਲਵੀਰ ਸਿੰਘ ਸੇਲਜ਼ਮੈਨ, ਮਨਪ੍ਰੀਤ ਸਿੰਘ ਸਰਕਲ ਪ੍ਰਧਾਨ, ਬਲਵਿੰਦਰ ਸਿੰਘ ਸਰਪ੍ਰਸਤ, ਰਣਦੀਪ ਕੁਮਾਰ ਜ਼ਿਲਾ ਪ੍ਰਧਾਨ, ਗੁਰਮੀਤ ਸਿੰਘ, ਬਲਜੀਤ ਸਿੰਘ, ਗੁਰਜੰਟ ਸਿੰਘ ਮੌਜੂਦ ਸਨ।

## ਨਰਾਇਣ ਪ੍ਰਤਾਪ ਨੇ ਤਾਈਕਵਾਂਡੋ ਚੈਂਪੀਅਨਸ਼ਿਪ 'ਚ ਜਿੱਤਿਆ ਸੋਨ ਤਮਗਾ



**ਕੋਟ ਈਸੇ ਖਾਂ (ਅਰੋੜਾ)**-ਇੰਟੀਗ੍ਰੇਟਡ ਆਰਡੈਂਟ ਸਕੂਲ ਦੇ ਹੁਨਰਮੰਦ ਵਿਦਿਆਰਥੀ ਨਰਾਇਣ ਪ੍ਰਤਾਪ ਸਿੰਘ ਨੇ ਫਰੀਦਕੋਟ ਵਿਖੇ ਹੋਈ 5ਵੀਂ ਮੈਮੋਰੀਅਲ ਓਪਨ ਤਾਈਕਵਾਂਡੋ ਚੈਂਪੀਅਨਸ਼ਿਪ-2025 ਵਿੱਚ ਗੋਲਡ ਮੈਡਲ ਹਾਸਲ ਕਰਕੇ ਆਪਣੀ ਦ੍ਰਿੜ੍ਹਤਾ, ਲਗਨ ਤੇ ਉੱਚੇ ਆਤਮ-ਵਿਸ਼ਵਾਸ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਕੀਤਾ।ਸਕੂਲ ਦੇ ਚੇਅਰਮੈਨ ਚੰਦ ਸਿੰਘ ਤੇ ਪ੍ਰਿੰਸੀਪਲ ਮੈਡਮ ਮਨਦੀਪ ਕੌਰ ਨੇ ਇਸ ਉਪਲਬਧੀ 'ਤੇ ਵਿਦਿਆਰਥੀ ਨੂੰ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਾਡੀ ਸਿੱਖਿਆ ਪ੍ਰਣਾਲੀ, ਖੇਡਾਂ ਲਈ ਸਮਰਪਿਤ ਟ੍ਰੇਨਿੰਗ ਤੇ ਵਿਦਿਆਰਥੀ ਦੀ ਲਗਨ ਦਾ ਨਤੀਜਾ ਹੈ।ਅਸੀਂ ਵਿਦਿਆਰਥੀਆਂ ਨੂੰ ਸਿਰਫ਼ ਪਾਠਕ੍ਰਮਕ ਗਿਆਨ ਹੀ ਨਹੀਂ, ਸਗੋਂ ਆਤਮ-ਵਿਕਾਸ, ਖੇਡਾਂ ਤੇ ਆਚਰਣਕੁਸ਼ਲਤਾ ਵਿੱਚ ਵੀ ਅੱਗੇ ਲਿਜਾਣ ਦੀ ਕੋਸ਼ਿਸ਼ ਕਰਦੇ ਹਾਂ।ਇਹ ਜਿੱਤ ਹੋਰ ਬੱਚਿਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ।ਸਕੂਲ ਦੀ ਸਿਖਲਾਈ ਦੀ ਪ੍ਰਣਾਲੀ ਹਮੇਸ਼ਾ ਇਹ ਯਕੀਨੀ ਬਣਾਉਂਦੀ ਹੈ ਕਿ ਹਰ ਵਿਦਿਆਰਥੀ ਨੂੰ ਆਪਣੀ ਛੁਪੀ ਹੋਈ ਤਾਕਤ ਨੂੰ ਪਛਾਣਨ ਤੇ ਉਸ ਨੂੰ ਉਭਾਰਨ ਦਾ ਮੌਕਾ ਮਿਲੇ।ਇੰਟੀਗ੍ਰੇਟਡ ਆਰਡੈਂਟ ਸਕੂਲ ਵਿਦਿਆਰਥੀਆਂ ਨੂੰ ਸਿਰਫ਼ ਪਾਠਕ੍ਰਮ ਵਿੱਚ ਹੀ ਨਹੀਂ, ਸਗੋਂ ਖੇਡਾਂ, ਸੰਸਕ੍ਰਿਤਕ ਗਤੀਵਿਧੀਆਂ ਅਤੇ ਆਤਮ-ਨਿਰਭਰਤਾ ਵੱਲ ਮੋੜਨ ਵਾਲੇ ਉੱਦਮਾਂ ਵਿੱਚ ਵੀ ਅੱਗੇ ਵਧਾਉਂਦਾ ਆ ਰਿਹਾ ਹੈ।ਸਾਰੇ ਸਕੂਲ ਵੱਲੋਂ ਵੀ ਵਿਦਿਆਰਥੀ ਨੂੰ ਇਸ ਉਪਲਬਧੀ ਲਈ ਵਧਾਈਆਂ ਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## 'ਯੁੱਧ ਨਸ਼ਿਆਂ ਵਿਰੁੱਧ' ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ : ਬਲਬੀਰ ਸਿੰਘ

**ਮਾਨਸਾ (ਆਤਮਾ ਸਿੰਘ ਪਮਾਰ)**

ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਮਕਸਦ ਨਸ਼ਿਆਂ ਦਾ ਲੱਕ ਤੋੜ ਕੇ ਨੌਜਵਾਨਾਂ ਨੂੰ ਇਸ ਦਲਦਲ 'ਚੋਂ ਬਾਹਰ ਕੱਢਣਾ ਤੇ ਨਵੀਂ ਸਵੇਰ ਵੱਲ ਲਿਜਾਣਾ ਹੈ।ਪੰਜਾਬ ਸਰਕਾਰ ਨਸ਼ਿਆਂ ਖਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ, ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਸਿਹਤ ਮੰਤਰੀ ਪੰਜਾਬ ਸ੍ਰੀ ਬਲਬੀਰ ਸਿੰਘ ਨੇ ਸਥਾਨਕ ਬੱਚਤ ਭਵਨ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹੇ ਅੰਦਰ ਹੁਣ ਤੱਕ ਦੀ ਕੀਤੀ ਗਈ ਕਾਰਗੁਜ਼ਾਰੀ ਦਾ ਲੇਖਾ-ਜੋਖਾ ਕਰਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ, ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰ. ਬੁੱਧ ਰਾਮ, ਵਿਧਾਇਕ ਸਰਦੂਲਗੜ੍ਹ ਸ੍ਰ. ਗੁਰਪ੍ਰੀਤ ਸਿੰਘ ਬਣਾਂਵਾਲੀ, ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ, ਐੱਸ.ਐੱਸ.ਪੀ. ਸ੍ਰੀ ਭਾਗੀਰਥ ਸਿੰਘ ਮੀਨਾ ਮੌਜੂਦ ਸਨ।ਇਸ ਮੌਕੇ ਸਿਹਤ ਮੰਤਰੀ



ਸ੍ਰੀ ਬਲਬੀਰ ਸਿੰਘ ਨੇ ਕਿਹਾ ਕਿ ਸਾਡੀ ਸਰਕਾਰ ਵੱਲੋਂ ਨਸ਼ਾ ਤਸਕਰਾਂ 'ਤੇ ਸਖ਼ਤੀ ਨਾਲ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਸ਼ੇ ਦੇ ਮਰੀਜ਼ ਨਸ਼ਾ ਛੱਡਣ ਲਈ ਡਾਕਟਰੀ ਸਹਾਇਤਾ ਲੈ ਰਹੇ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਕੋਈ ਵੀ ਵਿਅਕਤੀ ਨਸ਼ੇ ਵੇਚਦਾ ਪਾਇਆ ਜਾਂਦਾ ਹੈ ਤਾਂ ਉਸ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਜੋ ਵੀ ਵਿਅਕਤੀ ਨਸ਼ੇ ਛੱਡਣਾ ਚਾਹੁੰਦਾ ਹੈ, ਉਸ ਲਈ ਪੰਜਾਬ ਸਰਕਾਰ ਵੱਲੋਂ ਨਸ਼ਾ ਛੁਡਾਊ ਕੇਂਦਰ ਖੋਲ੍ਹੇ ਗਏ ਹਨ, ਜਿੱਥੇ ਨਾ ਕੇਵਲ ਨਸ਼ਾ ਛੁਡਵਾਇਆ ਜਾਂਦਾ ਹੈ, ਬਲਕਿ ਲੋਕਾਂ ਨੂੰ ਉਨ੍ਹਾਂ ਦੇ ਭਵਿੱਖ ਸਬੰਧੀ ਵੀ ਮਾਰਗਦਰਸ਼ਨ ਕੀਤਾ ਜਾਂਦਾ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ੇ ਦੀ ਸਪਲਾਈ ਲਾਈਨ ਟੁੱਟੀ ਹੈ, ਜਿਸ ਕਾਰਨ ਪੀੜਤ ਇਲਾਜ ਲਈ ਨਸ਼ਾ ਮੁਕਤੀ ਕੇਂਦਰਾਂ 'ਤੇ ਆ ਰਹੇ ਹਨ ਅਤੇ ਪਹਿਲਾਂ ਦੇ ਮੁਕਾਬਲੇ ਇਹ ਗਿਣਤੀ ਵਧਣ ਲੱਗੀ ਹੈ।ਇਸ ਲਈ ਸਰਕਾਰ ਵੱਲੋਂ ਰਾਜ ਵਿੱਚ ਨਸ਼ਾ ਮੁਕਤੀ ਕੇਂਦਰਾਂ ਤੇ ਪੁਨਰਵਾਸ ਕੇਂਦਰਾਂ ਵਿੱਚ ਬਿਸਤਰਿਆਂ ਦੀ ਗਿਣਤੀ ਵਧਾਈ ਜਾ ਰਹੀ ਹੈ, ਜਿਸ ਤਹਿਤ ਮਾਨਸਾ ਵਿਖੇ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਲਈ 90 ਬਿਸਤਰੇ ਹੋਰ ਲਗਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਜ਼ਿਲ੍ਹਾ ਮਾਨਸਾ 'ਚ 20 ਨਵੇਂ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ, ਜਿਸ ਵਿੱਚੋਂ 7 ਨੂੰ ਮਾਨਸਾ, 4 ਨੂੰ ਬੁਢਲਾਡਾ, 3 ਨੂੰ ਸਰਦੂਲਗੜ੍ਹ ਤੇ 2 ਨੂੰ ਖਿਆਲਾ ਕਲਾਂ ਵਿਖੇ ਤਾਇਨਾਤ ਕੀਤਾ ਗਿਆ ਹੈ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚਰਨਜੀਤ ਸਿੰਘ ਅੱਕਾਂਵਾਲੀ, ਚੇਅਰਮੈਨ ਮਾਰਕਿਟ ਕਮੇਟੀ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਵਧੀਕ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ, ਐੱਸ.ਡੀ.ਐੱਮ. ਬੁਢਲਾਡਾ ਗਗਨਦੀਪ ਸਿੰਘ, ਐੱਸ.ਪੀ. ਜਸਕੀਰਤ ਸਿੰਘ, ਸਿਵਲ ਸਰਜਨ ਅਰਵਿੰਦ ਪਾਲ ਤੋਂ ਇਲਾਵਾ ਸਿਹਤ ਵਿਭਾਗ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਧਰਤੀ ਦਿਵਸ ਮਨਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)**

ਮਾਡਰਨ ਗਰੁੱਪ ਆਫ ਇੰਸਟੀਚਿਊਟ ਬੀਰ ਕਲਾਂ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਧਰਤੀ ਦੀ ਸਾਂਭ ਸੰਭਾਲ ਲਈ ਭਰਪੂਰ ਜਾਣਕਾਰੀ ਦਿੱਤੀ ਗਈ। ਡਾਕਟਰ ਰਵਿੰਦਰ ਬਾਂਸਲ ਚੇਅਰਮੈਨ ਮਾਡਰਨ ਕਾਲਜ ਬੀਰ ਕਲਾਂ ਨੇ ਦੱਸਿਆ ਕਿ ਸਾਨੂੰ ਧਰਤੀ ਦੀ ਸਾਂਭ ਸੰਭਾਲ ਲਈ ਉਪਰਾਲੇ ਕਰਨੀ ਚਾਹੀਦੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਬਚਾਇਆ ਜਾ ਸਕੇ। ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਵਿਦਿਆਰਥੀਆਂ ਨੂੰ ਧਰਤੀ ਦੀ ਸਾਂਭ ਸੰਭਾਲ ਲਈ ਉਸ ਦਾ




ਮਹੱਤਵ ਤੇ ਉਸੇ ਦੇ ਇਤਿਹਾਸ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਧਰਤੀ ਦਿਵਸ ਨਾਲ ਸੰਬੰਧਤ ਚਾਰਟ ਬਣਾਏ ਗਏ। ਇਸ ਮੌਕੇ ਕਾਲਜ ਦੇ ਐੱਨ ਐੱਸ ਐੱਸ ਦੇ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਵਿੱਚ ਬੂਟੇ ਲਗਾਏ ਗਏ। ਇਸ ਮੌਕੇ ਪ੍ਰੋਫੈਸਰ ਅੰਤਰਪਾਲ ਕੌਰ, ਇੰਦਰਜੀਤ ਸਿੰਘ, ਹਰਦੀਪ ਕੌਰ, ਅਮਨਦੀਪ ਕੌਰ ਤੇ ਮੈਡਮ ਰਜਿੰਦਰ ਕੌਰ ਨੇ ਵੀ ਧਰਤੀ ਦਿਵਸ ਸਬੰਧੀ ਆਪਣੇ ਵਿਚਾਰ ਰੱਖੇ। ਇਸ ਮੌਕੇ ਸਮੂਹ ਵਿਦਿਆਰਥੀ ਤੇ ਸਟਾਫ ਹਾਜ਼ਰ ਸਨ।

## ਸਨਤ ਮਿੱਤਲ ਨੇ ਜਨਮ ਦਿਨ ਮੌਕੇ ਖ਼ੂਨ ਦਾਨ ਕਰ ਨੌਜਵਾਨ ਪੀੜ੍ਹੀ ਨੂੰ ਕੀਤਾ ਪ੍ਰੇਰਿਤ



**ਨਾਭਾ (ਵਰਿੰਦਰ ਵਰਮਾ)**-ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਖ਼ੂਨ ਦਾਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਕਿ ਲੋੜਵੰਦ ਇਨਸਾਨ ਦੀ ਮਦਦ ਕੀਤੀ ਜਾ ਸਕੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਨਤ ਮਿੱਤਲ ਨੇ ਮਾਨਵ ਸੇਵਾ ਉੱਤਮ ਸੇਵਾ (ਰਜਿ.) ਸਟੇਟ ਐਵਾਰਡੀ ਸੰਸਥਾ ਨਾਭਾ ਵੱਲੋਂ ਸਵਰਗੀ ਪ੍ਰਤਾਪ ਚੰਦ ਗੁਪਤਾ ਦੀ ਯਾਦ ਵਿੱਚ ਸੰਵਾਦ ਗਰੁੱਪ ਨਾਭਾ ਦੇ ਸਹਿਯੋਗ ਨਾਲ 24ਵਾਂ ਖ਼ੂਨਦਾਨ ਕੈਂਪ ਆਰੀਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਗੇਟ, ਨਾਭਾ ਵਿਖੇ ਲਗਾਏ ਜਾਣ ਉਪਰੰਤ ਪ੍ਰਗਟਾਏ। ਉਨ੍ਹਾਂ ਕਿਹਾ ਕਿ ਆਪਣੇ ਜਨਮ ਦਿਨ ਮੌਕੇ 18 ਸਾਲ ਪੂਰੇ ਹੋਣ ਤੇ ਪਹਿਲੀ ਵਾਰ ਖ਼ੂਨ ਦਾਨ ਕੀਤਾ ਹੈ। ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਮ ਲੋਕ ਇਸ ਕਰਕੇ ਖ਼ੂਨ ਦਾਨ ਨਹੀਂ ਕਰਦੇ, ਕਿਉਂਕਿ ਉਨ੍ਹਾਂ ਵਿੱਚ ਖ਼ੂਨ ਬਾਰੇ ਤੇ ਖ਼ੂਨਦਾਨ ਦੀ ਅਹਿਮੀਅਤ ਬਾਰੇ ਜਾਣਕਾਰੀ ਦੀ ਘਾਟ ਹੈ।ਉਨ੍ਹਾਂ ਕਿਹਾ ਕਿ ਸਕੂਲੀ ਸਿੱਖਿਆ ਵਿੱਚ ਖ਼ੂਨਦਾਨ ਦੀ ਅਹਿਮੀਅਤ ਬਾਰੇ ਸਿਲੇਬਸ ਦੀ ਘਾਟ ਹੈ, ਸਰਕਾਰਾਂ ਨੂੰ ਚਾਹੀਦਾ ਹੈ ਕਿ ਸਕੂਲਾਂ ਤੇ ਕਾਲਜਾਂ ਵਿੱਚ ਵੀ ਬੱਚਿਆਂ ਨੂੰ ਪ੍ਰੇਰਿਤ ਕੀਤਾ ਜਾਵੇ।ਇਸ ਮੌਕੇ ਸਨਤ ਦੇ ਪਿਤਾ ਵਿਕਾਸ ਮਿੱਤਲ ਤੇ ਮਾਤਾ ਰਜਨੀ ਮਿੱਤਲ ਨੇ ਕਿਹਾ ਕਿ ਹਰੇਕ ਪੇਰੈਂਟਸ ਨੂੰ ਆਪਣੇ ਬੱਚਿਆਂ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਕਿ ਜ਼ਰੂਰਤਮੰਦ ਵਿਅਕਤੀ ਦੀ ਜ਼ਿੰਦਗੀ ਬਚਾਈ ਜਾ ਸਕੇ। ਇਸ ਮੌਕੇ ਡਾ. ਏਕਤਾ, ਸੁਨਿਲ ਗੁਪਤਾ, ਸਾਹਿਲ ਗੁਪਤਾ, ਵਿਕਾਸ ਚੋਪੜਾ, ਬਲਦੇਵ ਕੁਮਾਰ, ਦੀਪਕ ਕੁਮਾਰ ਆਦਿ ਹਾਜ਼ਰ ਸਨ।

## ਸਰਕਾਰ ਮੰਡਲ ਕਮਿਸ਼ਨ ਰਿਪੋਰਟ ਨੂੰ ਪੰਜਾਬ 'ਚ ਲਾਗੂ ਕਰੇ : ਡਾ. ਦੀਪ

**ਅਜੀਤਵਾਲ (ਨਛੱਤਰ ਸੰਧੂ)**-ਸ੍ਰ: ਮੁਕੰਦ ਸਿੰਘ ਪੰਜਾਬ ਪ੍ਰਧਾਨ ਰਾਸ਼ਟਰੀ ਪਿੱਛੜੇ ਵਰਗ ਮੋਰਚਾ ਨੇ ਸਥਾਨਕ ਦੀਪ ਹਸਪਤਾਲ ਵਿੱਖੇ ਇੱਕ ਮੀਟਿੰਗ ਦੌਰਾਨ ਕਿਹਾ ਕਿ ਪੰਜਾਬ ਵਿੱਚ ਪਿੱਛੜੇ ਵਰਗ ਜਾਂ ਹੁਨਰਮੰਦ, ਕਾਰੀਗਰ ਵਰਗ ਜਾਂ ਸਾਡੇ ਅਤਿ-ਸਤਿਕਾਰਯੋਗ ਤਰਖਾਣ, ਲੋਹਾਰ, ਦਰਜ਼ੀ, ਸਿੱਖ ਭਾਈਚਾਰੇ, ਪ੍ਰਜਾਪਤ-ਸੈਣ ਭਾਈਚਾਰੇ, ਮਹਿਰਾ ਸਿੱਖ ਭਾਈਚਾਰੇ ਦੇ ਹੱਕਾਂ ਅਧਿਕਾਰਾਂ 'ਤੇ ਵੱਖੋ-ਵੱਖਰੀਆਂ ਸਰਕਾਰਾਂ ਪਿਛਲੇ 75 ਸਾਲਾਂ ਤੋਂ ਡਾਕੇ ਮਾਰ ਰਹੀਆਂ ਹਨ।ਮੰਡਲ ਕਮਿਸ਼ਨ, ਜੋ ਕਿ ਇਨ੍ਹਾਂ ਭਾਈਚਰਿਆਂ ਦੇ ਹੱਕ- ਹਕੂਕ ਦੀ ਗੱਲ ਕਰਦਾ ਹੈ, ਉਸ ਨੂੰ ਪੰਜਾਬ ਵਿੱਚ ਲਾਗੂ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ।ਜਿੱਥੇ ਬਾਕੀ ਸਾਰੇ ਭਾਰਤ ਵਿੱਚ ਜਾਤ ਅਧਾਰਤ ਜਨ-ਸੰਖਿਆ ਗਿਣਤੀ ਦਾ ਮਸਲਾ ਵੱਡੀ ਪੱਧਰ 'ਤੇ ਵਿਚਾਰਿਆ ਤੇ ਪ੍ਰਚਾਰਿਆ ਜਾ ਰਿਹਾ ਹੈ, ਇੱਥੋ ਤੱਕ ਕਿ ਕਰਨਾਟਕ, ਤਾਮਿਲਨਾਡੂ, ਤਿਲੰਗਾਨਾ ਤੇ ਬਿਹਾਰ ਵਰਗੇ ਸੂਬਿਆਂ ਵਿੱਚ ਇਸ 'ਤੇ ਵੱਡੀ ਪੱਧਰ 'ਤੇ ਅਮਲ ਵੀ ਹੋ ਰਿਹਾ ਹੈ, ਪਰ ਪੰਜਾਬ ਵਿੱਚ ਇਨ੍ਹਾਂ ਹੁਨਰਮੰਦ ਭਾਈਚਾਰਿਆਂ ਦੀ ਇੱਜ਼ਤ-ਪ੍ਰਤ ਤੇ ਹੱਕ ਅਧਿਕਾਰਾਂ ਦੀ ਸਨਮਾਨਜਨਕ ਬਹਾਲੀ ਲਈ ਸਰਕਾਰਾਂ ਵੱਲੋਂ ਕੋਈ ਕਦਮ ਨਹੀਂ ਚੁੱਕੇ ਜਾ ਰਹੇ।ਉਲਟਾ ਇਨ੍ਹਾਂ ਭਾਈਚਾਰਿਆਂ ਨੂੰ ਉਲਝਾ ਕੇ ਇਨ੍ਹਾਂ ਦੇ ਪ੍ਰਮੁੱਖ ਮੁੱਦਿਆਂ ਤੋਂ ਭਟਕਾਉਣ ਲਈ ਭਰਮਜਾਲ ਖੜ੍ਹੇ ਕੀਤੇ ਜਾ ਰਹੇ ਹਨ।ਇਹ ਸਭ ਕੁੱਝ ਜਾਣ ਬੁੱਝ ਕੇ, ਸੋਚ ਵਿਚਾਰ ਕੇ ਕੀਤਾ ਜਾ ਰਿਹਾ ਹੈ।ਇਸ ਮੌਕੇ



ਬੁਹਜਨ ਮੁਕਤੀ ਪਾਰਟੀ ਦੇ ਸੂਬਾ ਯੂਥ ਪ੍ਰਧਾਨ ਸ੍ਰੀ ਦੀਪ ਸ਼ੇਰਗਿੱਲ ਨੇ ਕਿਹਾ ਕਿ ਮੰਡਲ ਕਮਿਸ਼ਨ ਦੀ ਰਿਪੋਰਟ ਲਾਗੂ ਕਰਵਾਉਣਾ ਕੋਈ ਜਾਤੀਵਾਦੀ, ਮਨੂੰਵਾਦੀ ਅਜੰਡਾ ਨਹੀਂ ਹੈ, ਬਲਕਿ ਇਹ ਸਾਡੇ ਮਹਾਨ ਰਹਿਬਰਾਂ ਤੇ ਮਹਾਪੁਰਸ਼ਾਂ ਦੀ ਲਿਖੀ ਅਤੇ ਕਹੀ ਗਈ ਗੱਲ ਨੂੰ ਪ੍ਰੈਕਟੀਕਲ ਰੂਪ ਵਿੱਚ ਜ਼ਮੀਨੀ ਧਰਾਤਲ 'ਤੇ ਲਾਗੂ ਕਰਨ ਦੀ ਹੀ ਨੀਤੀ ਹੈ।ਸਤਿਗੁਰੂ ਰਵਿਦਾਸ ਮਹਾਰਾਜ ਦਾ ਬੇਗਮਪੁਰੇ ਦਾ ਸਕੰਲਪ, ਬਾਬਾ ਨਾਨਕ ਜੀ ਦਾ 'ਵੰਡ ਛਕੋ' ਦਾ ਸਿਧਾਂਤ ਗੁਰੂ ਗੋਬਿੰਦ ਸਿੰਘ ਜੀ ਦਾ 'ਖਾਲਸਾ ਸਾਜਨਾ' ਦਾ ਪ੍ਰਕਰਣ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦਾ ਲਿਖਿਆ ਸੰਵਿਧਾਨ ਸਾਨੂੰ ਇਹ ਕਾਰਜ ਕਰਨ ਲਈ ਹੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਦੀਪ ਹਸਪਤਾਲ ਦੇ ਮਾਲਕ ਤੇ ਸੰਚਾਲਕ ਡਾ. ਹਰਗੁਰਪ੍ਰਤਾਪ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਮੁੱਚੇ ਬੀ. ਸੀ. ਭਾਈਚਾਰੇ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਂਦੀ 5% ਦੀ ਰਿਜ਼ਰਵੇਸ਼ਨ ਨੂੰ ਵਧਾ ਕੇ ਹਕੀਕੀ ਰੂਪ ਵਿੱਚ 27% ਕੀਤਾ ਜਾਵੇ।ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਡਾ. ਮਨਪ੍ਰੀਤ ਸਿੰਘ ਨੇ ਕਿਹਾ ਕਿ ਸਮੁੱਚੇ ਬੈਕਵਰਡ-ਭਾਈਚਾਰੇ ਸਣੇ ਤਰਖਾਣ, ਲੋਹਾਰ, ਦਰਜ਼ੀ, ਸੈਣ, ਪ੍ਰਜਾਪਤ, ਮਹਿਰਾ ਸਿੱਖ ਭਾਈਚਾਰੇ, ਸਣੇ ਹੋਰਨਾਂ ਤੇ ਸਵਰਨਕਾਰ ਭਾਈਚਾਰੇ ਦੇ ਇੱਕ-ਜੁੱਟ ਹੋ ਕੇ ਆਪਣੀ ਹੱਕ ਅਧਿਕਾਰ ਦੀ 27% ਰਿਜ਼ਰਵੇਸ਼ਨ, ਓ.ਬੀ.ਸੀ. ਕਮਿਸ਼ਨ ਤੇ ਹੋਰ ਆਰਥਿਕ, ਰਾਜਨੀਤਕ ਤੇ ਸਮਾਜਿਕ ਮੰਗਾਂ ਮਸਲਿਆਂ ਵਾਸਤੇ ਸੰਘਰਸ਼ਤ ਹੋਣ ਤੇ ਸੰਘਰਸ਼ਸ਼ੀਲ ਤਬਕਿਆਂ ਦਾ ਤਨੋ-ਮਨੋ-ਧਨੋ ਹਰ ਪੱਖ ਤੋਂ ਸਾਥ ਦੇਣ।

ਸ੍ਰ: ਸਾਗਰ ਸਿੰਘ ਬਰਨਾਲਾ ਨੇ ਸਮੁੱਚੇ ਪਿੱਛੜੇ ਸਮਾਜ ਨੂੰ ਸੈਮੀਨਾਰਾਂ, ਰੈਲੀਆਂ, ਧਰਨੇ, ਮੁਜ਼ਾਹਰੇ ਤੇ ਹੋਰ ਸੰਵਿਧਾਨਕ ਤਰੀਕਿਆਂ ਰਾਹੀਂ ਆਪਣੀ ਗੱਲ ਸਰਕਾਰਾਂ ਦੇ ਕੰਨਾਂ ਤੱਕ ਪਹੁੰਚਣ ਦੀ ਪਹੁੰਚ ਅਪਣਾਉਣ 'ਤੇ ਜ਼ੋਰ ਦਿੱਤਾ।ਇਸ ਮੌਕੇ ਹਰਪ੍ਰੀਤ ਸਿੰਘ ਰਾਮਪੁਰਾ ਫੂਲ, ਮਨਪ੍ਰੀਤ ਸਿੰਘ ਮਾਣੂੰਕੇ, ਗੁਰਚਰਨ ਸਿੰਘ ਪੱਤੋਂ, ਗੁਰਾਦਿੱਤਾ ਸਿੰਘ ਮੁਕਤਸਰ, ਹਰਜਿੰਦਰ ਸਿੰਘ ਦੋਦਾ, ਜਲੌਰ ਸਿੰਘ ਨਿਹਾਲ ਸਿੰਘ ਵਾਲਾ, ਨਿਰਮਲ ਸਿੰਘ ਰਣਸੀਂਹ ਕਲਾਂ, ਗੁਰਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾ. ਸਤਨਾਮ ਸਿੰਘ ਮਾਛੀਕੇ ਹਾਜ਼ਰ ਸਨ।

## ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਬਣਨ ਵਾਲੇ ਬਾਈਪਾਸ ਸੰਬੰਧੀ ਬੈਠਕ

### ਸਰਕਾਰ ਵੱਲੋਂ 13.28 ਕਰੋੜ ਰੁਪਏ ਦੀ ਪ੍ਰਸ਼ਾਸਨਕੀ ਪ੍ਰਵਾਨਗੀ ਜਾਰੀ ਹੋ ਚੁੱਕੀ : ਜਗਦੀਪ ਗੋਲਡੀ

**ਜਲਾਲਾਬਾਦ (ਜੀਤ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਫਿਰੋਜ਼ਪੁਰ-ਫਾਜ਼ਿਲਕਾ ਮੁੱਖ ਮਾਰਗ ਨੂੰ ਜੋੜਨ ਵਾਲੇ ਸ਼੍ਰੋਮਣੀ ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਜਲਾਲਾਬਾਦ ਦਾ ਬਾਈਪਾਸ ਬਣਾਉਣ ਦਾ ਕੰਮ ਜਲਦ ਸ਼ੁਰੂ ਹੋਵੇਗਾ। ਇਹ ਜਾਣਕਾਰੀ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਇੱਥੇ ਇਸ ਸਬੰਧੀ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਦੌਰਾਨ ਦਿੱਤੀ। ਇਸ ਬੈਠਕ ਵਿੱਚ ਜਲਾਲਾਬਾਦ ਦੇ ਐੱਸ ਡੀ ਐੱਮ ਸ੍ਰੀ ਕੰਵਰਜੀਤ ਸਿੰਘ ਮਾਨ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਫਾਜ਼ਿਲਕਾ ਫਿਰੋਜ਼ਪੁਰ ਰੋਡ ਤੇ



ਜਲਾਲਾਬਾਦ ਬਾਈਪਾਸ ਬਣਾਉਣ ਸੰਬੰਧੀ ਸਵਾਲ ਉਠਾਇਆ ਸੀ, ਜਿਸ 'ਤੇ ਲੋਕ ਨਿਰਮਾਣ ਮੰਤਰੀ ਸ੍ਰ: ਹਰਭਜਨ ਸਿੰਘ ਈਟੀਓ ਨੇ ਵਿਧਾਨ ਸਭਾ ਵਿੱਚ ਸੂਚਿਤ ਕੀਤਾ ਸੀ ਕਿ ਫਿਰੋਜ਼ਪੁਰ ਫਾਜ਼ਿਲਕਾ ਰੋਡ ਤੋਂ ਜਲਾਲਾਬਾਦ ਦਾ ਬਾਈਪਾਸ ਬਣਾਇਆ ਜਾਏਗਾ, ਜੋ ਕਿ ਬੰਗੇ ਕੇ ਉਤਾੜ ਤੋਂ ਸ਼ੁਰੂ ਹੋਵੇਗਾ ਤੇ ਨਹਿਰ ਦੇ ਨਾਲ ਨਾਲ ਹੁੰਦਾ ਹੋਇਆ ਅਮੀਰ ਖਾਸ ਤੱਕ ਬਣੇਗਾ। ਇਸ ਸਬੰਧੀ ਵਿਭਾਗ ਵੱਲੋਂ ਅਗਲੇਰੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਤਾਂ ਜੋ ਇਸ ਦਾ ਨਿਰਮਾਣ ਜਲਦ ਸ਼ੁਰੂ ਹੋ ਸਕੇ। ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਦੱਸਿਆ ਕਿ ਇਸ ਦੀ ਲੰਬਾਈ 8.75 ਕਿਲੋਮੀਟਰ ਹੋਵੇਗੀ ਤੇ ਇਹ 18 ਫੁੱਟ ਚੌੜਾ ਹੋਵੇਗਾ। ਇਸ ਸਬੰਧੀ ਸਰਕਾਰ ਨੇ 13 ਕਰੋੜ 28 ਲੱਖ 70 ਹਜ਼ਾਰ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਵੀ ਜਾਰੀ ਕਰ ਦਿੱਤੀ ਹੈ।

ਵਿਧਾਇਕ ਨੇ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਜਲਾਲਾਬਾਦ ਦੀ ਟ੍ਰੈਫਿਕ ਦੀ ਸਮੱਸਿਆ ਦਾ ਸਥਾਈ ਹੱਲ ਹੋ ਜਾਵੇਗਾ ਤੇ ਫਾਜ਼ਿਲਕਾ ਤੋਂ ਫਿਰੋਜ਼ਪੁਰ ਆਉਣ ਜਾਣ ਵਾਲੇ ਲੋਕਾਂ ਨੂੰ ਵੀ ਘੱਟ ਸਮਾਂ ਲੱਗੇਗਾ। ਵਿਧਾਇਕ ਗੋਲਡੀ ਨੇ ਇਸ ਸੜਕ ਦੀ ਪ੍ਰਵਾਨਗੀ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਕਣਕ ਦੀ ਫਸਲ ਦੇ ਨੁਕਸਾਨ ਦਾ ਜਾਇਜ਼ਾ ਲੈਣ ਕਟਾਰੂਚੱਕ ਢਡਪਾਲਾ ਪਹੁੰਚੇ



**ਪਠਾਨਕੋਟ (ਦਵਿੰਦਰ ਸਿੰਘ)**- ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਢਡਪਾਲਾ ਪਹੁੰਚੇ ਅਤੇ ਪਿਛਲੇ ਦਿਨੀਂ ਕਣਕ ਦੀ ਫਸਲ ਨੂੰ ਲੱਗੀ ਅੱਗ ਦਾ ਜਾਇਜ਼ਾ ਲੈਣ ਲਈ ਪ੍ਰਭਾਵਿਤ ਏਰੀਏ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਦੀ ਫਸਲ ਅੱਗ ਦੀ ਲਪੇਟ ਵਿੱਚ ਆਈ ਹੈ ਜ਼ਿਲ੍ਹਾ ਪ੍ਰਸ਼ਾਸਨ ਨਾਲ ਗੱਲ ਕਰਕੇ ਰਿਪੋਰਟ ਤਿਆਰ ਕੀਤੀ ਜਾਏਗੀ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਏਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ, ਪਿੰਡ ਦੇ ਕਿਸਾਨ, ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀ ਅਤੇ ਬਿਜਲੀ ਬੋਰਡ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਸਨ। ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਦੋ ਪਿੰਡਾਂ ਦੀ ਕਰੀਬ 20 ਕਿੱਲੇ ਕਣਕ ਦੀ ਫਸਲ ਅੱਗ ਦੀ ਲਪੇਟ ਵਿੱਚ ਆਣ ਕਰਕੇ ਸੜ ਕੇ ਸੁਆਹ ਹੋ ਗਈ, ਉਨ੍ਹਾਂ ਦੱਸਿਆ ਕਿ ਪਤਾ ਲੱਗਾ ਹੈ ਕਿ ਬਿਜਲੀ ਦੀਆਂ ਤਾਰਾਂ ਕਰਕੇ ਸ਼ਾਟ ਸਰਕਟ ਹੋਣ ਕਾਰਨ ਕਣਕ ਦੀ ਫਸਲ ਨੂੰ ਅੱਗ ਲੱਗੀ ਹੈ। ਇਸ ਮੌਕੇ ਉਨ੍ਹਾਂ ਨਾਲ ਬਿਜਲੀ ਵਿਭਾਗ ਅਤੇ ਮਾਲ ਵਿਭਾਗ ਦੇ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਸਨ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਕਿਸਾਨ ਵੱਲੋਂ ਬਹੁਤ ਹੀ ਮਿਹਨਤ ਦੇ ਨਾਲ ਆਪਣੀ ਫਸਲ ਦੀ ਪੈਦਾਵਾਰ ਕੀਤੀ ਜਾਂਦੀ ਹੈ ਅਤੇ ਅਜਿਹੀਆਂ ਘਟਨਾਵਾਂ ਕਰਕੇ ਉਨ੍ਹਾਂ ਦਾ ਵਿੱਤੀ ਨੁਕਸਾਨ ਹੁੰਦਾ ਹੈ ਤਾਂ ਕਿਸਾਨ ਲਈ ਬਹੁਤ ਹੀ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨ ਹਿੱਤਾਂ ਲਈ ਵਚਨਬੱਧ ਹੈ।ਜਲਦੀ ਹੀ ਇਸ ਮਾਮਲੇ ਦੀ ਰਿਪੋਰਟ ਬਣਾ ਕੇ ਸਰਕਾਰ ਨੂੰ ਭੇਜੀ ਜਾਵੇਗੀ ਤਾਂ ਜੋ ਕਿਸੇ ਕਿਸਾਨ ਦਾ ਕੋਈ ਨੁਕਸਾਨ ਨਾ ਹੋਵੇ।

## ਵਿਧਾਇਕ ਰੰਧਾਵਾ ਵੱਲੋਂ ਸ ਸ ਸੈਕੰਡਰੀ ਸਮਾਰਟ ਸਕੂਲ (ਲੜਕਿਆਂ) ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰ ਰਹੀ ਹੈ, ਬਹੁਤੇ ਸਕੂਲ ਤਾਂ ਅਧੁਨਿਕ ਹੋ ਚੁੱਕੇ ਹਨ ਰਹਿੰਦੇ ਸਕੂਲਾਂ ਵਿੱਚ ਵੀ ਉੱਚ ਦਰਜੇ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਦੇ ਲਿਰਤੋੜ ਯਤਨ ਜਾਰੀ ਹਨ। ਪੰਜਾਬ ਸਰਕਾਰ ਦੀ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਸਕੂਲਾਂ ਨੂੰ ਆਧੁਨਿਕ ਕਰਨ ਲਈ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ ਅਤੇ ਇਹ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਵਿਖੇ ਸਿੱਖਿਆ ਕ੍ਰਾਂਤੀ ਤਹਿਤ 9 ਲੱਖ 30 ਹਜ਼ਾਰ 440 ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਸਕੂਲ ਦੇ ਬਾਬਾ ਸ੍ਰੀ ਚੰਦ ਆਡੀਟੋਰੀਅਮ ਹਾਲ ਵਿਖੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਬੱਚਿਆ ਦੇ ਦਾਖਲਿਆਂ ਵਿੱਚ ਵਾਧਾ ਵੀ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਇਤਿਹਾਸ ਕੰਮ ਕੀਤੇ ਹਨ ਤੇ ਇਹ ਨਿਰੰਤਰ ਜਾਰੀ ਵੀ ਰਹਿਣਗੇ। ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਜਿਸ ਤਹਿਤ ਵਿਦਿਆਰਥੀਆਂ ਨੂੰ ਪੀਣ ਲਈ ਸਾਫ ਤੇ ਸ਼ੁੱਧ ਪਾਣੀ, ਬਿਜਲੀ, ਸਰਕਾਰੀ ਸਕੂਲਾਂ ਦੀਆਂ ਸੋਹਣੀਆਂ ਇਮਾਰਤਾਂ, ਵਧੀਆ ਇਨਫਰਾਸਟਰਕਚਰ, ਸਮਾਰਟ ਕਲਾਸ ਰੂਮ, ਸਾਇੰਸ ਲੈਬਜ਼, ਖੇਡ ਗਰਾਊਂਡ ਆਦਿ ਸਕੂਲਾਂ ਦੀ ਦਿੱਖ ਸੁੰਦਰ ਅਤੇ ਪੜ੍ਹਾਈ ਦੇ ਮਿਆਰ ਨੂੰ ਚਾਰ ਚੰਨ ਲਗਾ ਰਹੀਆਂ ਹਨ। ਇਹ ਸਭ ਕੁਝ ਆਮ ਆਦਮੀ ਪਾਰਟੀ ਦੀ ਸੁਚੱਜੀ ਅਤੇ ਦੂਰ-ਅੰਦੇਸ਼ੀ ਸੋਚ ਸਦਕਾ ਹੀ ਸੰਭਵ ਹੋਇਆ ਹੈ। ਇਸ ਮੌਕੇ ਉਨ੍ਹਾਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ। ਅਖੀਰ ਵਿੱਚ ਸਕੂਲ ਇੰਚਾਰਜ ਮੈਡਮ ਮਨਦੀਪ ਕੌਰ ਅਤੇ ਸਮੂਹ ਸਕੂਲ ਸਟਾਫ ਵੱਲੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਆਪ ਆਗੂ ਬਿੱਟਾ ਮਹਾਜਨ, ਮੀਤ ਪ੍ਰਧਾਨ ਨਗਰ ਕੌਂਸਲ ਕੁਲਵਿੰਦਰ ਸਿੰਘ ਬੇਦੀ (ਜੁਗਨੂੰ), ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਬਲਕਾਰ ਸਿੰਘ ਫੌਜੀ, ਸਾਬਕਾ ਕੌਂਸਲਰ ਬਲਦੇਵ ਰਾਜ ਡਾਇਮੰਡ, ਰਾਜਾ ਮੰਗੀ, ਹਲਕਾ ਨੋਡਲ ਅਫਸਰ (ਸਿੱਖਿਆ), ਹਰਮਿੰਦਰ ਸਿੰਘ ਪੰਛੀ, ਮੇਜਰ ਸਿੰਘ ਠੇਠਰਕੇ, ਹਰਪ੍ਰੀਤ ਸਿੰਘ ਹੈਪੀ ਸਰਪੰਚ ਬਹਿਲੋਲਪੁਰ, ਇੰਦਰਜੀਤ ਸਿੰਘ ਚਾਵਾਂਵਾਲੀ, ਭੁਭਕਰਨ ਸਿੰਘ ਠੇਠਰਕੇ, ਐੱਸ. ਐੱਮ. ਸੀ. ਚੇਅਰਮੈਨ ਵਿਨੋਦ ਕੁਮਾਰ ਵਿੱਗ, ਬਲਵੰਤ ਰਾਏ, ਰਣਜੀਤ ਸਿੰਘ ਰੰਧਾਵਾ, ਡਾਕਟਰ ਗੁਰਦੇਵ ਸਿੰਘ, ਮੈਡਮ ਪਰਮਿੰਦਰ ਕੌਰ, ਅਨਿਲ ਕੁਮਾਰ, ਅਨਜਾਨਾ ਕੁਮਾਰੀ, ਨੀਤਾ, ਪੂਨਮ ਦੇਵੀ, ਰਾਜਵਿੰਦਰ ਕੌਰ, ਰਹਿਨੀ ਬਾਬੂਲ, ਸੰਧਿਆ, ਡਬਰਾਲ, ਸੋਨੀਆ, ਮਨਿੰਦਰ ਕੌਰ, ਰਾਜਪਾਲ, ਅਮਨਦੀਪ ਕੌਰ, ਹਰਜੀਤ ਸਿੰਘ ਗਿੱਲ, ਬਲਜਿੰਦਰ ਸਿੰਘ, ਮਮਤਾ ਰਾਣੀ, ਅਵਤਾਰ ਸਿੰਘ, ਬਾਬੂ ਲਾਲ, ਬਲਵਿੰਦਰ ਸਿੰਘ, ਕਰਨਬੀਰ ਸਿੰਘ, ਸੁਖਦੇਵ ਸਿੰਘ, ਪ੍ਰਭਪ੍ਰੀਤ ਸਿੰਘ, ਰਜਨੀ, ਬਲਜਿੰਦਰ ਕੌਰ, ਕੈਂਪਸ ਮੈਨੇਜਰ ਬਿਸ਼ਨ ਦਾਸ ਆਦਿ ਤੋਂ ਇਲਾਵਾ ਸਕੂਲ ਸਟਾਫ ਮੈਂਬਰ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਸੀਮਾ ਸੁਰੱਖਿਆ ਲਈ ਇਲੈਕਟ੍ਰੋਨਿਕ ਉਪਕਰਨਾਂ ਦੀ ਵਰਤੋਂ ਸਰਕਾਰ ਦਾ ਸ਼ਲਾਘਾਯੋਗ ਕਦਮ : ਡਾ. ਰਿਤੂ ਕੌਂਡਲ



**ਗੁਰਦਾਸਪੁਰ (ਜਨਕ ਮਹਾਜਨ)**- ਪਿਛਲੇ ਦਿਨੀਂ ਜੰਮੂ-ਕਸ਼ਮੀਰ ਦੇ ਦੌਰੇ ਦੌਰਾਨ ਕਠੂਆ ਜ਼ਿਲ੍ਹੇ ਦੇ ਕਸਬਾ ਹੀਰਾਨਗਰ ਸਥਿਤ ਅੰਤਰਰਾਸ਼ਟਰੀ ਸੀਮਾ ਦੇ ਨੇੜੇ ਬੀ.ਐੱਸ.ਐੱਫ. ਚੌਕੀ ਦੇ ਦੌਰੇ ਉਪਰੰਤ ਪਾਕਿਸਤਾਨ ਨਾਲ ਲੱਗਦੇ ਬਾਰਡਰ ਕੰਡੇ ਸੁਰੱਖਿਆ ਦੇ ਮੱਦੇਨਜ਼ਰ ਇਲੈਕਟ੍ਰਾਨਿਕ ਨਿਗਰਾਨੀ ਸਿਸਟਮ ਤੈਨਾਤ ਕੀਤੇ ਜਾਣ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਯਤਨਾਂ ਦੀ ਹਿਮਾਚਲ ਪਰਿਵਾਰ ਸੰਸਥਾ ਪੰਜਾਬ ਦੀ ਮਹਾਂਮੰਤਰੀ ਡਾ. ਰਿਤੂ ਕੌਂਡਲ ਨੇ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਸੀਮਾ ਦੀ ਸੁਰੱਖਿਆ ਲਈ ਅਤੇ ਅੱਤਵਾਦੀਆਂ ਦੀ ਘੁਸਪੈਠ ਨੂੰ ਰੋਕਣ ਲਈ ਬਾਰਡਰ ਏਰੀਏ ਕੰਡੇ ਅਜਿਹੇ ਇਲੈਕਟ੍ਰੋਨਿਕ ਨਿਗਰਾਨੀ ਸਿਸਟਮ ਲਗਾਣ ਨਾਲ ਅੱਤਵਾਦੀਆਂ ਨੂੰ ਠੱਲ੍ਹ ਪਾਈ ਜਾਵੇਗੀ। ਉਨ੍ਹਾਂ ਦੇ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਇਸ ਕਾਰਜ ਲਈ ਤਾਰੀਫ਼ ਕੀਤੀ। ਡਾਕਟਰ ਰੀਤੂ ਕੌਂਡਲ ਵੱਲੋਂ ਅਮਿਤ ਸ਼ਾਹ ਦੁਆਰਾ ਇਸ ਮੌਕੇ ਤਰਸ ਦੇ ਅਧਾਰ 'ਤੇ 9 ਲੋਕਾਂ ਨੂੰ ਨਿਯੁਕਤੀ ਪੱਤਰ ਦੇਣ ਦੀ ਵੀ ਸ਼ਲਾਘਾ ਕੀਤੀ ਗਈ। ਡਾਕਟਰ ਰਿਤੂ ਨੇ ਕਿਹਾ ਕਿ ਇਸ ਨਾਲ ਜਵਾਨਾਂ ਦੇ ਹੌਸਲੇ ਬੁਲੰਦ ਹੁੰਦੇ ਹਨ ਅਤੇ ਬਾਰਡਰ ਨੇੜੇ ਰਹਿੰਦੇ ਲੋਕਾਂ ਦਾ ਮਨੋਬਲ ਵਧਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕੰਮਾਂ ਵਿੱਚ ਹਿਮਾਚਲ ਪਰਿਵਾਰ ਭਾਰਤ ਸਰਕਾਰ ਨਾਲ ਚਟਾਨ ਵਾਂਗ ਖੜ੍ਹਾ ਹੈ।

## ਐਡ. ਹਰਮਨਪ੍ਰੀਤ ਸਿੰਘ ਅਨੁਸ਼ਾਸਨ ਤੇ ਵਿਜੀਲੈਂਸ ਕਮੇਟੀ ਦੇ ਸਹਿ-ਮੈਂਬਰ ਨਿਯੁਕਤ



**ਜੰਡਿਆਲਾ ਗੁਰੂ (ਹਰਿਦਰ ਪਾਲ ਸਿੰਘ)**- ਐਡਵੋਕੇਟ ਬਿਕਰਮ ਸਿੰਘ ਮਲਹੋਤਰਾ ਦੇ ਹੋਣਹਾਰ ਪੁੱਤਰ ਅਤੇ ਐਡਵੋਕੇਟ ਅਮਰੀਕ ਸਿੰਘ ਮਲਹੋਤਰਾ ਦੇ ਭਤੀਜੇ ਐਡਵੋਕੇਟ ਹਰਮਨਪ੍ਰੀਤ ਸਿੰਘ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦੀ ਅਨੁਸ਼ਾਸਨ ਅਤੇ ਵਿਜੀਲੈਂਸ ਕਮੇਟੀ ਦਾ ਸਹਿ-ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਡਵੋਕੇਟ ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਜੋ ਜ਼ੁੰਮੇਵਾਰੀ ਸੌਂਪੀ ਗਈ ਹੈ ਉਹ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਥੇ ਇਹ ਦੱਸਣਯੋਗ ਹੈ ਕਿ ਐਡਵੋਕੇਟ ਹਰਮਨਪ੍ਰੀਤ ਸਿੰਘ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਹਨ।

## ਕਿਸਾਨਾਂ ਨੇ ਪਿੰਡ ਦਾਰਾਪੁਰ ਤੇ ਗੁੰਨੋਪੁਰ 'ਚ ਹਲਕਾ ਇੰਚਾਰਜ ਸੇਖਵਾਂ ਦਾ ਕੀਤਾ ਵਿਰੋਧ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਦਾਰਾਪੁਰ ਤੇ ਗੁੰਨੋਪੁਰ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਜਗਰੂਪ ਸਿੰਘ ਸੇਖਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਤੇ ਹਲਕਾ ਇੰਚਾਰਜ ਕਾਦੀਆਂ ਪਹੁੰਚੇ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਥੇਬੰਦੀ ਬੀਬੀ ਸੁੰਦਰੀ ਜ਼ੋਨ ਦੇ ਆਗੂਆਂ ਰਣਜੀਤ ਸਿੰਘ, ਡਾਕਟਰ ਦਲਜੀਤ ਸਿੰਘ, ਬੀਬੀ ਜਸਬੀਰ ਕੌਰ ਦੀ ਅਗਵਾਈ ਵਿੱਚ ਆਪ ਆਗੂ ਨੂੰ ਸਵਾਲ ਪੁੱਛਣ ਦਾ ਯਤਨ ਕੀਤਾ ਗਿਆ ਤਾਂ ਭੈਣੀ ਮੀਆਂ ਖਾਂ ਥਾਣੇ ਦਾ ਐੱਸਐੱਚਓ ਕਿਸਾਨ ਆਗੂਆਂ ਨਾਲ ਖਹਿਬੜਦਾ ਨਜ਼ਰ ਆਇਆ ਅਤੇ ਵਾਰ-ਵਾਰ ਧਮਕੀਆਂ ਦੇ ਰਿਹਾ ਸੀ ਕਿ ਤੁਹਾਨੂੰ ਗ੍ਰਿਫਤਾਰ ਕਰਕੇ ਅੰਦਰ ਡੱਕ ਦੇਵਾਂਗਾ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਕੋਰ ਕਮੇਟੀ ਆਗੂ ਸਵਿੰਦਰ ਸਿੰਘ ਚੁਤਾਲਾ, ਹਰਵਿੰਦਰ ਸਿੰਘ ਮਸਾਣੀਆਂ ਨੇ ਇਸ ਗੱਲ ਦਾ ਸਖ਼ਤ ਨੋਟਿਸ ਲੈਂਦਿਆਂ ਉਕਤ ਥਾਣੇਦਾਰ ਨੂੰ ਆਪਣੀ ਬੋਲ ਬਾਣੀ ਸੁਧਾਰਨ ਲਈ ਕਿਹਾ। ਕੁਝ ਦਿਨ ਪਹਿਲਾਂ ਵੀ ਕੋਟਲੀ ਹਰਚੰਦਾ ਵਿੱਚ ਇਸ ਥਾਣੇ ਦੇ ਕਿਸਾਨ ਬੀਬੀਆਂ ਦੇ ਧੱਕੇ ਮਾਰੇ ਗਏ ਅਤੇ ਡਾਂਗਾ ਫੇਰਨ ਦੀ ਗੱਲ ਕਹੀ ਗਈ ਸੀ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਉਕਤ ਥਾਣੇਦਾਰ ਨੇ ਲੋਕਾਂ ਪ੍ਰਤੀ ਆਪਣਾ ਵਤੀਰੇ ਵਿੱਚ ਸੁਧਾਰ ਨਾ ਕੀਤਾ ਤਾਂ ਛੇਤੀ ਹੀ ਉਸ ਦੇ ਖਿਲਾਫ ਸੰਘਰਸ਼ ਦਾ ਐਲਾਨ ਥਾਣੇ ਅੱਗੇ ਧਰਨਾ ਦੇ ਕੇ ਅਤੇ ਸੰਗਤਾਂ ਦਾ ਉਸ ਖ਼ਿਲਾਫ਼ ਖਾਂ ਥਾਣੇ ਵੱਲ ਨੂੰ ਕੀਤਾ ਜਾਵੇਗਾ। ਇਸ ਮੌਕੇ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਹੈ ਕਿਉਂਕਿ ਕਿਸਾਨਾਂ ਦੀ ਲੜਾਈ ਕੇਂਦਰ ਨਾਲ ਹੈ ਜਿਸ ਦੇ ਚਲਦਿਆਂ ਪੰਜਾਬ ਸਰਕਾਰ ਦੀ ਲਗਾਤਾਰ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਦੇ ਲਈ ਕੇਂਦਰ ਨੂੰ ਅਪੀਲ ਕਰ ਰਹੀ ਹੈ ਅਤੇ ਉਨ੍ਹਾਂ ਕਿਹਾ ਕਿ ਉਹ ਆਪਣੇ ਹਲਕੇ ਦੇ ਪ੍ਰਤੀ ਕਿਸਾਨਾਂ ਦੇ ਨਾਲ ਹਮੇਸ਼ਾ ਖੜੇ ਸੀ ਤੇ ਹਮੇਸ਼ਾ ਹੀ ਰਹਿਣਗੇ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਵਿਦਿਆਰਥੀ ਕੌਂਸਲ 2025-26 ਦਾ ਤਾਜਪੋਸ਼ੀ ਸਮਾਰੋਹ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਖਾਲਸਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਅਨੁਸ਼ਾਸਨ ਨੂੰ ਕਾਇਮ ਰੱਖਣ ਲਈ ਵਿਦਿਆਰਥੀ ਸਭਾ ਦਾ ਨਿਰਮਾਣ ਕੀਤਾ ਗਿਆ। ਇਸ ਸਬੰਧੀ ਸਕੂਲ ਵਿੱਚ ਚੋਣਾਂ ਕਰਵਾਈਆਂ ਗਈਆਂ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵੋਟ ਪਾ ਕੇ ਆਪਣੇ ਪ੍ਰਤਿਨਿਧ ਵਿਦਿਆਰਥੀ ਚੁਣੇ ਗਏ।ਸਕੂਲ ਵਿੱਚ ਵਿਦਿਆਰਥੀ ਸਭਾ ਦਾ ਤਾਜਪੋਸ਼ੀ ਸਮਾਰੋਹ ਕਰਵਾਇਆ ਗਿਆ ਜਿਸ ਦੌਰਾਨ ਸੈਸ਼ਨ 2024-25 ਵਿਦਿਆਰਥੀ ਸਭਾ ਦੇ ਮੈਂਬਰ ਵਿਦਿਆਰਥੀਆਂ ਵੱਲੋਂ ਸੈਸ਼ਨ 2025-26 ਦੇ ਵਿਦਿਆਰਥੀ ਸਭਾ ਦੇ ਮੈਂਬਰਾਂ ਨੂੰ ਉਨ੍ਹਾਂ ਦੇ ਕੰਮ ਅਤੇ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਅਹੁਦੇ ਪੱਟੀ ਅਤੇ ਬੈਚ ਲਗਾ ਕੇ ਪ੍ਰਦਾਨ ਕੀਤੇ।ਅਭੀਜੋਤ ਸਿੰਘ ਸਪੁੱਤਰ ਬਲਜੀਤ ਸਿੰਘ ਜਮਾਤ ਨੌਵੀਂ ਬਤੌਰ ਹੈੱਡ ਬੁਆਏ, ਗੁਰਲੀਨ ਕੌਰ ਸਪੁੱਤਰੀ ਜਗਦੀਪ ਸਿੰਘ ਜਮਾਤ ਨੌਵੀਂ ਹੈੱਡ ਗਰਲ, ਹਰਮਨਜੀਤ ਸਿੰਘ ਪੁੱਤਰ ਜਗਜੀਤ ਸਿੰਘ ਜਮਾਤ ਨੌਵੀਂ ਸਪੋਰਟਸ ਕੈਪਟਨ, ਦਮਨਪ੍ਰੀਤ ਕੌਰ ਸਪੁੱਤਰੀ ਸਵਰਗੀ ਜਸਵਿੰਦਰ ਸਿੰਘ ਵਾਈਸ ਸਪੋਰਟਸ ਕੈਪਟਨ, ਅਜੀਤ ਹਾਊਸ ਦੇ ਰਿਸ਼ਭ ਸਪੁੱਤਰ ਸੁਦਾਮਾ ਹਾਊਸ ਕੈਪਟਨ, ਕਿਰਨਪ੍ਰੀਤ ਕੌਰ ਸਪੁੱਤਰੀ ਕੁਲਵਿੰਦਰ ਸਿੰਘ ਵਾਈਸ ਕੈਪਟਨ, ਜੁਝਾਰ ਹਾਊਸ ਪਲਵਿੰਦਰ ਕੌਰ ਸਪੁੱਤਰੀ ਬਲਵਿੰਦਰ ਸਿੰਘ ਕੈਪਟਨ, ਸਹਿਨਾਜਪ੍ਰੀਤ ਕੌਰ ਸਪੁੱਤਰੀ ਜਗਤਾਰ ਸਿੰਘ ਵਾਈਸ ਕੈਪਟਨ, ਜ਼ੋਰਾਵਰ ਹਾਊਸ ਮੋਨਾਲੀ ਕੁਮਾਰੀ ਸਪੁੱਤਰੀ ਕੁਮਾਰ ਰੰਜਨ ਕੈਪਟਨ, ਮਾਧਵ ਸਪੁੱਤਰ ਦੀਪਕ ਰਿਸ਼ੀ ਵਾਈਸ ਕੈਪਟਨ ਅਤੇ ਫਤਹਿ ਹਾਊਸ ਸਿਮਰਨਜੀਤ ਕੌਰ ਸਪੁੱਤਰੀ ਕੇਵਲ ਸਿੰਘ ਕੈਪਟਨ ਅਤੇ ਸਾਹਿਲ ਪ੍ਰੀਤ ਸਿੰਘ ਸਪੁੱਤਰ ਸੁਖਦੇਵ ਸਿੰਘ ਬਤੌਰ ਵਾਈਸ ਕੈਪਟਨ, ਜੋਹਨ ਮਸੀਹ ਸਪੁੱਤਰ ਹੈਪੀ ਮਸੀਹ ਬਤੌਰ ਟਰੈਫਿਕ ਕੰਟਰੋਲਰ ਨਿਯੁਕਤ ਕੀਤੇ ਗਏ।ਤਾਜਪੋਸ਼ੀ ਦੀ ਰਸਮ ਤੋਂ ਬਾਅਦ ਵਿਦਿਆਰਥੀ ਸਭਾ ਵੱਲੋਂ ਆਪਣੇ ਕਰਤੱਵਾਂ ਅਤੇ ਜ਼ਿੰਮੇਵਾਰੀਆਂ ਨੂੰ ਸਹੀ ਤਰੀਕੇ ਨਾਲ ਨਿਭਾਉਣ ਲਈ ਸਹੁੰ ਚੁੱਕੀ ਗਈ।ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਤਾਜਪੋਸ਼ੀ ਲਈ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਕਰਤੱਵਾਂ ਪ੍ਰਤੀ ਜ਼ਿੰਮੇਵਾਰ ਹੋਣ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਨੇ ਕਿਹਾ ਕਿ ਸਕੂਲ ਵਿੱਚ ਅਨੁਸ਼ਾਸਨ ਨੂੰ ਸਹੀ ਤਰੀਕੇ ਨਾਲ ਚਲਾਉਣ ਲਈ ਵਿਦਿਆਰਥੀਆਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ।

## ਚੇਅਰਮੈਨ ਪੰਨੂ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕੰਮਾਂ ਦਾ ਉਦਘਾਟਨ, ਬਲਬੀਰ ਸਿੰਘ ਪੰਨੂੰ ਚੇਅਰਮੈਨ ਪਨਸਪ ਪੰਜਾਬ ਵੱਲੋਂ ਵੱਖ-ਵੱਖ ਸਕੂਲਾਂ ਦੇ ਉਦਘਾਟਨ ਕੀਤੇ ਗਏ।ਚੇਅਰਮੈਨ ਬਲਬੀਰ ਸਿੰਘ ਪੰਨੂੰ ਨੇ ਪਿੰਡ ਜੁਗਵਾਲ਼ਾ ਦੇ ਸਕੂਲ ਵਿਖੇ 1 ਲੱਖ 75 ਹਜ਼ਾਰ, ਪਿੰਡ ਕੋਟ ਮਜਲਸ ਵਿਖੇ 7 ਲੱਖ 51 ਹਜ਼ਾਰ, ਪਿੰਡ ਚੱਠਾ ਵਿਖੇ 10 ਲੱਖ 40 ਹਜ਼ਾਰ, ਪਿੰਡ ਡਾਲੇ ਚੱਕ ਵਿਖੇ 10 ਲੱਖ 31ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਮਾਸਟਰ ਹਰਜਿੰਦਰ ਸਿੰਘ, ਸੰਦੀਪ ਕੌਰ, ਸ਼ੇਪਪਾਲ ਸਿੰਘ ਸੁਰਜੀਤ ਕੁਮਾਰ, ਇਕਬਾਲ ਸਿੰਘ, ਨਵਦੀਪ ਸਿੰਘ, ਬਲਜੀਤ ਸਿੰਘ, ਲਖਬੀਰ ਸਿੰਘ, ਸਰਪੰਚ ਸਤਿੰਦਰ ਕੁਮਾਰ, ਕਵਲਜੀਤ ਸਿੰਘ, ਸਤਪਾਲ ਸਿੰਘ, ਕੁਲਬੀਰ ਕੌਰ, ਇਕਬਾਲ ਸਮਰਾ, ਜੀਤ ਰਾਜ, ਵੀਰਪਾਲ ਕੌਰ, ਹੀਰਾ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਹਲਕਾ ਯੂਥ ਪ੍ਰਧਾਨ ਗੁਰਬਿੰਦਰ ਸਿੰਘ ਕਾਦੀਆਂ ਦੇ ਹਲਕਾ ਕੋਆਰਡੀਨੇਟਰ ਐਜੂਕੇਸ਼ਨ ਰਘਬੀਰ ਸਿੰਘ ਅਠਵਾਲ, ਬਲਾਕ ਪ੍ਰਧਾਨ ਜਗਜੀਤ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਗਗਨਦੀਪ ਸਿੰਘ ਕੋਟਲਾ ਬਾਮਾ, ਕਰਨ ਬਾਠ, ਗੁਰ ਪ੍ਰਤਾਪ ਸਿੰਘ ਅਤੇ ਗੁਰਦੇਵ ਸਿੰਘ ਅੌਜਲਾ ਆਦਿ ਹਾਜ਼ਰ ਸਨ।

## ਜਾਨਕੀ ਮੰਦਿਰ ਮਜੀਠਾ 'ਚ 26ਵਾਂ ਸਾਲਾਨਾ ਜਾਗਰਣ ਕਰਵਾਇਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**— ਵਿਧਾਨ ਸਭਾ ਹਲਕਾ ਮਜੀਠਾ ਵਿੱਚ ਪੈਂਦੇ ਪ੍ਰਸਿੱਧ ਕਸਬੇ ਮਜੀਠੇ ਵਿੱਚ ਹਰ ਸਾਲ ਦੀ ਤਰ੍ਹਾਂ 26ਵਾਂ ਸਾਲਾਨਾ ਜਾਗਰਣ ਜਾਨਕੀ ਮੰਦਿਰ ਵਿੱਚ ਨੌਜਵਾਨ ਸੇਵਕ ਸਭਾ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ, ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਮਾਤਾ ਰਾਣੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਗੱਲ ਕੀਤੀ। ਇਸ ਜਾਗਰਣ ਵਿੱਚ ਹਲਕਾ ਮਜੀਠਾ ਦੇ ਕਾਂਗਰਸ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਸਾਥੀਆਂ ਸਮੇਤ ਹਾਜ਼ਰੀ ਭਰੀ ਤੇ ਪੂਜਾ ਮੌਕੇ ਹਾਜ਼ਰ ਹੋ ਕੇ ਉਪਰੰਤ ਭਜਨ ਮੰਡਲੀ ਕੋਲੋਂ ਮਾਤਾ ਰਾਣੀ ਦੀ ਉਸਤਤ ਵਿੱਚ ਸ਼ਬਦ ਸਰਵਣ ਕੀਤੇ। ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਅੱਜ ਬਹੁਤ ਹੀ ਲੋੜ ਹੈ ਕਿ ਨੌਜਵਾਨ ਸਮੇਂ ਦੀ ਨਜ਼ਾਕਤ ਨੂੰ ਸਮਝਦੇ ਹੋਏ ਇਹੋ ਜਿਹੇ ਧਾਰਮਿਕ ਸਮਾਗਮਾਂ ਰਾਹੀਂ ਆਪਣੇ ਨੌਜਵਾਨਾਂ ਸਾਥੀਆਂ ਨੂੰ ਪ੍ਰਮਾਤਮਾ ਦੇ ਲੜ ਲਗਾਉਣ ਕਿਉਂਕਿ ਸਾਡੀ ਨੌਜਵਾਨ ਪੀੜ੍ਹੀ ਅੱਜ ਨਸ਼ਿਆਂ ਵਿੱਚ ਗ੍ਰਸਤ ਹੋਕੇ ਆਪਣੀ ਤੇ ਆਪਣੇ ਪਰਿਵਾਰ ਦੀ ਜ਼ਿੰਦਗੀ ਬਰਬਾਦ ਕਰ ਰਹੀ ਹੈ।ਇਸ ਮੌਕੇ ਮੰਦਿਰ ਕਮੇਟੀ ਵੱਲੋਂ ਭਗਵੰਤ ਪਾਲ ਸਿੰਘ ਸੱਚਰ ਨੂੰ ਪੰਡਿਤ ਓਮ ਪ੍ਰਕਾਸ਼ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਉਨ੍ਹਾਂ ਦੇ ਨਾਲ ਕੌਂਸਲਰ ਨਵਦੀਪ ਸਿੰਘ ਸੋਨਾ ਮਜੀਠਾ, ਨਵਤੇਜ ਪਾਲ ਸਿੰਘ ਸੋਹੀਆਂ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ, ਸਾਬਕਾ ਕੌਂਸਲਰ ਬਲਵਿੰਦਰ ਸਿੰਘ ਰੋੜੀ, ਲਾਡੀ ਮਜੀਠਾ, ਦਲਜੀਤ ਸਿੰਘ ਸ਼ਾਹ ਹਰੀਆਂ, ਜਤਿੰਦਰ ਸਿੰਘ ਮਜੀਠਾ, ਗੁਰਪਾਲ ਸਿੰਘ ਮਜੀਠਾ, ਪੱਪੀ ਭੱਲਾ ਅਤੇ ਵਿਜੇ ਕੁਮਾਰ ਮਜੀਠਾ ਵੀ ਹਾਜ਼ਰ ਸਨ।

## ਰਜਬਾਹਿਆਂ 'ਚ ਘਰਾਂ ਦਾ ਗੰਦਾ ਪਾਣੀ ਪੈਣ ਕਾਰਨ ਚਾਰੇ ਪਾਸੇ ਫੈਲ ਰਹੀ ਹੈ ਬਦਬੂ; ਮਹਿਕਮਾ ਸੁੱਤਾ ਕੁੰਭਕਰਨੀ ਨੀਂਦ



**ਗੁਰਦਾਸਪੁਰ (ਜਨਕ ਮਹਾਜਨ)**- ਮਾਧੋਪੁਰ ਹੈੱਡ ਵਰਕਸ ਤੋਂ ਨਿਕਲਦੀ ਨਹਿਰ ਅਪਰਬਾਰੀ ਦੁਆਬ ਤੇ ਨਹਿਰ ਕਸੂਰ ਬਰਾਂਚ 'ਚੋਂ ਨਿਕਲਦੇ ਰਜਬਾਹਿਆਂ ਨੂੰ ਸਰਕਾਰ ਨੇ ਕਰੋੜਾਂ ਰੁਪਏ ਖਰਚ ਕਰਕੇ ਪੱਕਾ ਤਾਂ ਕਰਵਾ ਦਿੱਤਾ ਹੈ ਪਰ ਇਸ ਵਿੱਚ ਉੱਗੀ ਜੜੀ ਬੂਟੀ ਅਤੇ ਲੋਕਾਂ ਦੇ ਘਰਾਂ ਦਾ ਗੰਦਾ ਪਾਣੀ ਪੈਣ ਕਰਕੇ ਭੈੜੀ ਬਦਬੂ ਆ ਰਹੀ ਹੈ ਅਤੇ ਪਾਣੀ ਦਾ ਨਿਕਾਸ ਵੀ ਬੰਦ ਹੋਇਆ ਪਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡਾਂ ਦੇ ਕਿਸਾਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਰਜਬਾਹਿਆਂ 'ਚ ਗੰਦਾ ਪਾਣੀ ਪੈਣ 'ਤੇ ਪੂਰਨ ਤੌਰ ਉਤੇ ਪਾਬੰਦੀ ਲਗਾਈ ਹੋਈ ਹੈ ਪਰ ਉਸ ਦੇ ਬਾਵਜੂਦ ਵੀ ਰਜਵਾਹਿਆਂ ਕੰਢੇ ਬਣੇ ਮਕਾਨ ਅਤੇ ਕੋਠੀਆਂ ਵਾਲਿਆਂ ਵੱਲੋਂ ਗੰਦਾ ਪਾਣੀ ਰਜਬਾਹਿਆਂ ਵਿੱਚ ਸੁੱਟਿਆ ਜਾ ਰਿਹਾ ਹੈ। ਇਸ ਨਾਲ ਪਿੰਡਾਂ ਅੰਦਰ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ ਅਤੇ ਨਹਿਰੀ ਵਿਭਾਗ ਸਭ ਡਿਵੀਜ਼ਨ ਸਭ ਕੁਝ ਜਾਣਦਾ ਹੋਇਆ ਵੀ ਮੂਕ ਦਰਸ਼ਕ ਬਣੀ ਬੈਠਾ ਹੈ। ਜਦੋਂ ਇਸ ਸਬੰਧੀ ਪਿੰਡ ਗੋਹਤ ਪੋਖਰ, ਭੁੱਲੇਚੱਕ, ਪਾਹੜਾ, ਗੁੰਜੀਆਂ ਬਾਂਗਰ ਅਤੇ ਬਬੇਹਾਲੀ ਰਜਬਾਹਿਆਂ ਦਾ ਦੌਰਾ ਕੀਤਾ ਤਾਂ ਕੁਝ ਕਿਸਾਨਾਂ ਨੇ ਦੱਸਿਆ ਕਿ ਰਜਬਾਹਿਆਂ ਵਿੱਚ ਆ ਰਿਹਾ ਗੰਦਾ ਪਾਣੀ ਖੇਤਾਂ ਲਈ ਜਿਥੇ ਮਾੜਾ ਹੈ ਉਥੇ ਹੀ ਕਈ ਵਾਰ ਪਸ਼ੂ ਇਹ ਗੰਦਾ ਪਾਣੀ ਪੀ ਕੇ ਬਿਮਾਰ ਹੋ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਨਹਿਰੀ ਵਿਭਾਗ ਹਰਕਤ ਵਿੱਚ ਆਇਆ ਸੀ ਅਤੇ ਉਨ੍ਹਾਂ ਨੇ ਰਜਬਾਹਿਆਂ ਵਿੱਚ ਪਈਆਂ ਨਜਾਇਜ਼ ਪਾਈਪਾਂ ਨੂੰ ਬੰਦ ਕਰਵਾਇਆ ਸੀ ਪਰ ਹੁਣ ਦੁਬਾਰਾ ਲੋਕਾਂ ਨੇ ਉਨ੍ਹਾਂ ਦੇ ਪਾਈਪਾਂ ਦੇ ਮੂੰਹ ਖੋਲ ਦਿੱਤੇ ਹਨ। ਇਸ ਨਾਲ ਪਿੰਡਾਂ ਦਾ ਵਾਤਾਵਰਨ ਦੂਸ਼ਿਤ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਮਹਿਕਮੇ ਦੇ ਅਧਿਕਾਰੀਆਂ ਦੇ ਧਿਆਨ ਹਿਤ ਲਿਆਉਣ ਦੇ ਬਾਵਜੂਦ ਵੀ ਇਸ ਦਾ ਹੱਲ ਨਹੀਂ ਹੋ ਰਿਹਾ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਨਹਿਰਾਂ ਵਿੱਚੋਂ ਨਿਕਲਦੇ ਰਜਬਾਹਿਆਂ 'ਚ ਗੰਦਾ ਪਾਣੀ ਪੈਣ ਉਤੇ ਰੋਕ ਲਗਾਉਣ ਲਈ ਨਹਿਰੀ ਵਿਭਾਗ ਦੇ ਐਕਸੀਅਨ ਨੂੰ ਹੁਕਮ ਜਾਰੀ ਕੀਤੇ ਜਾਣ ਜਿਸ ਨਾਲ ਪਿੰਡਾਂ ਦਾ ਵਾਤਾਵਰਨ ਦੂਸ਼ਿਤ ਹੋਣ ਤੋਂ ਬਚ ਸਕੇ।

## ਅਗਨੀਵੀਰ ਭਰਤੀ ਲਈ ਆਨ-ਲਾਈਨ ਅਪਲਾਈ ਕਰਨ ਦਾ ਸਮਾਂ ਹੁਣ 25 ਅਪ੍ਰੈਲ ਤੱਕ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤੀ ਫ਼ੌਜ ਵਲੋਂ ਅਗਨੀਵੀਰ ਦੀ ਭਰਤੀ ਲਈ ਕਾਮਨ ਐਂਟਰੈਂਸ ਪ੍ਰੀਖਿਆ (ਸੀ.ਈ.ਈ)-2025 ਦਾ ਨੋਟੀਫ਼ਿਕੇਸ਼ਨ ਜਾਰੀ ਕੀਤਾ ਗਿਆ ਹੈ, ਜਿਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਗਨੀਵੀਰ ਜਨਰਲ ਡਿਊਟੀ, ਟੈਕਨੀਕਲ, ਅਸਿਸਟੈਂਟ, ਟਰੇਡਮੈਨ, ਜੇਸੀਓ ਅਤੇ ਹੋਰ ਸ਼੍ਰੇਣੀਆਂ ਦੀ ਭਰਤੀ ਲਈ ਆਨਲਾਈਨ ਅਪਲਾਈ ਕਰਨ ਦੀ ਮਿਤੀ 12 ਮਾਰਚ ਤੋਂ ਲੈ ਕੇ 10 ਅਪ੍ਰੈਲ ਤੱਕ ਸੀ, ਅਪਲਾਈ ਕਰਨ ਦੀ ਆਖ਼ਰੀ ਮਿਤੀ ਜੋ ਕਿ ਹੁਣ 25 ਅਪ੍ਰੈਲ ਤੱਕ ਵਧਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਗਨੀਵੀਰ ਦੀ ਭਰਤੀ ਲਈ ਪ੍ਰੀਖਿਆ ਜੂਨ 2025 ਵਿੱਚ ਲਈ ਜਾਵੇਗੀ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਉਕਤ ਦਰਸਾਈਆਂ ਗਈਆਂ ਅਸਾਮੀਆਂ ਲਈ ਯੋਗਤਾ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਪਾਸ ਹੈ ਅਤੇ ਅਗਨੀਵੀਰ ਜਨਰਲ ਡਿਊਟੀ, ਟੈਕਨੀਕਲ, ਅਸਿਸਟੈਂਟ, ਟਰੇਡਮੈਨ ਦੀ ਅਸਾਮੀ ਲਈ ਉਮਰ ਦੀ ਹੱਦ 17.5 ਸਾਲ ਤੋਂ 21 ਸਾਲ ਹੈ। ਭਾਰਤੀ ਫ਼ੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨ ਅਗਨੀਵੀਰ ਦੀ ਭਰਤੀ ਲਈ ਵੈੱਬਸਾਈਟ 'ਤੇ ਜਾ ਕੇ ਅਪਲਾਈ ਕਰ ਸਕਦੇ ਹਨ। ਟਰੇਨਿੰਗ ਦੌਰਾਨ ਸਿੱਖਿਆਰਥੀਆਂ ਨੂੰ ਰਿਹਾਇਸ਼ ਅਤੇ ਖਾਣਾ ਮੁਫ਼ਤ ਦਿੱਤਾ ਜਾਵੇਗਾ ਅਤੇ ਟਰੇਨਿੰਗ ਲਈ ਕੋਈ ਵੀ ਫ਼ੀਸ ਚਾਰਜ ਨਹੀਂ ਕੀਤੀ ਜਾਵੇਗੀ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਅਗਨੀਵੀਰ ਦੀ ਭਰਤੀ ਲਈ ਕਾਮਨ ਐਂਟਰੈਂਸ ਪ੍ਰੀਖਿਆ (355) ਲਈ ਆਨਲਾਈਨ ਦੀ ਮਿਤੀ ਵਧਾ ਦਿੱਤੀ ਗਈ ਹੈ, ਭਰਤੀ ਹੋਣ ਦੇ ਚਾਹਵਾਨ ਨੌਜਵਾਨ ਵੱਧ ਤੋਂ ਵੱਧ ਇਸ ਪ੍ਰੀਖਿਆ ਲਈ ਅਪਲਾਈ ਕਰਨ।

## ਰਿਟਾ. ਅਧਿਆਪਕ ਰਾਕੇਸ਼ ਕੁਮਾਰ ਵੱਲੋਂ ਸਕੂਲ ਨੂੰ 10000 ਰੁਪਏ ਭੇਟ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਵੱਲੋਂ ਸਕੂਲ ਦੇ ਕਰਵਾਏ ਜਾ ਰਹੇ ਅਥਾਹ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਰਿਟਾਇਰ ਅਧਿਆਪਕ ਰਾਕੇਸ਼ ਕੁਮਾਰ ਸਹਸ ਭਾਮੜੀ ਵੱਲੋਂ ਆਪਣੇ ਪਿਤਾ ਲਾਲ ਚੰਦ ਸੀਨੀਅਰ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਦੁਆਰਾ ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਨੂੰ 10000 ਰੁਪਏ ਦਾਨ ਵਜੋਂ ਦਿੱਤੇ ਗਏ।ਇਸ ਮੌਕੇ ਰਾਕੇਸ਼ ਕੁਮਾਰ ਨੇ ਕਿਹਾ ਕਿ ਪ੍ਰਿੰਸੀਪਲ ਡਾ. ਕੌਸ਼ਲ ਦੀ ਮਿਹਨਤ ਅਤੇ ਇਮਾਨਦਾਰੀ ਨਾਲ ਸਕੂਲ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ ਜਿਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਵੱਲੋਂ ਇਹ ਦਾਨ ਕੀਤਾ ਜਾ ਰਿਹਾ ਹੈ। ਉਪਰੰਤ ਪ੍ਰਿੰਸੀਪਲ ਅਤੇ ਸਕੂਲ ਸਟਾਫ ਵੱਲੋਂ ਰਾਕੇਸ਼ ਕੁਮਾਰ ਅਤੇ ਉਨ੍ਹਾਂ ਦੇ ਪਿਤਾ ਦਾ ਧੰਨਵਾਦ ਕੀਤਾ ਗਿਆ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਦਨੇਸ਼ ਕੁਮਾਰ, ਨਰਿੰਦਰ ਸਿੰਘ, ਜਸਪਾਲ ਸਿੰਘ, ਨੀਰੂ ਭੰਡਾਰੀ, ਗੁਰਟੇਕ ਸਿੰਘ, ਅੰਜਲੀ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

## ਗਲੈਨਵੁੱਡ ਐਥਲੈਟਿਕਸ ਐਂਡ ਸਪੋਰਟਸ ਕਲੱਬ ਨੇ ਖੇਡਾਂ 'ਚ ਰਚਿਆ ਸ਼ਾਨਦਾਰ ਇਤਿਹਾਸ



**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਪਿੰਡ ਮਾਨ ਸੈਂਡਵਾਲ ਤੇ ਸਮੂਹ ਇਲਾਕੇ ਲਈ ਇਹ ਬੜੇ ਮਾਣ ਦੀ ਗੱਲ ਹੈ ਕੇ ਇੱਥੋਂ ਦੇ ਗੁਰਸ਼ੇਰ ਸਿੰਘ ਮਾਨ ਦੁਆਰਾ ਆਸਟ੍ਰੇਲੀਆ ਵਿੱਚ ਚਲਾਏ ਜਾ ਰਹੇ ਗਲੈਨਵੁੱਡ ਐਥਲੈਟਿਕਸ ਐਂਡ ਸਪੋਰਟਸ ਕਲੱਬ ਨੇ ਆਸਟ੍ਰੇਲੀਆ ਸਿੱਖ ਖੇਡਾਂ ਵਿੱਚ ਬੇਹੱਦ ਸ਼ਾਨਦਾਰ ਪ੍ਰਦਰਸ਼ਨ ਕਰ ਵਿਖਾਇਆ ਹੈ।37ਵੀਆਂ ਆਸਟ੍ਰੇਲੀਆ ਸਿੱਖ ਖੇਡਾਂ ਵਿੱਚ ਸਿਡਨੀ ਦੇ ਗਲੈਨਵੁੱਡ ਐਥਲੈਟਿਕਸ ਐਂਡ ਸਪੋਰਟਸ ਕਲੱਬ ਨੇ ਟਰੈਕ ਐਂਡ ਫੀਲਡ ਮੁਕਾਬਲਿਆਂ ਵਿੱਚ ਤਗਮਿਆਂ ਦਾ ਅਰਧ ਸੈਂਕੜਾ ਮਾਰ ਕੇ ਕਿਸੇ ਵੀ ਅਕੈਡਮੀ ਵੱਲੋਂ ਆਪਣੇ ਬਲਬੂਤੇ ਇਕੱਲਿਆਂ ਹੀ ਸਭ ਤੋਂ ਜਿਆਦਾ ਮੈਡਲ ਜਿੱਤਣ ਦਾ ਇਕ ਇਤਿਹਾਸ ਸਿਰਜ ਦਿੱਤਾ ਹੈ।ਇਸੇ ਤਰ੍ਹਾਂ ਗਲੈਨਵੁੱਡ ਐਥਲੈਟਿਕਸ ਐਂਡ ਸਪੋਰਟਸ ਕਲੱਬ ਨੇ 22 ਗੋਲਡ ਮੈਡਲ, 16 ਸਿਲਵਰ ਮੈਡਲ ਤੇ 14 ਕਾਂਸੀ ਦੇ ਮੈਡਲਾਂ ਦੇ ਨਾਲ ਕੁੱਲ 52 ਮੈਡਲ ਆਪਣੇ ਨਾਮ ਕੀਤੇ ਹਨ।ਇਸ ਤੋਂ ਇਲਾਵਾ ਕਲੱਬ ਦੀ ਸਿਖਲਾਈ ਲੈਂਦੇ ਖਿਡਾਰੀਆਂ ਨੇ ਕੁਝ ਹੋਰਨਾਂ ਖੇਡਾਂ ਵਿੱਚ ਵੀ ਕਮਾਲ ਕੀਤਾ ਹੈ।ਜਿਵੇਂ ਅੰਡਰ 13 ਮਿਕਸਡ ਟੈਨਿਸ ਟੂਰਨਾਮੈਂਟ ਵਿੱਚ ਗੋਲਡ, ਮਹਿਲਾਵਾਂ ਦੇ ਵਾਲੀਬਾਲ ਮੁਕਾਬਲਿਆਂ ਵਿੱਚ ਇੱਕ ਟੀਮ ਨੇ ਸਿਲਵਰ ਅਤੇ ਦੂਸਰੀ ਨੇ ਤਾਂਬੇ ਦਾ ਤਮਗਾ ਹਾਸਿਲ ਕੀਤਾ ਹੈ।ਇਸ ਸੰਬੰਧੀ ਗੁਰਸ਼ੇਰ ਸਿੰਘ ਮਾਨ ਤੇ ਹਰਸੀਨ ਕੌਰ ਮਾਨ ਨੇ ਗੱਲਬਾਤ ਕਰਦਿਆਂ ਦੱਸਿਆ ਕੇ ਇਹ ਬੜੇ ਮਾਣ ਤੇ ਖੁਸ਼ੀ ਦੀ ਗੱਲ ਹੈ ਕੇ ਤਿੰਨ ਦਿਨ ਚੱਲੀਆਂ ਆਸਟ੍ਰੇਲੀਆ ਸਿੱਖ ਖੇਡਾਂ ਪੂਰੀ ਤਰ੍ਹਾਂ ਨਾਲ ਸਫਲ ਹੋ ਨਿਬੜੀਆਂ।ਜ਼ਿਕਰਯੋਗ ਹੈ ਕਿ ਇਨ੍ਹਾਂ ਤਿੰਨ ਦਿਨਾ ਖੇਡਾਂ ਵਿੱਚ ਪੂਰੇ ਆਸਟਰੇਲੀਆ, ਕੈਨੇਡਾ, ਸਿੰਗਾਪੁਰ ਅਤੇ ਭਾਰਤ ਤੋਂ 8000 ਦੇ ਕਰੀਬ ਖਿਡਾਰੀਆਂ ਨੇ 15 ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ ਅਤੇ 2 ਲੱਖ ਦਰਸ਼ਕਾਂ ਨੇ ਹਾਜ਼ਰੀ ਰਹੀ।ਇਸ ਸੰਬੰਧੀ ਪਿੰਡ ਮਾਨ ਸੈਂਡਵਾਲ ਦੇ ਜਸਪਾਲ ਸਿੰਘ ਸਰਪੰਚ, ਹਰਪਾਲ ਸਿੰਘ ਮੈਂਬਰ, ਗ੍ਰੰਥੀ ਬਲਦੇਵ ਸਿੰਘ, ਪ੍ਰਧਾਨ ਸੁਖਜਿੰਦਰ ਸਿੰਘ, ਭੁਪਿੰਦਰ ਸਿੰਘ ਭਿੰਦਰ ਮਾਨ, ਬਾਬਾ ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ ਦੋਧੀ, ਯੋਧਾ ਸੰਧੂ, ਸਿਮਰ ਮਾਨ, ਸੁਖਬੀਰ ਸਿੰਘ ਸੰਧੂ, ਅਮਰ ਮਾਨ, ਸੁਖਬੀਰ ਸਿੰਘ ਭੋਪਾਲ, ਜਸਦੇਵ ਮਾਨ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ।

## ਖਾਲਸਾ ਕਾਲਜ ਵੱਲੋਂ ਦੀਪਜੋਤ ਕੌਰ ਦਾ ਸਨਮਾਨ




**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਖਾਲਸਾ ਕਾਲਜ ਅੰਮ੍ਰਿਤਸਰ ਦੀ ਰਾਜਨੀਤੀ ਵਿਗਿਆਨ ਦੀ ਵਿਦਿਆਰਥਣ ਦੀਪਜੋਤ ਕੌਰ ਵੱਲੋਂ 94% ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ਗਿਆ। ਹੋਣਹਾਰ ਦੀਪਜੋਤ ਦੀ ਇਸ ਪ੍ਰਾਪਤੀ 'ਤੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਆਤਮ ਸਿੰਘ ਰੰਧਾਵਾ, ਪ੍ਰੋਫੈਸਰ ਡਾ: ਸਤਨਾਮ ਸਿੰਘ ਦਿਉਲ਼ ਮੁਖੀ ਰਾਜਨੀਤੀ ਸ਼ਾਸਤਰ ਵਿਭਾਗ ਅਤੇ ਐੱਚ. ਓ. ਡੀ. ਜਸਪ੍ਰੀਤ ਕੌਰ ਵੱਲੋਂ ਉਸ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ 'ਚ ਹੋਰ ਵੀ ਬੁਲੰਦੀਆਂ ਛੂਹਣ ਦਾ ਅਸ਼ੀਰਵਾਦ ਦਿੱਤਾ।

## ਮੱਖੀਆਂ, ਮੱਛਰ ਤੇ ਗਰਮੀ ਕੱਢਣ ਲੱਗੀ ਵੱਟ, ਉੱਪਰੋਂ ਬਿਜਲੀ ਮਿਲਣੀ ਹੋਈ ਘੱਟ !

**ਵੇਰਕਾ (ਰਾਣਾ)**- ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਅੱਜਕੱਲ੍ਹ ਪੱਕੀਆਂ ਹੋਈਆਂ ਕਣਕਾਂ ਦੀ ਵਢਾਈ ਦਾ ਕੰਮ ਪੂਰੇ ਜ਼ੋਰਾਂ ਤੇ ਚੱਲ ਰਿਹਾ ਹੈ ਪਰ ਕਿਤੇ-ਕਿਤੇ ਪੱਕੀ ਹੋਈ ਕਣਕ ਦੀ ਫਸਲ ਨੂੰ ਅੱਗ ਲੱਗਣ ਦੀਆਂ ਹਿਰਦੇਵੇਧਕ ਘਟਨਾਵਾਂ ਸੰਬੰਧੀ ਸੂਚਨਾਂਵਾਂ ਵੀ ਪ੍ਰਾਪਤ ਹੋ ਰਹੀਆਂ ਹਨ, ਜਿਸ ਕਾਰਨ ਪੀ. ਐੱਸ. ਪੀ. ਸੀ. ਐਲ. ਪੰਜਾਬ ਵੱਲੋਂ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਬਿਜਲੀ ਸਪਲਾਈ ਬੰਦ ਰੱਖੀ ਜਾਂਦੀ ਹੈ ਤਾਂ ਜੋ ਕਿਸਾਨਾਂ ਵੱਲੋਂ ਉਨ੍ਹਾਂ ਦੀ ਮਿਹਨਤ ਨਾਲ ਪਾਲੀ ਗਈ ਕਣਕ ਦੀ ਫਸਲ ਨੂੰ ਬਿਜਲੀ ਸਰਕਟ ਹੋਣ ਨਾਲ ਕੋਈ ਨੁਕਸਾਨ ਨਾ ਪੁੱਜੇ ਜੋ ਸਰਾਕਰ ਦੇ ਹੁਕਮਾਂ ਅਨੁਸਾਰ ਉਕਤ ਵਿਭਾਗ ਵੱਲੋਂ ਚੁੱਕਿਆ ਗਿਆ ਲੋੜੀਂਦਾ ਕਦਮ ਭਰਪੂਰ ਸ਼ਲਾਘਾਯੋਗ ਵੀ ਹੈ।ਪ੍ਰੰਤੂ ਦਿਨ ਪ੍ਰਤੀ ਦਿਨ ਗਰਮੀ ਦਾ ਨਿਰੰਤਰ ਕਹਿਰ ਵੱਧਣ ਨਾਲ ਅਤੇ ਮੱਖੀਆਂ, ਮੱਛਰਾਂ ਦੀ ਹੋਈ ਭਰਮਾਰ ਕਾਰਨ ਵੀ ਲੋਕ ਬੇਹੱਦ ਪ੍ਰੇਸ਼ਾਨ ਹਨ ਕਿਉਂਕਿ ਸ਼ਾਮ ਨੂੰ ਨਿਰਧਾਰਿਤ ਕੀਤੇ ਹੋਏ ਸਮੇਂ ਤੋਂ ਬਾਅਦ ਖਪਤਕਾਰਾਂ ਨੂੰ ਕਈ-ਕਈ ਘੰਟਿਆਂ ਤੱਕ ਬਿਜਲੀ ਸਪਲਾਈ ਨਸੀਬ ਨਹੀਂ ਹੋ ਰਹੀ ਹੈ ਜਿਸ ਕਾਰਨ ਉਹ ਹਨੇਰੇ ਵਿੱਚ ਬੈਠਣ ਅਤੇ ਮੱਛਰ ਲੜਾਉਣ ਭਾਵ ਦੰਦੀਆਂ ਵਢਾਉਣ ਵਾਸਤੇ ਮਜਬੂਰ ਤੇ ਬੇਵੱਸ ਹੋਏ ਪਏ ਹਨ।ਇੱਥੇ ਹੀ ਬੱਸ ਨਹੀਂ ਜੇ ਕਿਧਰੇ ਭੁੱਲ-ਭੁਲੇਖੇ ਬਿਜਲੀ ਸਪਲਾਈ ਥੋੜ੍ਹੇ ਸਮੇਂ ਲਈ ਆਉਂਦੀ ਵੀ ਹੈ ਤਾਂ ਮੁੜ ਝੱਟ ਹੀ ਬੰਦ ਹੋ ਜਾਂਦੀ ਹੈ।ਇਸੇ ਤਰ੍ਹਾਂ ਹੀ ਵਪਾਰਕ ਅਦਾਰੇ ਨਗਰਾਂ, ਕਸਬਿਆਂ ਤੇ ਸ਼ਹਿਰਾਂ ਅੰਦਰ ਲੱਗਣ ਵਾਲੇ ਬਿਜਲੀ ਦੇ ਕੱਟਾਂ ਕਾਰਨ ਵਪਾਰਕ ਖਪਤਕਾਰ ਵੀ ਦੁਖੀ ਹੋਏ ਨਜ਼ਰ ਆਉਂਦੇ ਹਨ।ਇਸ ਸੰਬੰਧ ਵਿੱਚ ਸਮੂਹ ਬਿਜਲੀ ਖਪਤਕਾਰਾਂ ਨੇ ਮੁੱਖ ਮੰਤਰੀ ਪੰਜਾਬ ਸਰਕਾਰ, ਮੁੱਖ ਸਕੱਤਰ ਪੰਜਾਬ ਸਰਕਾਰ ਅਤੇ ਚੇਅਰਮੈਨ ਪੀ. ਐੱਸ. ਪੀ. ਸੀ. ਐੱਲ. ਪੰਜਾਬ ਪਾਸੋਂ ਕਣਕ ਦੀ ਵਾਢੀ ਮੌਕੇ ਵਿਭਾਗ ਵੱਲੋਂ ਸਮਾਂ ਨਿਰਧਾਰਤ ਕੀਤੀ ਗਈ ਬਿਜਲੀ ਸਪਲਾਈ ਨਿਰਵਿਘਨ ਤੇ ਲਗਾਤਾਰ ਮੁਹੱਈਆ ਕਰਵਾਏ ਜਾਣ ਦੀ ਮੰਗ ਕੀਤੀ ਹੈ।

## ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਕੇ 'ਤੇ ਮੌਤ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਅੰਮ੍ਰਿਤਸਰ ਦੇ ਪਿੰਡ ਇੱਬਨ ਭੱਠੇ ਨਜ਼ਦੀਕ ਇੱਕ ਸਵਿਫਟ ਕਾਰ ਸਵਾਰ ਵੱਲੋਂ ਮੋਟਰਸਾਈਕਲ ਸਵਾਰ ਨੂੰ ਟੱਕਰ ਮਾਰਨ ਨਾਲ ਮੋਟਰਸਾਈਕਲ ਸਵਾਰ ਵਿਅਕਤੀ ਦੀ ਮੌਕੇ 'ਤੇ ਮੌਤ ਹੋਣ ਦਾ ਦੁਖਦਾਇਕ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਨਿਰਵੈਰ ਸਿੰਘ (45) ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਕੋਠੇ ਕੋਟਕਪੂਰਾ ਇੱਬਨ ਭੱਠੇ ਤੇ ਮੁਨੀਮ ਵਜੋਂ ਕੰਮ ਕਰਦਾ ਸੀ ਭੱਠੇ ਤੇ ਹੀ ਪਰਿਵਾਰ ਸਮੇਤ ਰਹਿ ਰਿਹਾ ਸੀ ਤੇ ਦੁਪਹਿਰ ਵੇਲੇ ਅੱਡਾ ਇੱਬਨ ਤੋਂ ਰੋਟੀ ਖਾ ਕੇ ਵਾਪਸ ਆਪਣੇ ਮੋਟਰਸਾਈਕਲ ਸਪਲੈਂਡਰ 'ਤੇ ਸਵਾਰ ਹੋ ਕੇ ਭੱਠੇ ਤੇ ਆ ਰਿਹਾ ਸੀ ਕਿ ਸਾਹਮਣੇ ਤੋਂ ਆ ਰਹੀ ਗੋਲਡਨ ਰੰਗ ਦੀ ਸਵਿਫਟ ਕਾਰ 208 1੭ 8695 ਸਵਾਰ ਨੇ ਉਲਟ ਪਾਸੇ ਜਾ ਕੇ ਟੱਕਰ ਮਾਰ ਦਿੱਤੀ ਜਿਸ ਨਾਲ ਮੋਟਰਸਾਈਕਲ ਸਵਾਰ ਵਿਅਕਤੀ ਦੀ ਮੌਕੇ ਤੇ ਮੌਤ ਹੋ ਗਈ ਤੇ ਕਾਰ ਸਵਾਰ ਭਿਆਨਕ ਐਕਸੀਡੈਂਟ ਨੂੰ ਅੰਜਾਮ ਦਿੰਦਿਆਂ ਮੌਕੇ ਤੋਂ ਫ਼ਰਾਰ ਹੋ ਗਿਆ।ਮ੍ਰਿਤਕ ਨਿਰਵੈਰ ਸਿੰਘ ਆਪਣੇ ਪਿੱਛੇ ਪਤਨੀ ਸਮੇਤ ਇੱਕ ਪੁੱਤਰ ਇੱਕ ਧੀ ਛੱਡ ਗਿਆ ਜਿਸ 'ਤੇ ਪਰਿਵਾਰਕ ਮੈਂਬਰਾਂ ਤੇ ਹੋਰਾਂ ਵੱਲੋਂ ਦੋਸ਼ੀਆਂ ਵਿਰੁੱਧ ਪੁਲਸ ਕਾਰਵਾਈ ਨੂੰ ਲੈ ਕੇ ਰੋਡ ਤੇ ਧਰਨਾ ਲਗਾ ਦਿੱਤਾ ਗਿਆ।ਇਸ ਮੌਕੇ ਥਾਣਾ ਬੋਹੜੂ ਚੌਕੀ ਦੇ ਇੰਚਾਰਜ ਮੈਡਮ ਹਰਸਿਮਰਤ ਕੌਰ ਪੁਲਸ ਪਾਰਟੀ ਨਾਲ ਘਟਨਾ ਸਥਾਨ ਤੇ ਮੌਕੇ 'ਤੇ ਪੁੱਜੇ ਜਿਨ੍ਹਾਂ ਨੇ ਮ੍ਰਿਤਕ ਵਿਅਕਤੀ ਦੇ ਵਾਰਸਾਂ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਵਿਸ਼ਵਾਸ ਦਿਵਾਉਂਦਿਆਂ ਧਰਨਾ ਚੁਕਾਇਆ ਗਿਆ ਤੇ ਆਵਾਜਾਈ ਬਹਾਲ ਕੀਤੀ ਗਈ।

## ਐੱਚਡੀਐੱਫਸੀ ਬੈਂਕ ਵੱਲੋਂ ਨਿਵੇਕਲੀ ਪਹਿਲਕਦਮੀ ਦਾ ਐਲਾਨ

**ਅੰਮ੍ਰਿਤਸਰ** : ਜਿਵੇਂ ਕਿ ਦੁਨੀਆ 2025 ਵਿੱਚ ਧਰਤੀ ਦਿਵਸ ਮਨਾ ਰਹੀ ਹੈ, ਐੱਚ. ਡੀ. ਐੱਫ. ਸੀ. ਬੈਂਕ ਆਪਣੀ ਪ੍ਰਮੁੱਖ ਸੀਐੱਸਆਰ ਪਹਿਲਕਦਮੀ, ਪਰਿਵਰਤਨ ਦੇ ਤਹਿਤ ਇੱਕ ਮਹੱਤਵਪੂਰਨ ਮੀਲ ਪੱਥਰ ਦਾ ਐਲਾਨ ਕਰਕੇ ਟਿਕਾਊ ਤਰੱਕੀ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ।ਬੈਂਕ ਦਾ ਉਦੇਸ਼ 2025 ਤੱਕ ਨਵੀਨਤਾਕਾਰੀ ਸੂਰਜੀ ਊਰਜਾ ਨਾਲ ਚੱਲਣ ਵਾਲੇ ਬੁਨਿਆਦੀ ਢਾਂਚੇ, ਜਾਗਰੂਕਤਾ ਅਤੇ ਸਥਾਨਕ ਭਾਗੀਦਾਰੀ ਰਾਹੀਂ ਭਾਰਤ ਭਰ ਦੇ 1,000 ਤੋਂ ਵੱਧ ਪਿੰਡਾਂ ਨੂੰ ਸਾਫ਼ ਅਤੇ ਨਵਿਆਉਣਯੋਗ ਊਰਜਾ ਹੱਲਾਂ ਤੱਕ ਪਹੁੰਚ ਪ੍ਰਦਾਨ ਕਰਕੇ ਪੇਂਡੂ ਅਤੇ ਅਰਧ-ਸ਼ਹਿਰੀ ਭਾਈਚਾਰਿਆਂ ਨੂੰ ਸਸ਼ਕਤ ਬਣਾਉਣਾ ਹੈ।ਕੁਦਰਤੀ ਸਰੋਤ ਪ੍ਰਬੰਧਨ ਦੇ ਆਪਣੇ ਥੰਮ੍ਹ ਹੇਠ, ਐੱਚ. ਡੀ. ਐੱਫ. ਸੀ. ਬੈਂਕ ਪਰਿਵਰਤਨ ਨੇ 22 ਰਾਜਾਂ ਵਿੱਚ 61,655 ਤੋਂ ਵੱਧ ਸੋਲਰ ਸਟਰੀਟ ਲਾਈਟਾਂ ਲਗਾਈਆਂ ਹਨ।ਆਪਣੀਆਂ ਪਹਿਲਕਦਮੀਆਂ ਬਾਰੇ ਬੋਲਦਿਆਂ ਐੱਚ. ਡੀ. ਐੱਫ. ਸੀ. ਬੈਂਕ ਦੇ ਡਿਪਟੀ ਮੈਨੇਜਿੰਗ ਡਾਇਰੈਕਟਰ ਕੈਜ਼ਾਦ ਭਰੂਚਾ ਨੇ ਕਿਹਾ ਕਿ ਐੱਚ.ਡੀ.ਐੱਫ.ਸੀ. ਬੈਂਕ ਵਿਖੇ ਸਾਡਾ ਮੰਨਣਾ ਹੈ ਕਿ ਇੱਕ ਟਿਕਾਊ ਭਵਿੱਖ ਦਾ ਰਸਤਾ ਸਮਾਵੇਸ਼ੀ ਵਿਕਾਸ ਵਿੱਚ ਹੈ।

## ਧਰਤੀ ਦਿਵਸ ਮੌਕੇ ਆਰ. ਡੀ. ਖੋਸਲਾ ਸਕੂਲ 'ਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ

### ● ਬੱਚਿਆਂ ਨੇ ਕਵਿਤਾ, ਭਾਸ਼ਣ ਤੇ ਨਾਟਕ ਰਾਹੀਂ ਵਾਤਾਵਰਣ ਦੀ ਸੁਰੱਖਿਆ ਦਾ ਦਿੱਤਾ ਸੁਨੇਹਾ



**ਬਟਾਲਾ (ਤਰਲੋਕ ਬੱਗਾ)**- ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿੱਚ ਧਰਤੀ ਦਿਵਸ ਬਹੁਤ ਉਤਸ਼ਾਹ ਅਤੇ ਜਾਗਰੂਕਤਾ ਨਾਲ ਮਨਾਇਆ ਗਿਆ।ਇਸ ਮੌਕੇ ਸਵੇਰ ਦੀ ਸਭਾ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਕਵਿਤਾ, ਭਾਸ਼ਣ ਅਤੇ ਨਾਟਕ ਰਾਹੀਂ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦਿੱਤਾ।ਇਸ ਮੌਕੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਰੱਖਿਆ ਅਤੇ ਧਰਤੀ ਨੂੰ ਬਚਾਉਣ ਦਾ ਪ੍ਰਣ ਵੀ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸੁੰਦਰ ਕਵਿਤਾ ਪਾਠ ਨਾਲ ਹੋਈ ਜਿਸ ਵਿੱਚ ਵਿਦਿਆਰਥਣ ਸਿੱਧੀ ਯਾਦਵ ਨੇ ਕੁਦਰਤ ਦੀ ਸੁੰਦਰਤਾ ਅਤੇ ਇਸਦੀ ਰੱਖਿਆ ਦੀ ਜ਼ਰੂਰਤ ਤੇ ਚਾਨਣਾ ਪਾਇਆ।ਇਸ ਤੋਂ ਬਾਅਦ ਅਧਿਆਪਕਾ ਰੀਮਾ ਅਤੇ ਬਲਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਭਾਸ਼ਣਾਂ ਰਾਹੀਂ ਜਾਗਰੂਕ ਕੀਤਾ ਅਤੇ ਗਲੋਬਲ ਵਾਰਮਿੰਗ, ਪਲਾਸਟਿਕ ਪ੍ਰਦੂਸ਼ਣ, ਰੁੱਖ ਲਗਾਉਣ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਦੱਸਿਆ ਕਿ ਵਾਤਾਵਰਣ ਨੂੰ ਬਚਾਉਣਾ ਸਾਡੀ ਨੈਤਿਕ ਜ਼ਿੰਮੇਵਾਰੀ ਹੈ।ਇੱਕ ਪ੍ਰਭਾਵਸ਼ਾਲੀ ਨਾਟਕ ਰਾਹੀਂ, ਵਿਦਿਆਰਥਣਾਂ ਅਰਸ਼ੀਆ, ਰਿਧਰਾਜ ਕੌਰ, ਯਥਾਰਥ, ਰੁਬੈਨਾ, ਰਿਦਿਮਾ, ਅੰਮ੍ਰਿਤ ਕੌਰ, ਅਨੁਰੀਤ ਕੌਰ, ਹਰਗੁਣ ਜੀਤ ਕੌਰ ਅਤੇ ਆਦਿਤਿਆ ਨੇ ਦਿਖਾਇਆ ਕਿ ਜੇਕਰ ਅਸੀਂ ਅਜੇ ਵੀ ਨਾ ਜਾਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਵੱਡੇ ਸੰਕਟ ਦਾ ਸਾਹਮਣਾ ਕਰਨਾ ਪਵੇਗਾ।ਇਸ ਲਈ ਸਾਨੂੰ ਆਪਣੀ ਧਰਤੀ ਅਤੇ ਵਾਤਾਵਰਣ ਨੂੰ ਬਚਾਉਣ ਲਈ ਸਮੂਹਿਕ ਯਤਨ ਕਰਨੇ ਚਾਹੀਦੇ ਹਨ।ਸਕੂਲ ਦੀ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਧਰਤੀ ਦੀ ਰੱਖਿਆ ਲਈ ਸਮੂਹਿਕ ਯਤਨਾਂ ਦੀ ਲੋੜ ਤੇ ਜ਼ੋਰ ਦਿੱਤਾ।ਉਨ੍ਹਾਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਬਚਾਉਣ ਅਤੇ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਧਰਤੀ ਦਿਵਸ ਮਨਾਉਣ ਦਾ ਉਦੇਸ਼ ਵਾਤਾਵਰਣ ਸੁਰੱਖਿਆ ਵੱਲ ਸਾਰਿਆਂ ਦਾ ਧਿਆਨ ਖਿੱਚਣਾ ਹੈ ਅਤੇ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਨਾ ਹੈ ਕਿ ਹਰ ਕੋਈ ਧਰਤੀ ਨੂੰ ਖੁਸ਼ ਰੱਖਣ ਵਿੱਚ ਯੋਗਦਾਨ ਪਾਵੇ।ਇਹ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ ਕਿ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਤੰਦਰੁਸਤ ਅਤੇ ਖੁਸ਼ਹਾਲ ਪ੍ਰਿਥਵੀ ਬਣਾਈਏ ਪ੍ਰਾਕਿਰਤਿਕ ਸਾਧਨਾਂ ਦੀ ਸੰਭਾਲ ਤੇ ਜ਼ੋਰ ਦਈਏ ਵਾਤਾਵਰਣ ਨੂੰ ਸੁਰੱਖਿਅਤ ਰੱਖੀਏ ।ਵਣਾਂ ਦੀ ਕਟਾਈ ਤੇ ਰੋਕ ਲਾਈਏ ।ਪ੍ਰਦੂਸ਼ਣ ਨੂੰ ਘੱਟ ਕਰਨ ਲਈ ਯਤਨਸ਼ੀਲ ਹੋਈਏ ਅਤੇ ਧਰਤੀ ਦੇ ਹਿੱਤ ਲਈ ਕੀਤੇ ਜਾਣ ਵਾਲੇ ਕੰਮਾਂ ਵਿੱਚ ਸਹਿਯੋਗ ਦਈਏ ।ਸਕੂਲ ਦੇ ਵਿਦਿਆਰਥੀਆਂ ਨੇ ਪ੍ਰਿਥਵੀ ਦਿਵਸ ਤੇ ਆਯੋਜਿਤ ਸਲੋਗਨ ਲੇਖਨ ਮੁਕਾਬਲੇ ਵਿੱਚ ਵੀ ਵੱਧ ਚੜ੍ਹ ਕੇ ਭਾਗ ਲਿਆ ਉਨ੍ਹਾਂ ਨੇ ਚਾਹਗਿਲ ਅਤੇ ਘੁਮਾਣ ਕਲਾਂ ਪਿੰਡ ਵਿੱਚ ਜਾ ਕੇ ਲੋਕਾਂ ਨੂੰ ਵਾਤਾਵਰਨ ਤੋਂ ਸੁਚੇਤ ਕੀਤਾ ਅਤੇ ਵੱਧ ਤੋਂ ਵੱਧ ਰੁੱਖ ਪੌਦੇ ਲਾਉਣ ਅਤੇ ਪ੍ਰਦੂਸ਼ਣ ਦੀ ਰੋਕਥਾਮ ਲਈ ਪ੍ਰੇਰਿਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ ਦੇ ਲਈ ਕੀਤੇ ਗਏ ਯਤਨਾਂ ਲਈ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਪ੍ਰਿਥਵੀ ਸਾਡੀ ਮਾਤਾ ਹੈ ਤੇ ਇਸ ਦੀ ਰੱਖਿਆ ਕਰਨਾ ਸਾਡਾ ਧਰਮ ਹੈ। ਜੇ ਅਸੀਂ ਸਾਰੇ ਮਿਲ ਕੇ ਯਤਨ ਕਰਾਂਗੇ ਤਾਂ ਹੀ ਆਪਣੇ ਵਾਤਾਵਰਨ ਅਤੇ ਧਰਤੀ ਨੂੰ ਬਚਾ ਸਕਦੇ ਹਾਂ।

## ਲੈਨਿਨ ਦੇ 155ਵੇਂ ਜਨਮ ਦਿਨ 'ਤੇ ਮਜ਼ਦੂਰਾਂ ਦਾ ਵਿਸ਼ਾਲ ਇਕੱਠ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਆਰ. ਐੱਮ. ਪੀ. ਆਈ. ਵੱਲੋਂ ਮਹਾਨ ਆਗੂ ਪ੍ਰੋਲੋਤਾਰੀ ਦੇ ਮਸੀਹਾ ਲੈਨਿਨ ਦੇ 155ਵੇਂ ਜਨਮ ਦਿਨ ਤੇ ਬਾਰਡਰ ਏਰੀਆ ਦੇ ਪਿੰਡਾਂ ਰਸੂਲਪੁਰ, ਚੀਮਾ ਸ਼ੁੱਕਰਚੱਕ, ਸੋਹਲ, ਨੌਸ਼ਹਿਰਾ ਢਾਲਾ, ਲੇਹੀਆ, ਗੰਡੀਵਿੰਡ ਆਦਿ ਪਿੰਡਾਂ ਦਾ ਵਿਸ਼ਾਲ ਇਕੱਠ ਕੀਤਾ ਗਿਆ ।ਇਕੱਠ ਦੀ ਪ੍ਰਧਾਨਗੀ ਮੀਨਾ ਕੌਰ ਚੀਮਾ ਸ਼ੁੱਕਰਚੱਕ, ਬਲਵਿੰਦਰ ਸਿੰਘ ਸੋਹਲ ਨੇ ਕੀਤੀ।ਇਸ ਇਕੱਠ ਨੂੰ ਪਾਰਟੀ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਬਲਦੇਵ ਸਿੰਘ ਪੰਡੋਰੀ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਮਹਾਨ ਲੈਨਿਨ ਦਾ ਜਨਮ 22 ਅਪ੍ਰੈਲ 1870 ਈ. ਵਿੱਚ ਇਕ ਮੱਧ ਵਰਗੀ ਪ੍ਰਵਾਰ 'ਚ ਹੋਇਆ। ਉਨ੍ਹਾਂ ਦਾ ਨਾਂਅ ਵਲਾਦੀਮੀਰ ਇਲੀਅਚ ਓਲੀਆਨੋਸ ਸੀ । ਉਨ੍ਹਾਂ ਦੇ ਮਾਰਕਸਵਾਦੀ ਫਲਸਫੇ ਦਾ ਅਧਿਐਨ ਕਰਕੇ ਰੂਸ ਵਿੱਚ ਮਜ਼ਦੂਰ ਜਮਾਤ ਨਾਲ ਸਰਮਾਏਦਾਰੀ ਪ੍ਰਬੰਧ ਵੱਲੋਂ ਹੋ ਰਹੀ ਧੱਕੇਸ਼ਾਹੀ ਵਿਰੁੱਧ ਲਾਮਬੰਦੀ ਕਰਕੇ ਤਿੱਖਾ ਸੰਘਰਸ਼ ਕੀਤਾ ਗਿਆ। ਸਰਮਾਏਦਾਰੀ ਪ੍ਰਬੰਧ ਨੂੰ ਢਹਿ-ਢੇਰੀ ਕਰਕੇ ਮਜ਼ਦੂਰ ਜਮਾਤ ਦਾ ਰਾਜ ਸਥਾਪਤ ਕੀਤਾ ।ਉਨ੍ਹਾਂ ਕਿਹਾ ਕਿ ਬੀਜੇਪੀ ਦੀ ਮੋਦੀ ਸਰਕਾਰ ਆਰਐੱਸਐੱਸ ਦੀ ਵਿਚਾਰਧਾਰਾ ਨੂੰ ਅਪਨਾ ਕੇ ਘੱਟ ਗਿਣਤੀ ਲੋਕਾਂ ਤੇ ਹਮਲੇ ਕਰ ਰਹੀ ਹੈ ਅਤੇ ਸਰਮਾਏਦਾਰ ਲੋਕਾਂ ਦੇ ਹੱਕ 'ਚ ਨੀਤੀਗਤ ਫੈਸਲੇ ਲੈ ਰਹੀ ਹੈ। ਮੋਦੀ ਸਰਕਾਰ ਦੀਆਂ ਨੀਤੀਆਂ ਮਜ਼ਦੂਰ ਵਿਰੋਧੀ ਹਨ ਅਤੇ ਕਾਰਪੋਰੇਟ ਘਰਾਣਿਆਂ ਦੇ ਹੱਕ ਚ ਭੁਗਤ ਰਹੀਆਂ ਹਨ।ਪੰਡੋਰੀ ਨੇ ਕਿਹਾ ਕਿ ਸਰਮਾਏਦਾਰੀ ਪੱਖੀ ਨੀਤੀਆਂ ਦਾ ਬਦਲ ਮਾਰਕਸਵਾਦੀ ਲੈਨਿਨਵਾਦੀ ਨੀਤੀਆਂ ਹੀ ਹਨ ।ਉਨ੍ਹਾਂ ਕਿਹਾ ਕਿ ਮਾਰਕਸਵਾਦੀ ਲੈਨਿਨਵਾਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਲੈ ਕੇ ਜਾਣ ਦੀ ਅਹਿਮ ਲੋੜ ਹੈ।ਇਸ ਮੌਕੇ ਪਾਰਟੀ ਦੇ ਆਗੂ ਨਰਿੰਦਰ ਸਿੰਘ ਰਟੋਲ ਨੇ ਬੋਲਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਫਰਕ ਨਹੀਂ ।ਇਨ੍ਹਾਂ ਦੋਹਾਂ ਸਰਕਾਰਾਂ ਦੀਆਂ ਨੀਤੀਆਂ ਮਜ਼ਦੂਰ ਵਿਰੋਧੀ ਹਨ ।ਇਸ ਲਈ ਮਜ਼ਦੂਰ ਜਮਾਤ ਨੂੰ ਨੀਤੀਗਤ ਬਦਲ ਉਸਾਰਨ ਦੀ ਲੋੜ ਹੈ। ਇਸ ਮੌਕੇ ਜਰਨੈਲ ਸਿੰਘ ਰਸੂਲਪੁਰ, ਸੁਖਰਾਜ ਸਿੰਘ ਨੌਸ਼ਹਿਰਾ, ਕਰਮਜੀਤ ਸਿੰਘ ਸੋਹਲ, ਸਾਬ ਸਿੰਘ ਸੋਹਲ, ਅਕਾਸ਼ਦੀਪ ਸਿੰਘ ਨੌਸ਼ਹਿਰਾ ਢਾਲਾ, ਪਰਮਜੀਤ ਸਿੰਘ, ਕੁਲਦੀਪ ਸਿੰਘ ਮੰਗਲ ਸਿੰਘ ਤੋਂ ਇਲਾਵਾ ਹੋਰਨਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ।

23-April-PAGE-4.qxd 4/22/2025 11:06 PM Page 1



# ਹਾਰਵਰਡ ਦੀ ਦਲੇਰੀ

*ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਧੱਕੇਸ਼ਾਹੀ ਖਿਲਾਫ ਡਟਣ ਵਾਲੀ ਵਿਸ਼ਵ ਪ੍ਰਸਿੱਧ ਹਾਰਵਰਡ ਯੂਨੀਵਰਸਿਟੀ ਨੇ ਬੋਸਟਨ ਦੀ ਫੈਡਰਲ ਕੋਰਟ ਵਿੱਚ ਮੁਕੱਦਮਾ ਦਾਇਰ ਕਰਕੇ ਉਸ ਦੀ 2.2 ਅਰਬ ਡਾਲਰ ਤੋਂ ਵੱਧ ਦੀ ਗਰਾਂਟ ’ਤੇ ਲਾਈ ਗਈ ਰੋਕ ਹਟਾਉਣ ਦੀ ਮੰਗ ਕੀਤੀ ਹੈ। ਕੈਂਪਸ ਵਿੱਚ ਪ੍ਰੋਟੈਸਟ ਰੋਕਣ, ਸ਼ਾਸਨ, ਭਰਤੀ ਤੇ ਦਾਖਲਾ ਨੀਤੀਆਂ ਵਿੱਚ ਤਬਦੀਲੀ ਦੇ ਹੁਕਮ ਨਾ ਮੰਨਣ ’ਤੇ ਪ੍ਰਸ਼ਾਸਨ ਨੇ ਯੂਨੀਵਰਸਿਟੀ ਦੀ ਗਰਾਂਟ ਰੋਕ ਦਿੱਤੀ ਸੀ। ਯੂਨੀਵਰਸਿਟੀ ਨੇ ਗਰਾਂਟ ਰੋਕਣ ਨੂੰ ਧੱਕੇਸ਼ਾਹੀ ਤੇ ਅਸੰਵਿਧਾਨਕ ਕਰਾਰ ਦਿੱਤਾ ਹੈ। ਟਰੰਪ ਪ੍ਰਸ਼ਾਸਨ ਨੇ ਯੂਨੀਵਰਸਿਟੀ ਨੂੰ ਪੱਤਰ ਘੱਲ ਕੇ ਕਿਹਾ ਸੀ ਕਿ ਉਹ ਆਪਣੇ ਪ੍ਰਸ਼ਾਸਨ ਵਿੱਚ ਬਦਲਾਅ ਕਰੇ, ਦਾਖਲਾ ਨੀਤੀਆਂ ਵਿੱਚ ‘ਸੋਧ’ ਕਰੇ ਅਤੇ ਕੁਝ ਵਿਦਿਆਰਥੀ ਕਲੱਬਾਂ ਨੂੰ ਮਾਨਤਾ ਦੇਣਾ ਬੰਦ ਕਰੇ, ਆਦਿ-ਆਦਿ। ਟਰੰਪ ਪ੍ਰਸ਼ਾਸਨ ਦਾ ਦਾਅਵਾ ਸੀ ਕਿ ਯੂਨੀਵਰਸਿਟੀ ਨੇ ਪਿਛਲੇ ਸਾਲ ਗਾਜ਼ਾ ’ਤੇ ਹਮਲੇ ਵੇਲੇ ਇਜ਼ਰਾਈਲ ਖਿਲਾਫ ਕੈਂਪਸ ਵਿੱਚ ਮੁਜ਼ਾਹਰਿਆਂ ਦੌਰਾਨ ਯਹੂਦੀ ਵਿਰੋਧੀ ਭਾਵਨਾਵਾਂ ਨੂੰ ਕੰਟਰੋਲ ਕਰਨ ਵਿੱਚ ਕਮਜ਼ੋਰੀ ਦਿਖਾਈ। ਯੂਨੀਵਰਸਿਟੀ ਦੇ ਪ੍ਰਧਾਨ ਐਲਨ ਗਾਰਬਰ ਨੇ ਇਨ੍ਹਾਂ ਦਲੀਲਾਂ ਨੂੰ ਰੱਦ ਕਰਦਿਆਂ ਕਿਹਾ ਸੀ ਕਿ ਕੋਈ ਵੀ ਸਰਕਾਰ ਨਿੱਜੀ ਯੂਨੀਵਰਸਿਟੀ ਨੂੰ ਇਹ ਤੈਅ ਕਰਨ ਲਈ ਨਹੀਂ ਕਹਿ ਸਕਦੀ ਕਿ ਉਹ ਕੀ ਪੜ੍ਹਾਵੇ, ਕਿਸ ਨੂੰ ਦਾਖਲਾ ਦੇਵੇ ਜਾਂ ਕਿਸ ਨੂੰ ਨਿਯੁਕਤ ਕਰੇ। ਇਸ ਦੇ ਕੁਝ ਘੰਟਿਆਂ ਬਾਅਦ ਟਰੰਪ ਪ੍ਰਸ਼ਾਸਨ ਨੇ 2.2 ਅਰਬ ਡਾਲਰ ਦੀ ਗਰਾਂਟ ਰੋਕ ਦਿੱਤੀ ਸੀ ਤੇ ਛੇ ਕਰੋੜ ਡਾਲਰ ਦੇ ਹੋਰ ਕਰਾਰ ਫਰੀਜ਼ ਕਰ ਦਿੱਤੇ ਸਨ।*

*ਯੂਨੀਵਰਸਿਟੀ ਨੇ ਆਪਣੇ ਮੁਕੱਦਮੇ ਵਿੱਚ ਸਭ ਤੋਂ ਵੱਡੀ ਗੱਲ ਇਹ ਕਹੀ ਹੈ ਕਿ ਟਰੰਪ ਪ੍ਰਸ਼ਾਸਨ ਦਾ ਫੈਸਲਾ ਸ਼ਹਿਰੀ ਹੱਕਾਂ ਦੇ ਕਾਨੂੰਨ ਦੀ ਧਾਰਾ 6 ਦੀ ਉਲੰਘਣਾ ਕਰਦਾ ਹੈ। ਗਰਾਂਟ ’ਤੇ ਰੋਕ ਡਾਕਟਰੀ, ਵਿਗਿਆਨਕ ਤੇ ਤਕਨੀਕੀ ਖੋਜ ਨੂੰ ਨੁਕਸਾਨ ਪਹੁੰਚਾਏਗੀ, ਜੋ ਅਮਰੀਕੀ ਜ਼ਿੰਦਗੀ ਨੂੰ ਬਚਾਉਣ, ਕੌਮੀ ਸੁੱਰਖਿਆ ਨੂੰ ਬਣਾਏ ਰੱਖਣ ਤੇ ਸੰਸਾਰ ਖੋਜ ਵਿੱਚ ਅੱਗੇ ਰਹਿਣ ਲਈ ਅਹਿਮ ਹੈ। ਯੂਨੀਵਰਸਿਟੀ ਨੇ ਪ੍ਰਸ਼ਾਸਨ ਦੇ ਫੈਸਲੇ ਨੂੰ ਯੂਨੀਵਰਸਿਟੀਆਂ ਦੀ ਖੁਦਮੁਖਤਾਰੀ ’ਤੇ ਵੀ ਹਮਲਾ ਦੱਸਿਆ ਹੈ, ਜਦਕਿ ਅਮਰੀਕੀ ਸੁਪਰੀਮ ਕੋਰਟ ਨੇ ਖੁਦਮੁਖਤਾਰੀ ਦੀ ਹਮੇਸ਼ਾ ਹਮਾਇਤ ਕੀਤੀ ਹੈ। ਯੂਨੀਵਰਸਿਟੀ ਨੇ ਇਹ ਦਲੀਲ ਵੀ ਦਿੱਤੀ ਹੈ ਕਿ ਪ੍ਰਸ਼ਾਸਨ ਨੇ ਯਹੂਦੀ-ਵਿਰੋਧੀ ਪ੍ਰੋਟੈਸਟ ਤੇ ਖੋਜ ਗਰਾਂਟ ਵਿਚਾਲੇ ਕੋਈ ਬਾਦਲੀਲ ਸੰਬੰਧ ਸਥਾਪਤ ਨਹੀਂ ਕੀਤਾ।*

*ਇਹ ਮੁਕੱਦਮਾ ਅਮਰੀਕਾ ਵਿੱਚ ਵਿਦਿਅਕ ਆਜ਼ਾਦੀ ਤੇ ਸਰਕਾਰੀ ਦਖਲ ਵਿਚਾਲੇ ਟਕਰਾਅ ਦਾ ਇੱਕ ਅਹਿਮ ਮਾਮਲਾ ਬਣ ਸਕਦਾ ਹੈ। ਹਾਰਵਰਡ ਨੇ ਕੋਰਟ ਤੋਂ ਫੌਰੀ ਰਾਹਤ ਦੀ ਮੰਗ ਕੀਤੀ ਹੈ ਤਾਂ ਕਿ ਫੰਡਿੰਗ ਬਹਾਲ ਹੋ ਸਕੇ ਅਤੇ ਖੋਜ ਕੰਮ ਪ੍ਰਭਾਵਤ ਨਾ ਹੋਣ। ਕੋਰਟ ਦਾ ਫੈਸਲਾ ਨਾ ਸਿਰਫ ਹਾਰਵਰਡ ਸਗੋਂ ਹੋਰਨਾਂ ਅਮਰੀਕੀ ਯੂਨੀਵਰਸਿਟੀਆਂ ਲਈ ਵੀ ਦੂਰਗਾਮੀ ਪ੍ਰਭਾਵ ਪਾਉਣ ਵਾਲਾ ਹੋਵੇਗਾ। ਹਾਲਾਂਕਿ ਦੂਜੀਆਂ ਯੂਨੀਵਰਸਿਟੀਆਂ ਵਿਦਿਆਰਥੀ ਪ੍ਰੋਟੈਸਟਾਂ ’ਤੇ ਹੋਰ ਰੋਕਾਂ ਬਾਰੇ ਟਰੰਪ ਅੱਗੇ ਗੋਡੇ ਟੇਕ ਚੁੱਕੀਆਂ ਹਨ, ਪਰ ਹਾਰਵਰਡ ਲੜਾਈ ਲੜ ਰਹੀ ਹੈ। ਹਾਰਵਰਡ ਦੀ ਇਹ ਲੜਾਈ ਦੁਨੀਆ ਦੇ ਹੋਰਨਾਂ ਦੇਸ਼ਾਂ ਵਿੱਚ ਸਰਕਾਰਾਂ ਦੇ ਥੱਲੇ ਲੱਗੀਆਂ ਯੂਨੀਵਰਸਿਟੀਆਂ ਲਈ ਵੀ ਸਬਕ ਹੈ ਕਿ ਯੂਨੀਵਰਸਿਟੀਆਂ ਗੁਲਾਮ ਸੋਚ ਪੈਦਾ ਕਰਨ ਲਈ ਨਹੀਂ, ਸਗੋਂ ਆਜ਼ਾਦ ਸੋਚ ਪੈਦਾ ਕਰਨ ਲਈ ਹੁੰਦੀਆਂ ਹਨ।*

# ਸੱਚਮੁੱਚ ਸਿੱਖਿਆ ਕ੍ਰਾਂਤੀ ਦੀ ਲੋੜ



ਗੁਰਮੀਤ ਸਿੰਘ ਪਲਾਹੀ

ਅੱਜ ਜਿਵੇਂ ਸਿਆਸਤਦਾਨ ਇੱਕ-ਦੂਜੇ ਨਾਲ ਵਿਵਹਾਰ ਕਰਦੇ ਹਨ, ਇੱਕ-ਦੂਜੇ ਬਾਰੇ ਬੋਲਦੇ, ਤਾਹਨੇ-ਮਿਹਣੇ ਦਿੰਦੇ, ਇੱਕ-ਦੂਜੇ ਦੇ ਪੋਤੜੇ ਫੋਲਦੇ, ਇੱਕ-ਦੂਜੇ ’ਤੇ ਊਜਾਂ ਲਾਉਂਦੇ ਹਨ, ਕੀ ਇਹ ਕਿਸੇ ਸਿੱਖਿਅਤ ਸ਼ਖ਼ਸੀਅਤ ਦਾ ਵਿਵਹਾਰ ਹੈ? ਲੋਕਾਂ ਦੇ ਮਸਲਿਆਂ ਨੂੰ ਨਾ ਸਮਝਣਾ, ਕੁਰਸੀ ਯੁੱਧ ਨੂੰ ਅਹਿਮੀਅਤ ਦੇਣੀ, ਨੈਤਿਕਤਾ ਦਾ ਪੱਲਾ ਹੱਥੋਂ ਛੱਡ ਦੇਣਾ ਕਿਸ ਕਿਸਮ ਦੀ ਸਿਆਸਤ ਹੈ? ਪੰਜਾਬ ਦੇ ਪੜ੍ਹੇ-ਲਿਖੇ ਕਿੰਨੇ ਸਿਆਸਤਦਾਨ ਲੋਕਾਂ ਦਾ ਦਰਦ ਪਛਾਣਦੇ ਹਨ, ਲੋਕਾਂ ਦੇ ਮਸਲਿਆਂ ਦਾ ਹੱਲ ਲੱਭਣ ਲਈ ਡੂੰਘਾਈ ’ਚ ਅਧਿਐਨ ਕਰਦੇ ਹਨ, ਆਪਣੇ ਸੂਬੇ ਦਾ ਕੇਸ ਉੱਪਰਲੀ ਅਦਾਲਤ, ਜਾਂ ਉੱਪਰਲੀ ਸਰਕਾਰ ਤੱਕ ਲੈ ਕੇ ਜਾਂਦੇ ਹਨ?

ਕੀ ਸਿਆਸਤਦਾਨ ਪੰਜਾਬ ਦੀ ਆਪਣੀ ਖੇਤੀ ਨੀਤੀ ਬਣਾ ਸਕੇ ਜਾਂ ਵਿਦਵਾਨਾਂ, ਪੜ੍ਹਾਕੂਆਂ, ਪਾਰਖੂਆਂ ਤੋਂ ਬਣਵਾ ਸਕੇ? ਕੀ ਪੰਜਾਬ ਦੀ ਸਿੱਖਿਆ ਨੀਤੀ ਬਣਵਾ ਸਕੇ? ਜਿਸ ਦੀ ਲੋੜ ਅੱਜ ਦੇ ਕੀ ਇਹ ਸਭ ਕੁਝ ਸਿੱਖਿਆ ਦੀ ਘਾਟ ਦਾ ਸਿੱਟਾ ਨਹੀਂ ਹੈ?

ਗੱਲ ਇਕੱਲੀ ਸਿਆਸਤਦਾਨਾਂ ਦੀ ਹੀ ਨਹੀਂ। ਗੱਲ ਧਾਰਮਿਕ ਸ਼ਖ਼ਸੀਅਤਾਂ ਅਤੇ ਸਮਾਜਿਕ ਸੇਵਕਾਂ ਨਾਲ ਵੀ ਜੁੜੀ ਹੋਈ ਹੈ। ਗੱਲ ਸੂਬੇ ਦੇ ਵਿਚਾਰਵਾਨਾਂ, ਲੇਖਕਾਂ, ਬੁੱਧੀਜੀਵੀਆਂ ਨਾਲ ਵੀ ਜੁੜੀ ਹੋਈ ਹੈ, ਜਿਹੜੇ ਆਪਣਾ ਬਣਦਾ ਰੋਲ ਨਿਭਾਉਣ ਤੋਂ ਸਿਰਫ਼ ਆਪਣੇ ‘ਰੋਟੀ ਪਾਣੀ’ ਦੇ ਚੱਕਰ ’ਚ ਅੱਖਾਂ ਮੀਟੀ ਬੈਠੇ ਰਹੇ? ਕਿੰਨੇ ਕੁ ਨੀਤੀਵਾਨ, ਵਿਚਾਰਵਾਨ ਇਹੋ ਜਿਹੇ ਹਨ, ਜਿਹੜੇ ਗਰਕ ਹੋ ਰਹੇ, ਉੱਜੜ ਰਹੇ ਪੰਜਾਬ ਦੀਆਂ ਸਮੱਸਿਆਵਾਂ ਦੇ ਕਾਰਨਾਂ ਨੂੰ ਲੋਕਾਂ ਸਾਹਵੇਂ ਲਿਆ ਰਹੇ ਹਨ? ਯੂਨੀਵਰਸਿਟੀਆਂ ਸੁੱਤੀਆਂ ਪਈਆਂ ਹਨ। ਹਜ਼ਾਰਾਂ ਲੋਕ ਸਿਰਫ਼ ਖੋਜ ਦੇ ਨਾਂਅ ’ਤੇ ਪੀ.ਐੱਚ.ਡੀ. ਕਰਦੇ ਹਨ, ਆਪਣਾ ਕਰੀਅਰ ਬਣਾਉਣ ਲਈ, ਪੈਸੇ ਕਮਾਉਣ ਲਈ ਅਤੇ ਬੱਸ ਸੁਰਖ਼ਰੂ ਹੋ ਜਾਂਦੇ ਹਨ। ਭੁੱਲ ਹੀ ਗਏ ਹਨ ਸਿੱਖਿਆ ਦੇ ਅਰਥ! ਭੁੱਲ ਹੀ ਗਏ ਹਨ ਕਿ ਵਿਦਵਾਨਾਂ, ਖੋਜੀਆਂ ਦਾ ਫਰਜ਼ ਲੋਕਾਂ ਨੂੰ ਚਾਨਣਾ ਦੇਣਾ ਹੈ, ਸਿਰਫ਼ ਵਾਹ-ਵਾਹ ਖੱਟਣਾ ਜਾਂ ਚੇਲਿਆਂ, ਬਾਲਕਿਆਂ ਤੋਂ ਵਾਹ-ਵਾਹ ਕਰਵਾਉਣਾ ਨਹੀਂ।

ਆਜ਼ਾਦੀ ਉਪਰੰਤ ਪੰਜਾਬ ਦੋ ਹਿੱਸਿਆਂ ’ਚ ਵੰਡਿਆ ਗਿਆ। ਲੱਖਾਂ ਬੱਚੇ, ਸਕੂਲਾਂ ਤੋਂ ਬਾਂਝੇ ਹੋ ਗਏ। ਗਰਮ-ਸਰਦ ਸਮਿਆਂ ’ਚ ਪੰਜਾਬ ਦੀ ਸਿੱਖਿਆ ਮਧੋਲੀ ਗਈ। ਸਮਾਂ ਬੀਤਣ ’ਤੇ ਬੇਰੁਜ਼ਗਾਰੀ ਵਧੀ। ਪ੍ਰਵਾਸ ਵਧਿਆ। ਆਇਲਿਟਸ ਨੇ ਪੰਜਾਬ ਦੀ ਸਿੱਖਿਆ ਤੇ ਸਿੱਖਿਆ ਸੰਸਥਾਵਾਂ ਰੋਲ ਦਿੱਤੀਆਂ, ਬੰਦ ਕਰਵਾ ਦਿੱਤੀਆਂ। ਕਿਹੜੀ ਸਰਕਾਰ ਕਾਰਨ ਜਾਣ ਸਕੀ ਕਿ ਇਹ ਪ੍ਰਵਾਸ ਨੌਜਵਾਨਾਂ ਦੀ ਮਜਬੂਰੀ ਕਿਉਂ ਬਣ ਰਿਹਾ ਹੈ?

ਬੇਰੁਜ਼ਗਾਰੀ, ਨਸ਼ਿਆਂ ਦਾ ਵਗਦਾ ਦਰਿਆ ਸਿੱਖਿਆ ਦੀ ਘਾਟ ਦਾ ਹੀ ਤਾਂ ਸਿੱਟਾ ਹੈ। ਸਿੱਖਿਆ ਹੋਏਗੀ, ਚੰਗੀ ਖੇਤੀ ਹੋਏਗੀ।ਸਿੱਖਿਆ ਹੋਏਗੀ, ਰੁਜ਼ਗਾਰ ਹੋਏਗਾ, ਕਾਰੋਬਾਰ ਹੋਏਗਾ, ਪਰ ਜੇਕਰ ਸਿੱਖਿਆ ਦੇ ਮੁੱਢਲੇ ਅਧਿਕਾਰ ਨੂੰ ਸਰਕਾਰਾਂ ਭੁੱਲ ਕੇ ਪਬਲਿਕ ਸਕੂਲਾਂ ਰਾਹੀਂ ਲੋਕਾਂ ਤੋਂ ਪੈਸਾ ਬਟੋਰਨ ਦੇ ਚੱਕਰ ’ਚ ਆਪਣਾ ਫ਼ਰਜ਼ ਹੀ ਭੁੱਲ ਜਾਣਗੀਆਂ ਤਾਂ ਉਸ ਖਿੱਤੇ ਦੇ ਲੋਕਾਂ ਦਾ ਆਖ਼ਰ ਹਾਲ ਕੀ ਹੋ ਜਾਏਗਾ ਉਹੋ ਹਾਲ ਹੋਏਗਾ, ਜੋ ਪੰਜਾਬ ਦੇ ਲੋਕਾਂ ਦਾ ਇਸ ਵੇਲੇ ਹੋਇਆ ਪਿਆ ਹੈ। ਕਹਿਣ ਨੂੰ ਇਹ ਸਿੱਖਿਆ ਕ੍ਰਾਂਤੀ ਹੈ, ਪਰ ਅੱਜ ਵੀ ਸਰਕਾਰੀ ਸਕੂਲ ਆਮ ਆਦਮੀ ਦੀ ਆਖ਼ਰੀ ਮਜਬੂਰੀ ਬਣੇ ਹੋਏ ਹਨ, ਜਿੱਥੇ ਉਹ ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਮਨੋਂ ਨਹੀਂ, ਬੇਬਸੀ ’ਚ ਭੇਜਦਾ ਹੈ। ਹਾਲ ਪਬਲਿਕ ਸਕੂਲਾਂ ਦਾ ਵੀ ਇਹੋ ਹੈ, ਜਿਥੇ ਸਿੱਖਿਆ ਦਿੱਤੀ ਨਹੀਂ ਜਾਂਦੀ, ਵੇਚੀ ਜਾਂਦੀ ਹੈ। ਹਾਲ ਪ੍ਰੋਫੈਸ਼ਨਲ ਪ੍ਰਾਈਵੇਟ ਯੂਨੀਵਰਸਿਟੀਆਂ ਤੇ ਪ੍ਰੋਫੈਸ਼ਨਲ ਕਾਲਜਾਂ ਦਾ ਵੀ ਇਹੋ ਹੈ। ਸਵਾਲ ਉੱਠਦਾ ਹੈ ਕਿ ਕੀ ਸਿੱਖਿਆ ਕੋਈ ਵੇਚਣ ਵਾਲੀ ਚੀਜ਼ ਹੈ?

ਪੰਜਾਬ ’ਚ 17 ਯੂਨੀਵਰਸਿਟੀਆਂ ਹਨ, ਜੋ ਸਰਕਾਰੀ ਜਾਂ ਸਰਕਾਰੀ ਸਹਾਇਤਾ ਪ੍ਰਾਪਤ ਹਨ। 14 ਪ੍ਰਾਈਵੇਟ ਪ੍ਰੋਫੈਸ਼ਨਲ ਯੂਨੀਵਰਸਿਟੀਆਂ ਹਨ। 8 ਮੈਡੀਕਲ ਕਾਲਜ ਹਨ। ਦਰਜਨਾਂ ਇੰਜੀਨੀਅਰਿੰਗ ਟੈਕਨਾਲੋਜੀ ਕਾਲਜ ਹਨ। ਆਰਟਸ ਕਾਲਜਾਂ ਦੀ ਗਿਣਤੀ ਸੈਂਕੜਿਆਂ ਵਿਚ ਹੈ। ਪਬਲਿਕ ਮਾਡਲ ਸਕੂਲ ਥਾਂ-ਥਾਂ ਖੁੱਲ੍ਹੇ ਹੋਏ ਹਨ, ਪਰ ਇਹਨਾਂ ਸਾਰਿਆਂ ਤੋਂ ਵੱਧ ਮਨਜ਼ੂਰਸ਼ੁਦਾ ਅਤੇ ਗ਼ੈਰ-ਮਨਜ਼ੂਰਸ਼ੁਦਾ ਆਇਲਿਟਸ ਸੈਂਟਰ ਹਨ, ਪਰ ਬਹੁਤ ਹੀ ਘੱਟ ਗਿਣਤੀ ’ਚ ਪੀ.ਸੀ.ਐੱਸ., ਆਈ.ਏ.ਐੱਸ., ਆਈ.ਪੀ.ਐੱਸ., ਕੰਪੀਟੀਸ਼ਨ ਦੀ ਤਿਆਰੀ ਕਰਵਾਉਣ ਵਾਲੇ ਸੈਂਟਰ ਹਨ।

ਲੱਗਭੱਗ ਹਰ ਪਿੰਡ ਅਤੇ ਹਰ ਸ਼ਹਿਰ ’ਚ ਸਰਕਾਰੀ ਪ੍ਰਾਇਮਰੀ ਸਕੂਲ ਹੈ, ਤੇ ਵੱਡੀ ਗਿਣਤੀ ’ਚ ਮਿਡਲ, ਹਾਈ, ਹਾਇਰ ਸੈਕੰਡਰੀ ਸਕੂਲ ਹਨ। ਉਸ ਸੂਬੇ ’ਚ ਜਿਥੇ ਸਕੂਲਾਂ, ਕਾਲਜਾਂ, ਪ੍ਰੋਫੈਸ਼ਨਲ ਕਾਲਜਾਂ ਦੀ ਭਰਮਾਰ ਹੋਵੇ ਉਥੇ ਇਹਨਾਂ ਵਿਦਿਅਕ ਸੰਸਥਾਵਾਂ ’ਚ ਜਦੋਂ ਅਸਲ ਸਿੱਖਿਆ ਦੀ ਘਾਟ ਹੋਵੇ, ਤਾਂ ਸਵਾਲ ਚੁੱਕਣਾ ਤਾਂ ਬਣਦਾ ਹੀ ਹੈ ਕਿ ਇਹ ਸਿੱਖਿਆ ਅਦਾਰੇ ਆਖ਼ਰ ਖੋਲ੍ਹੇ ਹੀ ਕਿਉਂ ਗਏ ਹਨ? ਕੀ ਇਹਨਾਂ ਦੇ ਖੋਲ੍ਹਣ ਪਿੱਛੇ ਸੇਵਾ ਭਾਵਨਾ ਹੈ ਜਾਂ ਕਾਰੋਬਾਰੀ ਭਾਵਨਾ? ਕਦੇ ਮਿਸ਼ਨਰੀ ਲੋਕਾਂ ਨੇ ਪੰਜਾਬ ਨੂੰ ਸਿੱਖਿਅਤ ਕਰਨ ਲਈ ਆਰੀਆ, ਖ਼ਾਲਸਾ, ਕ੍ਰਿਸਚੀਅਨ ਸਕੂਲ ਖੋਲ੍ਹੇ ਸਨ। ਪਰ ਸਰਕਾਰੀ ਨੀਤੀਆਂ ਨੇ ਇਹਨਾਂ ਸੰਸਥਾਵਾਂ ਨੂੰ ਨਿਹੱਥੇ ਕਰ ਦਿੱਤਾ। ਪਬਲਿਕ ਸਕੂਲਾਂ, ਪ੍ਰੋਫੈਸ਼ਨਲ ਪ੍ਰਾਈਵੇਟ ਯੂਨੀਵਰਸਿਟੀਆਂ ਨੇ ਇਹ ਸੰਸਥਾਵਾਂ ਨੂੰ ਪਿੱਛੇ ਧੱਕ ਕੇ, ਸਰਕਾਰੀ ਸਕੂਲਾਂ, ਕਾਲਜਾਂ ਦੀ ਫੱਟੀ-ਬਸਤਾ ਵੀ ਪੋਚ ਦਿੱਤਾ।

ਅੱਜ ਪੰਜਾਬ ’ਚ ਸਿੱਖਿਆ ਦਾ ਹਾਲ ਕੀ ਹੈ? ਪ੍ਰਾਇਮਰੀ, ਮਿਡਲ ਸਰਕਾਰੀ ਸਕੂਲਾਂ ’ਚ ਟੀਚਰਾਂ ਦੀ ਘਾਟ ਹੈ। ਪੰਜ-ਪੰਜ ਕਲਾਸਾਂ ਲਈ ਇੱਕ ਅਧਿਆਪਕ। ਬੀਤੇ ਸਮਿਆਂ ’ਚ ਵਿਦਿਆਰਥੀ ਤੱਪੜ ’ਤੇ ਬੈਠਦੇ ਸੀ, ਚੰਗੇ ਗਿਆਨਵਾਨ ਟੀਚਰਾਂ ਤੋਂ ਪੜ੍ਹਦੇ ਸੀ। ਆਲੇ-ਦੁਆਲੇ ਨੂੰ ਵੇਖਦੇ ਸੀ, ਚੰਗੀ ਸੋਚ ਬਣਦੀ ਸੀ। ਹੁਣ ਸੋਚ ਉਤੇ ਪਰਦਾ ਪੈ ਗਿਆ ਹੈ। ਪਬਲਿਕ ਸਕੂਲ ਮਾਂ-ਬੋਲੀ ਪੰਜਾਬੀ ਤੋਂ ਪ੍ਰਹੇਜ਼ ਕਰਦੇ ਹਨ, ਮਾਪੇ ਬੱਚਿਆਂ ਨੂੰ ਬਾਰ੍ਹਵੀਂ ਪਾਸ ਤੋਂ ਬਾਅਦ ਸਿੱਧਾ ਆਇਲੈਟਸ ਕਰਵਾ ਕੇ ਬੇਗਾਨੇ ਮੁਲਕਾਂ ’ਚ ਭੇਜ ਰਹੇ ਹਨ। ਬਰੇਨ ਡਰੇਨ ਹੋ ਰਿਹਾ, ਧਨ ਦੀ ਇਥੋਂ ਨਿਕਾਸੀ ਹੋ ਰਹੀ ਹੈ। ਇੱਥੇ ਖੋਲ੍ਹੇ ਆਰਟਸ ਕਾਲਜ, ਪ੍ਰੋਫੈਸ਼ਨਲ ਕਾਲਜ ਬੰਦ ਹੋ ਰਹੇ ਹਨ, ਸੀਟਾਂ ਨਹੀਂ ਭਰੀਆਂ ਜਾ ਰਹੀਆਂ। ਯੂਨੀਵਰਸਿਟੀਆਂ ਪ੍ਰੋਫੈਸਰਾਂ, ਅਧਿਆਪਕਾਂ ਤੋਂ ਸੱਖਣੀਆਂ ਹਨ। ਸਰਕਾਰਾਂ ਨੇ ਸਿੱਖਿਆ ਸਿਸਟਮ ਨੇ ਅਧਿਆਪਕਾਂ ਨੂੰ ਚੁੱਪ-ਚਾਪ ਦੁੱਖ ਸਹਿਣ ਵਾਲੇ ਮਜ਼ਦੂਰ ਬਣਾ ਦਿੱਤਾ ਹੈ।

ਸਿਆਸਤਦਾਨ ਦੀ ਤਰਜੀਹ ਹੁਣ ਜਨ ਕਲਿਆਣ ਜਾਂ ਲੋਕ ਸਰਕਾਰ ਨਹੀਂ, ਸਿਰਫ਼ ਚੋਣ ਸਮੀਕਰਣ ਰਹਿ ਗਈ ਹੈ। ਉਹਨਾ ਦੀ ਤਰਜੀਹ ਲੋਕਾਂ ਨੂੰ ਨਿਕੰਮੇ, ਅਸਿਖਿਅਤ ਰੱਖਣ ਵੱਲ ਵਧੇਰੇ ਹੈ ਤਾਂ ਕਿ ਕੋਈ ਸਵਾਲ ਹੀ ਨਾ ਉਠੇ ਪਰ ਸਿੱਖਿਆ ਸਵਾਲ ਉਠਾਉਂਦੀ ਹੈ, ਸਿੱਖਿਆ ਵਿਚਾਰ ਪੈਦਾ ਕਰਦੀ ਹੈ, ਸਿੱਖਿਆ ਅਤੇ ਕਿਤਾਬ ਮਨ ਅਤੇ ਤਨ ਨੂੰ ਤਾਕਤਵਰ ਕਰਦੀ ਹੈ।

ਸਿਆਸੀ ਖੇਡਾਂ ਨੇ ਇਸ ਦਾ ਲੱਕ ਤੋੜਿਆ ਅਤੇ ਪੰਜਾਬ ਢਾਈ ਦਰਿਆਵਾਂ ਤੱਕ ਸੀਮਤ ਕਰ ਦਿੱਤਾ ਗਿਆ। ਵੱਢ-ਵਢਾਂਗਾ, ਭਾਈ-ਮਾਰ, ਸਾਜ਼ਿਸ਼ਾਂ, ਸਵਾਰਥੀ ਸੋਚ ਪਿੱਠ-ਛੁਰਾ ਇਹਨਾਂ ਦੇ ਪੱਲੇ ਪਾ ਦਿੱਤਾ ਗਿਆ। ਸਿਊਂਕ ਨਾਲ ਭੰਨਿਆ, ਬਿਮਾਰੀਆਂ ਨਾਲ ਖਾਧਾ ਨਰਕੀ ਪੰਜਾਬ ਦਿਸਦਾ ਹੈ, ਜਿੱਥੇ ਨਸ਼ੇ ਹਨ। ਜਿੱਥੇ ਮਾਰ-ਧਾੜ ਹੈ। ਜਿਥੇ ਧਰਤੀ ਨਾਲੋਂ ਟੁੱਟਿਆ ਕੁਨਬਾ ਹੈ, ਜਿਹੜਾ ਆਪਣੀ ਧਰਤ ਛੱਡ ਬੇਗਾਨੀ ਧਰਤੀ ਦੀ ਬੁੱਕਲ ਲੱਭਦਾ ਹੈ।

ਕਾਰਨ ਇਕੋ ਨਹੀਂ, ਪਰ ਵੱਡਾ ਹੈ, ਪੰਜਾਬੀਆਂ ਨੇ ਸਿੱਖਿਆ-ਸੋਚ ਨਾਲੋਂ ਮੋਹ ਤੋੜ ਲਿਆ ਹੈ। ਅਕਲ ’ਤੇ ਪੱਲਾ ਪਾ ਲਿਆ ਹੈ। ਸੋਚ ਨਿਰੀ-ਪੁਰੀ ਵਿਵਹਾਰਿਕ ਕਰ ਲਈ ਹੈ। ਜੰਮਦੇ ਹੀ, ਮਰਨ ਤੱਕ ਚੰਗੀ ਖੱਬੀ ਖਾਨ ਜ਼ਿੰਦਗੀ ਗੁਜ਼ਾਰਨ ਲਈ ਸਾਧਨ ਜੁਟਾਉਣ ਦੇ ਰਾਹ ਪੈ ਗਏ ਹਾਂ। ਬੱਚਿਆਂ ਨੂੰ ਇਹੋ ਜਿਹੇ ਸਸਕਾਰ ਦੇ ਰਹੇ ਹਾਂ, ਵੱਡਾ ਕਮਾਓ, ਮੌਜਾਂ ਕਰੋ। ਜੇਕਰ ਇਥੇ ਕੁਝ ਨਹੀਂ ਲੱਭਦਾ, ਇਥੋਂ ਤੁਰ ਜਾਓ, ਪ੍ਰਵਾਸ ਦੇ ਰਾਹ ਪੈ ਜਾਓ, ਉਥੇ ਹਰ ਕਿਸਮ ਦੀ ਕਿਰਤ ਕਰੋ ਅਤੇ ਬਸ ਜ਼ਿੰਦਗੀ ਗੁਜ਼ਾਰ ਦਿਓ। ਪੰਜਾਬ ਦੀ ਸੋਚ ਕਿੱਥੇ ਗਈ? ਵਿਚਾਰ ਕਿੱਥੇ ਗਏ? ਨੈਤਿਕ ਕਦਰਾਂ-ਕੀਮਤਾਂ ਕਿੱਥੇ ਰਹਿ ਗਈਆਂ?

ਸੂਬਾ ਦਾਨ-ਪੁੰਨ ਕਰਨ ਵਾਲਾ ਹੈ। ਸੋਚ ਪੰਜਾਬੀਆਂ ਦੀ ਦਯਾ ਕਰਨ ਦੀ ਹੈ। ਧਾਰਮਿਕ ਸਥਾਨਾਂ, ਡੇਰਿਆਂ ’ਤੇ ਰੌਣਕਾਂ ਹਨ। ਸ਼ਰਧਾ ਹੈ। ਦਿਖਾਵਾ ਹੈ। ਸੁੰਦਰ ਸਥਾਨ ਹਨ, ਪਰ ਜਿਹਨਾਂ ਵਿਚਾਰਾਂ ਨੇ ਬੰਦੇ ਨੂੰ ਇਨਸਾਨ ਬਣਾਉਣਾ ਹੈ, ਉਹਦੀ ਕਮੀ ਹੈ, ਅਸੀਂ ਦਾਨ-ਪੁੰਨ ਕਰਦੇ ਹਾਂ। ਸਾਡੇ ਲਈ ਲੰਗਰ ਸੇਵਾ ਵੱਡੀ ਹੈ। ਪਰ ਪੰਜਾਬੀ ਭਾਈਚਾਰਾ ਕਿੰਨੇ ਕੁ ਸਕੂਲ, ਕਾਲਜ ਖੋਲ੍ਹਦਾ ਹੈ? ਇਸ ਲਈ ਕਿੰਨਾ ਕੁ ਦਾਨ ਦਿੰਦਾ ਹੈ? ਕਿੰਨਾ ਖਰਚਾ ਆਪਣੇ ਬੱਚਿਆਂ ਦੀ ਪੜ੍ਹਾਈ ’ਤੇ ਕਰਦਾ ਹੈ?

ਪੰਜਾਬੀ ਵਿਚਾਰਾਂ ਤੋਂ ਸੱਖਣਾ, ਕਿਤਾਬ ਪੜ੍ਹਨ ਤੋਂ ਆਤੁਰ ਹੈ, ਨਸ਼ਾ ਤੇ ਹੋਰ ਵਸਤਾਂ ਖਰੀਦਦਾ ਹੈ, ਕਿਤਾਬ ਨਹੀਂ ਖਰੀਦਦਾ। ਪਿੰਡਾਂ, ਸ਼ਹਿਰਾਂ ’ਚ ਲਾਇਬ੍ਰੇਰੀਆਂ ਨਹੀਂ ਬਣਾਉਂਦਾ। ਪੀਰਾਂ, ਫ਼ਕੀਰਾਂ, ਬਾਬਿਆਂ ਨੂੰ ਪੂਜੀ ਜਾਂਦਾ ਹੈ। ਸਮਾਂ ਨਸ਼ਟ ਕਰੀ ਜਾਂਦਾ ਹੈ। ਸਰਕਾਰਾਂ ਵੀ ਇਸੇ ਰਸਤੇ ਤੁਰੀਆਂ ਹੋਈਆਂ ਹਨ। ਸਿੱਖਿਆ ਕ੍ਰਾਂਤੀ ਦੇ ਨਾਂਅ ’ਤੇ ਪੰਜਾਬ ਇਸ ਵੇਲੇ “ਪ੍ਰਚਾਰੀ ਚਰਚਾ” ’ਚ ਹੈ। ਇਸ ਨਾਲ ਲੋਕਾਂ ਨੂੰ ਕੀ ਪ੍ਰਾਪਤ ਹੋਏਗਾ?

ਇਸ ਸਭ ਕੁਝ ਦਾ ਅਰਥ ਇਹ ਵੀ ਨਹੀਂ ਕਿ ਪੰਜਾਬੀ ਵਿਚਾਰਵਾਨਾਂ ਦੀ ਕਮੀ ਹੈ। ਦੇਸ਼-ਵਿਦੇਸ਼ ’ਚ ਸਿਆਣੇ ਪੰਜਾਬੀਆਂ ਦਾ ਬੋਲਬਾਲਾ ਹੈ, ਜਿੱਥੇ ਵਿਦੇਸ਼ਾਂ ’ਚ ਚੰਗੇ ਕਾਰੋਬਾਰੀ ਹਨ, ਸਾਇੰਸਦਾਨ ਹਨ, ਸਿੱਖਿਆ ਸ਼ਾਸਤਰੀ ਹਨ, ਉਥੇ ਪੰਜਾਬੀ ਦਾਨੀ ਪੁਰਖਾਂ ਦੀ ਵੀ ਕਮੀ ਨਹੀਂ ਹੈ।

ਲੋੜ ਹੈ ਪੰਜਾਬੀ ਲੋਕ ਬਾਕੀ ਦਿਖਾਵੇ ਛੱਡ ਕੇ ਸਿੱਖਿਆ ਖੇਤਰ ’ਚ ਅੱਗੋਂ ਪੁਲਾਂਘਾਂ ਭਰਨ। ਧਾਰਮਿਕ ਸਥਾਨਾਂ ਦੀ ਥਾਂ ਯੂਨੀਵਰਸਿਟੀਆਂ, ਸਕੂਲ, ਕਾਲਜ, ਲਾਇਬ੍ਰੇਰੀਆਂ ਖੋਲ੍ਹਣ, ਬੱਚਿਆਂ ਨੂੰ ਪੜ੍ਹਾਉਣ ਵੱਲ ਲੈ ਕੇ ਜਾਣ। ਇਹੀ ਅਸਲ ਅਰਥਾਂ ’ਚ ਸਿੱਖਿਆ ਕ੍ਰਾਂਤੀ ਦੀ ਨੀਂਹ ਹੋ ਸਕੇਗੀ।

**# ਸੰਪਰਕ : 98158-02070**

# ਜੇ ਅੱਜ ਮੌਕਾ ਨਾ ਸਾਂਭਿਆ...



ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ

ਆਉਣ ਵਾਲੇ ਕੁਝ ਸਾਲਾਂ ’ਚ ਦੇਸ਼ ਅਬਾਦੀ ਪੱਖੋਂ ਡੇਢ ਅਰਬ ਨੂੰ ਪਹੁੰਚਣ ਵਾਲਾ ਬਣ ਜਾਵੇਗਾ। ਭਾਰਤ ਇੱਕ ਮਹਾਨ ਦੇਸ਼ ਹੈ, ਜੋ ਲੱਗਭੱਗ 28 ਸੂਬਿਆ ਅਤੇ 8 ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੰਡਿਆ ਹੋਇਆ ਹੈ। ਮੇਰੇ ਮਹਾਨ ਦੇਸ਼ ਦੇ ਕਈ ਸੂਬੇ ਅੰਤਰ-ਰਾਸ਼ਟਰੀ ਪ੍ਰਦੇਸਾਂ ਨਾਲੋਂ ਵੀ ਵੱਡੇ ਹਨ। ਮੇਰਾ ਮਹਾਨ ਭਾਰਤ ਦੇਸ਼ ਵੱਖ-ਵੱਖ ਸੂਬਿਆ, ਜਾਤਾਂ, ਧਰਮ, ਬੋਲੀਆਂ ਅਤੇ ਵੱਖ-ਵੱਖ ਫਿਰਕਿਆਂ ਦਾ ਇੱਕ ਅਜਿਹਾ ਗੁਲਦਸਤਾ ਹੈ, ਜਿਸ ਨੂੰ ਨਕਸ਼ਿਆਂ ’ਚ ਉਕਰਿਆ ਦੇਖ ਵੱਖ-ਵੱਖ ਭਾਸ਼ਾਵਾਂ ’ਚੋਂ ਵੱਖ-ਵੱਖ ਧਰਮਾਂ ਦੀ ਪੂਜਾ ਕਰਦਿਆਂ ਦੇਖ ਕੇ ਮਹਿਸੂਸ ਕੀਤਿਆਂ ਇੱਕ ਅਨੋਖਾ ਜਿਹਾ ਆਨੰਦ ਮਿਲਦਾ ਹੈ। ਇਹ ਉਹ ਹੀ ਦੇਸ਼ ਹੈ, ਜਿਸ ’ਤੇ ਵੱਖ-ਵੱਖ ਸਮੇਂ ਵੱਖ-ਵੱਖ ਦੇਸ਼ਾਂ ਦੀਆਂ ਹਕੂਮਤਾਂ ਨੇ ਰਾਜ ਕੀਤਾ, ਜਿਸ ਦੌਰ ਨੂੰ ਅਸੀਂ ਗੁਲਾਮੀ ਦਾ ਦੌਰ ਵੀ ਆਖ ਸਕਦੇ ਹਾਂ। ਸਾਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਭਾਰਤ ਦੇਸ਼ ਉਹੀ ਇੱਕ ਅਜਿਹਾ ਦੇਸ਼ ਹੈ, ਜੋ ਆਪਣੇ ਗੁਣਾਂ ਕਰਕੇ, ਆਪਣੀ ਪੈਦਾਵਾਰ, ਆਪਣੇ ਖਣਿਜਾਂ ਕਰਕੇ ਤੇ ਆਪਸੀ ਪਿਆਰ ਕਰਕੇ ਕਦੇ ਸੋਨੇ ਦੀ ਚਿੜੀ ਕਹਾਉਂਦਾ ਸੀ।

ਸੋਨੇ ਦੀ ਚਿੜੀ ਬਣਨ ਤੋਂ ਬਾਅਦ ਫਿਰ ਇਸ ’ਤੇ ਬੁਰੀ ਨਜ਼ਰ ਰੱਖਣ ਵਾਲੇ ਲੋਕਾਂ ਸਦਕਾ ਇਹਦਾ ਮੂੰਹ-ਮਹਾਂਦਰਾ ਬਦਲਦਾ ਰਿਹਾ, ਜਿਸ ਨੂੰ ਤੁਸੀਂ ਭਾਰਤ ਨੂੰ ਨਜ਼ਰ ਲੱਗ ਗਈ ਵੀ ਆਖ ਸਕਦੇ ਹੋ।

ਅੱਜ ਆਜ਼ਾਦੀ ਦੇ ਲੱਗਭੱਗ 78 ਸਾਲ ਬਾਅਦ ਇਸ ’ਤੇ ਉਹ ਵੱਡੀ ਪਾਰਟੀ ਰਾਜ ਕਰਦੀ ਹੈ, ਜਿਹੜੀ ਆਪਣੇ ਆਪ ਨੂੰ ਮੈਂਬਰਸ਼ਿਪ ਦੇ ਲਿਹਾਜ਼ ਨਾਲ ਦੁਨੀਆ ਦੀ ਨੰਬਰ ਵਨ ਪਾਰਟੀ ਅਖਵਾਉਂਦੀ ਹੈ, ਪਰ ਸਾਨੂੰ ਨਾਲ-ਨਾਲ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਜੋ ਅਜ਼ਾਦੀ ਲੱਗਭੱਗ 78 ਸਾਲ ਪਹਿਲਾਂ ਮਿਲੀ ਸੀ, ਉਸ ਅਜ਼ਾਦੀ ਵਿੱਚ ਇਸ ਪਾਰਟੀ ਦਾ 78 ਘੰਟੇ ਦਾ ਵੀ ਯੋਗਦਾਨ ਨਹੀਂ ਹੈ। ਸਮੇਂ-ਸਮੇਂ ਜਨਤਾ ਗੁੰਮਰਾਹ ਵੀ ਹੁੰਦੀ ਰਹਿੰਦੀ ਹੈ, ਸਮਾਜ ’ਚ ਤਬਦੀਲੀ ਵੀ ਹੁੰਦੀ ਰਹਿੰਦੀ ਹੈ, ਜਿਸ ਵਿੱਚ ਵੱਡੀ ਪਾਰਟੀ ਆਪਣਾ ਵੱਡਾ ਰੋਲ ਅਦਾ ਕਰਦੀ ਹੋਈ ਵੱਡੇ-ਵੱਡੇ ਖੋਖਲੇ ਵਾਅਦਿਆਂ ਦਾ ਜਨਤਾ ਨਾਲ ਪ੍ਰਚਾਰ ਕਰਦੀ ਰਹਿੰਦੀ ਹੈ। ਅਜਿਹੇ ਕਈ ਕਾਰਨਾਂ ਕਰਕੇ ਪਿਛਲੇ ਕੁਝ ਸਾਲਾਂ ਤੋਂ ਅਜ਼ਾਦੀ ਦੀ ਜਨਮਦਾਤੀ ਪਾਰਟੀ ਹੌਲੀ ਹੌਲੀ ਆਪਣਾ ਕੰਟਰੋਲ ਗੁਆਉਂਦੀ-ਗੁਆਉਂਦੀ ਦੋ ਨੰਬਰ ’ਤੇ ਪਹੁੰਚ ਗਈ ਹੈ ਅਤੇ ਮੌਜੂਦਾ ਭਾਜਪਾ ਪਹਿਲੇ ਨੰਬਰ ’ਤੇ ਆਉਣ ਦੇ ਰਾਜ ਗੱਦੀ ’ਤੇ ਪਿਛਲੇ ਇੱਕ ਦਹਾਕੇ ਤੋਂ ਵੱਧ ਤੱਕ ਬਿਰਾਜਮਾਨ ਹੋ ਚੁੱਕੀ ਹੈ। ਦੇਸ਼ ਦੀ ਰਾਜ ਸੱਤਾ ’ਤੇ ਕਾਬਜ਼ ਹੁੰਦਿਆਂ ਹੀ ਸੰਬੰਧਤ ਪਾਰਟੀ ਸਾਰੇ ਕਾਨੂੰਨਾਂ ਨੂੰ ਆਪਣੇ ਕੰਟਰੋਲ ’ਚ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਆਰਡੀਨੈਂਸ, ਆਪਣੀ ਮਰਜ਼ੀ ਦੀਆਂ ਜੇ ਪੀ ਸੀ ਕਮੇਟੀਆਂ ਤੇ ਤਰ੍ਹਾਂ-ਤਰ੍ਹਾਂ ਦਾ ਗੁੰਮਰਾਹਕੁੰਨ ਪ੍ਰਚਾਰ ਕਰ ਰਹੀ ਹੈ। ਅਜਿਹੇ ਗਲਤ ਅਭਿਆਸ ਨੂੰ ਸੰਬੰਧਤ ਪਾਰਟੀ ਨੇ ਬਲ ਬਖਸ਼ਿਆ, ਜਦੋਂ ਤੋਂ ਸੰਬੰਧਤ ਪਾਰਟੀ ਨੇ ਪਿਛਲੀਆਂ ਪਾਰਲੀਮੈਂਟ ਚੋਣਾਂ ’ਚ ਆਪਣਾ ਧੁੰਨੀ ਤੱਕ ਜ਼ੋਰ ਲਗਾ ਕੇ ਅਥਾਹ ਪੈਸਾ, ਅਥਾਹ ਫੰਡ ਖਰਚ ਕੇ ਐੱਨ ਡੀ ਏ ਦੇ ਝੰਡੇ ਹੇਠ ਇਕੱਠੇ ਹੋ ਕੇ ਇਹ ਗੁੰਮਰਾਹਕੁੰਨ ਪ੍ਰਚਾਰ ਕਰਨਾ ਸ਼ੁਰੂ ਕੀਤਾ, ‘ਅਬ ਕੀ ਬਾਰ ਚਾਰ ਸੌ ਪਾਰ, ਅਬ ਕੀ ਬਾਰ ਚਾਰ ਸੌ ਪਾਰ।’ ਇਹ ਨਾਅਰਾ ਹਰ ਮੀਟਿੰਗ, ਹਰ ਜਲਸੇ-ਜਲੂਸ, ਹਰ ਅਸੈਂਬਲੀ, ਹਰ ਪਾਰਲੀਮੈਂਟ ਮੀਟਿੰਗ ’ਚ ਬੜੇ ਜੋਸ਼-ਓ-ਖਰੋਸ਼ ਨਾਲ ਲਗਦਾ ਰਿਹਾ। ਜਿਸ ਨੂੰ ਲਗਦਾ ਹੈ ਕਿ ਜਨਤਾ ਦੇ ਇੱਕ ਹਿੱਸੇ ਨੇ ਪੂਰੀ ਤਰ੍ਹਾਂ ਭਾਂਪ ਲਿਆ ਸੀ। ਪਾਰਲੀਮੈਂਟ ਨਤੀਜਿਆਂ ਤੋਂ ਬਾਅਦ ਸੰਬੰਧਤ ਪਾਰਟੀ ਐਸੀ ਘੋਰ ਨਿਰਾਸ਼ਾ ’ਚ ਗਈ, ਜਿਸ ਬਾਰੇ ਉਸ ਨੇ ਕਦੇ ਸੋਚਿਆ ਵੀ ਨਹੀਂ ਸੀ। ਆਪਣੀ ਬਹੁਮਤ ਬਣਾਉਣ ਲਈ ਉਸ ਹੱਥ ਅੱਡਣੇ ਪਏ। ਅਖੌਤੀ ਟੀਚੇ ’ਤੇ ਨਾ ਪਹੁੰਚਣ ਕਰਕੇ ਹੁਕਮਰਾਨ ਪਾਰਟੀ ਨੂੰ ਅਜਿਹੀ ਸੱਟ ਵੱਜੀ, ਜਿਸ ਨੂੰ ਉਹ ਅੱਜ ਤੱਕ ਭੁਲਾ ਨਹੀਂ ਸਕੀ। ਇਸੇ ਕਰਕੇ ਉਸ ਦਾ ਪਿਛਲਾ ਰਿਕਾਰਡ ਵੀ ਬੋਲਣ ਲੱਗ ਪਿਆ ਹੈ ਕਿ ਈ ਵੀ ਐੱਮ ਮਸ਼ੀਨਾਂ ਬਦਲਾਉਣ ਦੀ ਖਾਤਰ 10-10 ਲੱਖ ਰੁਪਏ ਦਾ ਭੁਗਤਾਨ ਉਸ ਨੇ ਵੱਖ-ਵੱਖ ਲੋਕਾਂ ਨੂੰ ਕੀਤਾ ਹੈ। ਇਹ ਗੱਲ ਵੀ ਖੁੱਲ੍ਹ ਕੇ ਸਾਹਮਣੇ ਆ ਗਈ ਹੈ ਕਿ ਜਿੰਨੀਆਂ ਵੋਟਾਂ ਕਿਸੇ ਸੂਬੇ ਵਿੱਚ ਪੋਲ ਹੋਈਆਂ, ਓਨੀਆਂ ਦੀ ਅਸਲੀ ਲਿਸਟ ਅੱਜ ਤੱਕ ਸੰਬੰਧਤ ਹਾਰਨ ਵਾਲਿਆ ਨੂੰ ਨਹੀਂ ਦਿਖਾ ਪਾ ਰਹੇ। ਅਜਿਹੀ ਬੁਖਲਾਹਟ ’ਚ ਉਹ ਵੱਖ-ਵੱਖ ਸਮੇਂ ਵੱਖ-ਵੱਖ ਅਦਾਰਿਆਂ ’ਤੇ ਯੋਜਨਾਬੱਧ ਤਰੀਕੇ ਨਾਲ ਹਮਲਾ ਕਰ ਰਹੇ ਹਨ। ਇਹ ਮੌਜੂਦਾ ਸਰਕਾਰ ਦੀ ਘਬਰਾਹਟ ਦੀ ਹੀ ਨਿਸ਼ਾਨੀ ਹੈ ਕਿ ਉਹ ਸੈਂਕੜੇ ਦੀ ਗਿਣਤੀ ਵਿੱਚ ਪਾਰਲੀਮੈਂਟ ਮੈਂਬਰਾਂ ਨੂੰ ਚਲਦੇ ਅਜਲਾਸ ’ਚੋਂ ਸਸਪੈਂਡ ਕਰਕੇ ਬਾਹਰ ਦਾ ਰਸਤਾ ਦਿਖਾ ਦਿੰਦੀ ਹੈ ਅਤੇ ਉਹ ਵਿਰੋਧੀ ਦਲ ਦੇ ਨੇਤਾ ’ਤੇ ਹਮਲਾਵਰ ਰਹਿੰਦੇ ਹਨ, ਕਈ ਵਾਰ ਵਿਰੋਧੀ ਧਿਰ ਦੇ ਨੇਤਾ ਨੂੰ ਬੋਲਣ ਤੱਕ ਨਹੀਂ ਦਿੱਤਾ ਜਾਂਦਾ। ਵਿਰੋਧੀਆਂ ਦੇ ਬੋਲਣ ’ਤੇ ਉਨ੍ਹਾਂ ਨੂੰ ਵਾਰ-ਵਾਰ ਟੋਕਿਆ ਜਾਂਦਾ ਹੈ। ਕਈ ਚੋਣ ਕਮੇਟੀਆਂ ’ਚ ਸੁਪਰੀਮ ਕੋਰਟ ਦੀ ਬਣਦੀ ਨੁਮਾਇੰਦਗੀ ਬੰਦ ਕਰ ਦਿੱਤੀ ਗਈ ਹੈ, ਕਿਉਂਕਿ ਅੱਜ ਦੇ ਦਿਨ ਸੁਪਰੀਮ ਕੋਰਟ ਜਾਂ ਸਮੁਚੀਆਂ ਅਦਾਲਤਾਂ ਦੇ ਫੈਸਲਿਆਂ ਨੂੰ ਰਾਜ ਕਰਦੀ ਪਾਰਟੀ ਆਪਣੇ ਰਾਹ ਦਾ ਰੋੜਾ ਸਮਝਣ ਲੱਗ ਪਈ ਹੈ।

ਪਾਠਕਾਂ ਨੂੰ ਯਾਦ ਹੋਵੇਗਾ ਕਿ ਪਿੱਛੇ ਜਿਹੇ ਸੁਪਰੀਮ ਕੋਰਟ ਦਾ ਇੱਕ ਫੈਸਲਾ ਆਇਆ ਸੀ ਕਿ ਵੱਖ-ਵੱਖ ਬਿੱਲਾਂ ਨੂੰ ਸੰਬੰਧਤ ਗਵਰਨਰ, ਰਾਸ਼ਟਰਪਤੀ ਅਤੇ ਉਪ ਰਾਸ਼ਟਰਪਤੀ ਸਮੇਂ ਬੱਧ ਵਿੱਚ ਉਨ੍ਹਾਂ ’ਤੇ ਦਸਤਖਤ ਕਰਕੇ ਸੰਬੰਧਤ ਬਿੱਲਾਂ ਨੂੰ ਕਾਨੂੰਨ ਦੀ ਸ਼ਕਲ ਦਿੱਤੀ ਜਾਵੇ, ਜਿਸ ’ਤੇ ਭਾਜਪਾ ਦੇ ਕਈ ਮੈਂਬਰ ਤਿਲਮਿਲਾ ਉੱਠੇ ਹਨ। ਉਨ੍ਹਾਂ ਬੇਬਾਕ ਹੋ ਕੇ ਆਖਿਆ ਹੈ ਕਿ ਸੁਪਰੀਮ ਕੋਰਟ ਕੌਣ ਹੁੰਦੀ ਹੈ, ਜੋ ਸਾਨੂੰ ਸੰਦੇਸ਼ ਦੇਵੇ, ਭਾਵ ਰਾਸ਼ਟਰਪਤੀ ਵਗੈਰਾ ਸੁਪਰੀਮ ਕੋਰਟ ਤੋਂ ਕਿਤੇ ਉਪਰ ਹੁੰਦੇ ਹਨ, ਜਦਕਿ ਸੱਚ ਇਹ ਹੈ ਕਿ ਕਾਨੂੰਨ ਬਣਾਉਣੇ ਅਸੈਂਬਲੀਆਂ ਅਤੇ ਪਾਰਲੀਮੈਂਟ ਦਾ ਕੰਮ ਹੈ, ਪਰ ਉਨ੍ਹਾਂ ਦੀ ਵਿਆਖਿਆ ਕਰਨੀ ਅਤੇ ਵਿਆਖਿਆ ਕਰਦੇ ਸਮੇਂ ਸੰਬੰਧਤ ਧਿਰ ਨੂੰ ਹੁਕਮ ਦੇਣਾ ਸੁਪਰੀਮ ਕੋਰਟ ਦਾ ਕੰਮ ਹੈ, ਅਜਿਹਾ ਨਹੀਂ ਕਿ ਉਹ ਰਾਸ਼ਟਰਪਤੀ ਨੂੰ ਹੁਕਮ ਦੇ ਸਕਣ। ਉਪਰੋਕਤ ਸੰਬੰਧਤ ਹੁਕਮ ਤੋਂ ਬਾਅਦ ਭਾਜਪਾ ਦੇ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਨੇ ਬੜੇ ਤਲਖੀ ਭਰੇ ਲਹਿਜ਼ੇ ’ਚ ਆਖਿਆ ਹੈ, ‘ਅਗਰ ਕਾਨੂੰਨ ਸੁਪਰੀਮ ਕੋਰਟ ਨੇ ਹੀ ਬਣਾਉਣੇ ਹਨ ਤਾਂ ਸੰਸਦ ਭਵਨ ਬੰਦ ਕਰ ਦਿਉ।’ ਦੂਬੇ ਦੀ ਅਜਿਹੀ ਟਿੱਪਣੀ ‘ਐੱਕਸ’ ਤੇ ਪੜ੍ਹੀ ਅਤੇ ਦੇਖੀ ਜਾ ਸਕਦੀ ਹੈ। ਦੁਰਭਾਗ ਹੈ ਕਿ ਉਨ੍ਹਾ ਦੀ ਇਹ ਟਿਪਣੀ ਉਦੋਂ ਆਈ ਹੈ, ਜਦੋਂ ਸੁਪਰੀਮ ਕੋਰਟ ਵਕਫ਼ ਸੋਧ ਐਕਟ ਦੀ ਸੰਵਿਧਾਨਿਕਤਾ ਨੂੰ ਚੁਣੌਤੀ ਦੇਣ ਵਾਲੀਆਂ ਕਈ ਪਟੀਸ਼ਨਾ ’ਤੇ ਸੁਣਵਾਈ ਕਰ ਰਹੀ ਹੈ। ਸੁਪਰੀਮ ਕੋਰਟ ਉਦੋਂ ਇਸ ਕਾਨੂੰਨ ’ਤੇ ਵਿਚਾਰ ਕਰਨ ਲਈ ਸਹਿਮਤ ਹੋਈ, ਜਦੋਂ ਕੁਝ ਵਿਵਾਦ ਵਾਲੇ ਮੁੱਦਿਆਂ ’ਤੇ ਸੁਪਰੀਮ ਕੋਰਟ ’ਚ ਪਟੀਸ਼ਨਾਂ ਪਾਈਆਂ ਗਈਆਂ।

ਯਾਦ ਰੱਖਣ ਯੋਗ ਗੱਲ ਇਹ ਹੈ ਕਿ ਜਦੋਂ ਰਾਸ਼ਟਰਪਤੀ ਨੂੰ ਭੇਜੇ ਬਿੱਲਾਂ ’ਤੇ ਫੈਸਲਾ ਲੈਣ ਲਈ ਸੁਪਰੀਮ ਕੋਰਟ ਵੱਲੋਂ ਕੁਝ ਦਿਨ ਪਹਿਲਾਂ ਨਿਰਧਾਰਤ ਕੀਤੀ ਗਈ ਸਮਾਂ ਹੱਦ ’ਤੇ ਵੀ ਬਹਿਸ ਸ਼ੁਰੂ ਹੋ ਗਈ ਹੈ। ਉਂਝ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਸੁਪਰੀਮ ਕੋਰਟ ਦੇ ਅਜਿਹੇ ਫੈਸਲੇ ’ਤੇ ਅਸਹਿਮਤੀ ਪ੍ਰਗਟਾਈ ਹੈ।

ਨਿਸ਼ੀਕਾਂਤ ਦੂਬੇ ਨੇ ਤਾਂ ਆਪਣੀ ਘਬਰਾਹਟ ’ਚ ਇਥੋਂ ਤੱਕ ਆਖ ਦਿੱਤਾ ਕਿ ਐੱਸ ਵਾਈ ਕੁਰੈਸ਼ੀ, ਜੋ ਸਾਬਕਾ ਚੋਣ ਕਮਿਸ਼ਨਰ ਹਨ, ਚੋਣ ਕਮਿਸ਼ਨਰ ਨਹੀਂ, ਬਲਕਿ ‘ਮੁਸਲਿਮ ਕਮਿਸ਼ਨਰ’ ਹਨ। ਦੂਬੇ ਦੇ ਅਜਿਹੇ ਟੁੱਚੇ ਬਿਆਨਾਂ ਤੋਂ ਭਾਵੇਂ ਭਾਜਪਾ ਦੀ ਹਾਈ ਕਮਾਨ ਨੇ ਆਪਣੇ ਆਪ ਨੂੰ ਅਲੱਗ ਕਰ ਲਿਆ ਹੈ, ਪਰ ਅਜਿਹੇ ਬਿਆਨ ਨਿਸ਼ੀਕਾਂਤ ਦੂਬੇ ਹਾਈ ਕਮਾਨ ਦੀ ਸਹਿਮਤੀ ਤੋਂ ਬਿਨਾਂ ਕਿਵੇਂ ਦੇ ਸਕਦੇ ਹਨ? ਇਸ ਕਰਕੇ ਸਾਡੀ ਸਮੁੱਚੇ ਦੇਸ਼ ਵਾਸੀਆਂ ਨੂੰ ਅਪੀਲ ਹੈ ਕਿ ਇਸ ਮੁੱਦੇ ’ਤੇ ਸਭ ਇਕੱਠੇ ਹੋਵੋ, ਸੁਪਰੀਮ ਕੋਰਟ ਤੇ ਹੇਠਲੀਆਂ ਅਦਾਲਤਾਂ ਬਚਣਗੀਆਂ ਤਾਂ ਸੰਵਿਧਾਨ ਬਚੇਗਾ, ਨਹੀਂ ਤਾਂ ਮੌਜੂਦਾ ਸਰਕਾਰ ਜਮਹੂਰੀਅਤ ਦਾ ਪੱਲਾ ਛੱਡ ਕੇ ਡਿਕਟੇਟਰਸ਼ਿਪ ਵੱਲ ਵਧ ਰਹੀ ਹੈ। ਇਸ ਕਰਕੇ ਸਾਨੂੰ ਸਭ ਨੂੰ ਅੱਜ ਦਾ ਕੰਮ ਅੱਜ ਹੀ ਕਰਨਾ ਚਾਹੀਦਾ ਹੈ, ਕੱਲ੍ਹ ਨੂੰ ਬਹੁਤ ਦੇਰ ਹੋ ਚੁੱਕੀ ਹੋਵੇਗੀ। ਰਾਜ ਕਰਦੀ ਪਾਰਟੀ ਘਬਰਾਹਟ ’ਚ ਹੈ, ਉਹ ਵੱਧ ਤੋਂ ਵੱਧ ਗਲਤ ਫੈਸਲੇ ਲੈ ਸਕਦੀ ਹੈ।

**# ਸੰਪਰਕ : 98721-65741**

# ਬੰਦਾ ਆਪਣੀ ਕਬਰ ਆਪ ਹੀ ਪੁੱਟ ਰਿਹੈ !



ਗੁਰਪ੍ਰੀਤ

ਜਿਵੇਂ-ਜਿਵੇਂ ਮਨੁੱਖ ਅਖੌਤੀ ਤਰੱਕੀ ਦੇ ਵੱਲ ਪੈਰ ਵਧਾ ਰਹੇ ਹਾਂ, ਉਵੇਂ-ਉਵੇਂ ਅੰਤ ਵੀ ਨੇੜੇ ਆਉਂਦਾ ਜਾ ਰਿਹਾ ਹੈ। ਇਹ ਸਚਾਈ ਹੈ ਕਿ ਜਿਹੜਾ ਜੰਮਿਆ ਹੈ, ਉਹਨੇ ਇੱਕ ਦਿਨ ਮਰਨਾ ਹੀ ਹੈ। ਜਿਸ ਹਿਸਾਬ ਦੇ ਨਾਲ ਵਿਕਾਸ ਦੇ ਨਾਂਅ ’ਤੇ ਜ਼ਮੀਨ, ਅਸਮਾਨ ਅਤੇ ਹਵਾ ਦੀ ਤਬਾਹੀ ਹੋ ਰਹੀ ਹੈ, ਉਸ ਤੋਂ ਇਹੀ ਲੱਗ ਰਿਹਾ ਹੈ ਕਿ ਮਨੁੱਖ ਹੁਣ ਅਸਲ ਵਿੱਚ ਆਪਣੇ ਅੰਤ ਵੱਲ ਵਧਣ ਲੱਗ ਪਿਆ ਹੈ, ਜਿਸ ਚਿਪਕੋ ਅੰਦੋਲਨ ਨੇ ਰੁੱਖਾਂ ਨੂੰ ਬਚਾ ਕੇ ਆਪਣੀਆਂ ਜਾਨਾਂ ਦਿੱਤੀਆਂ ਸਨ, ਉਸੇ ਚਿਪਕੋ ਅੰਦੋਲਨ ਦੀ ਇੱਕ ਵਾਰ ਫਿਰ ਲੋੜ ਆਣ ਪਈ ਹੈ।

ਚਿਪਕੋ ਅੰਦੋਲਨ ਦਾ ਹੁਣ ਥੋੜ੍ਹਾ ਚਿਹਰਾ ਭਾਵੇਂ ਵੱਖਰਾ ਹੋਵੇਗਾ, ਪਰ ਜੇਕਰ ਹੁਣੇ ਇਹ ਚਿਪਕੋ ਅੰਦੋਲਨ ਸ਼ੁਰੂ ਨਾ ਕੀਤਾ ਗਿਆ ਤਾਂ ਅਗਲੀ ਪੀੜ੍ਹੀ ਲਈ ਸਿਰਫ਼ ਮੌਤ ਹੀ ਬਚੇਗੀ। ਵਧ ਰਹੀਆਂ ਫ਼ੈਕਟਰੀਆਂ ਅਤੇ ਕਾਰਖ਼ਾਨਿਆਂ ਦੀਆਂ ਜ਼ਹਿਰੀਲੀਆਂ ਗੈਸਾਂ ਤੋਂ ਇਲਾਵਾ ਪੈਸਟੀਸਾਈਡ ਦਵਾਈਆਂ ਨੇ ਜਿੱਥੇ ਮਨੁੱਖੀ ਜੀਵਨ ਨੂੰ ਤਬਾਹੀ ਵੱਲ ਤੋਰਿਆ ਹੈ, ਉੱਥੇ ਇਸ ਸਭ ਨੇ ਧਰਤੀ ਅਤੇ ਅਸਮਾਨ ਦਾ ਵੀ ਨੁਕਸਾਨ ਕੀਤਾ ਹੈ।

ਖ਼ੈਰ, ਹੈਦਰਾਬਾਦ ਯੂਨੀਵਰਸਿਟੀ ਦੇ ਨਾਲ ਲੱਗਦੀ 400 ਏਕੜ ਜ਼ਮੀਨ ਵਿਕਸਤ ਕਰਨ ਅਤੇ ਉੱਥੇ ਇੱਕ ਆਈ ਟੀ ਪਾਰਕ ਬਣਾਉਣ ਦੀ ਯੋਜਨਾ ਤੇਲੰਗਾਨਾ ਸਰਕਾਰ ਬਣਾ ਰਹੀ ਹੈ। ਇੱਕ ਰਿਪੋਰਟ ਅਨੁਸਾਰ, 19 ਜੂਨ, 2024 ਨੂੰ ਤੇਲੰਗਾਨਾ ਰਾਜ ਉਦਯੋਗਿਕ ਬੁਨਿਆਦੀ ਢਾਂਚਾ ਨਿਗਮ ਨੇ ਇੱਥੇ ਜ਼ਮੀਨ ਨੂੰ ਆਈ ਟੀ ਪਾਰਕ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਰਤਣ ਦਾ ਪ੍ਰਸਤਾਵ ਦਿੱਤਾ ਅਤੇ ਸਰਕਾਰ ਤੋਂ ਪ੍ਰਵਾਨਗੀ ਮੰਗੀ। ਮਾਲ ਵਿਭਾਗ ਨੇ ਜ਼ਮੀਨ ਦੇ ਅਧਿਕਾਰ ਤੇਲੰਗਾਨਾ ਰਾਜ ਉਦਯੋਗਿਕ ਬੁਨਿਆਦੀ ਢਾਂਚਾ ਨਿਗਮ ਨੂੰ ਤਬਦੀਲ ਕਰ ਦਿੱਤੇ। ਹਾਲਾਂਕਿ ਜਿਵੇਂ ਹੀ 400 ਏਕੜ ਜ਼ਮੀਨ ਵਿਕਸਤ ਕਰਨ ਅਤੇ ਉੱਥੇ ਆਈ ਟੀ ਪਾਰਕ ਬਣਾਉਣ ਦੀ ਗੱਲ ਬਾਹਰ ਨਿਕਲੀ ਤਾਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਇਸ ਦਾ ਸਖ਼ਤ ਵਿਰੋਧ ਕੀਤਾ ਗਿਆ, ਜੋ ਹੁਣ ਵੀ ਜਾਰੀ ਹੈ। ਵਿਦਿਆਰਥੀ ਕਹਿੰਦੇ ਹਨ ਕਿ ਇਸ ਪ੍ਰੋਜੈਕਟ ਦਾ ਵਾਤਾਵਰਨ ਪ੍ਰਣਾਲੀ ਤੇ ਬੁਰਾ ਅਸਰ ਪਵੇਗਾ।

ਇੱਕ ਰਿਪੋਰਟ ਇਹ ਵੀ ਕਹਿੰਦੀ ਹੈ ਕਿ ਜਿਸ ਜਗ੍ਹਾ ’ਤੇ ਇਹ ਆਈ ਟੀ ਪਾਰਕ ਅਤੇ ਹੋਰ ਪ੍ਰੋਜੈਕਟ ਸਥਾਪਤ ਹੋ ਰਹੇ ਹਨ, ਉੱਥੇ ਇਸ ਵੇਲੇ ਭਾਰੀ ਮਾਤਰਾ ਵਿੱਚ ਰੁੱਖ ਲੱਗੇ ਹੋਏ ਹਨ। ਭਾਵੇਂ ਕਿ ਸਰਕਾਰ ਦਾ ਤਰਕ ਹੈ ਕਿ ਇਹ ਸਰਕਾਰ ਦੀ ਜ਼ਮੀਨ ਹੈ ਅਤੇ ਇੱਥੇ ਕਬਜ਼ਾ ਵੀ ਸਰਕਾਰ ਦਾ ਹੀ ਹੋਣਾ ਚਾਹੀਦਾ ਹੈ।

ਵੈਸੇ, ਵਿਕਾਸ ਦੇ ਨਾਂਅ ’ਤੇ ਜਿਵੇਂ ਅੰਨ੍ਹੇਵਾਹ ਦੇਸ਼ ਭਰ ਦੇ ਅੰਦਰ ਰੁੱਖਾਂ ਦਾ ਕਤਲ ਹੋ ਰਿਹਾ ਹੈ, ਉਸ ਤੋਂ ਇੱਕ ਗੱਲ ਤਾਂ ਸਾਫ਼ ਹੈ ਕਿ ਬੰਦਾ ਆਪਣੀ ਕਬਰ ਆਪ ਹੀ ਪੁੱਟ ਰਿਹਾ ਹੈ। ਮਨੁੱਖ ਨੂੰ ਜਿਊਣ ਲਈ ਹਵਾ, ਪਾਣੀ ਤੋਂ ਇਲਾਵਾ ਸਾਫ਼ ਜ਼ਮੀਨ ਤੇ ਅਸਮਾਨ ਵੀ ਚਾਹੀਦਾ ਹੈ, ਪਰ ਅੱਜ ਹੋ ਕੀ ਰਿਹਾ ਹੈ। ਇਹ ਸਭ ਕੁੱਝ ਮਨੁੱਖ ਆਪ ਗੰਦਲਾਂ ਕਰ ਰਿਹਾ ਹੈ। ਉਹਦਾ ਕੋਰੋਨਾ ਤੋਂ ਬਾਅਦ ਭਾਵੇਂ ਕਿ ਭਾਰਤ ਦੇ ਅੰਦਰ ਕਾਫ਼ੀ ਕੁਝ ਬਦਲ ਗਿਆ ਹੈ, ਪਰ ਹੜ੍ਹਾਂ ਦਾ ਕਹਿਰ ਲਗਾਤਾਰ ਜਾਰੀ ਹੈ। ਪੰਜਾਬ ਵਿੱਚ 2023 ਦੌਰਾਨ ਆਏ ਹੜ੍ਹਾਂ ਨੇ ਪੰਜਾਬ ਦਾ ਚੋਖਾ ਨੁਕਸਾਨ ਕੀਤਾ, ਜਦੋਂਕਿ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਦਾ ਵੀ 2023 ਵਿੱਚ ਹੜ੍ਹਾਂ ਕਾਰਨ ਕਾਫ਼ੀ ਨੁਕਸਾਨ ਹੋਇਆ। ਦੂਜੇ ਪਾਸੇ, ਜੇਕਰ ਮੁਲਕ ਦੇ ਅੰਦਰ ਹੋ ਰਹੇ ਅਖੌਤੀ ਵਿਕਾਸ ਦੀ ਗੱਲ ਕਰੀਏ ਤਾਂ, ਉਸ ਨੂੰ ਵੇਖ ਕੇ ਇੰਝ ਲੱਗਦਾ ਹੈ ਕਿ ਆਗਾਮੀ ਸਮੇਂ ਅੰਦਰ ਭਾਰਤ ਦਾ ਬਹੁ-ਗਿਣਤੀ ਸੂਬਿਆਂ ਦੀ ਸ਼ਕਲ-ਸੂਰਤ ਹੀ ਬਦਲ ਜਾਵੇਗੀ। ਲਗਾਤਾਰ ਗਰਮੀ ਵਧ ਰਹੀ ਹੈ, ਜਿਸ ਦਾ ਮੁੱਖ ਕਾਰਨ ਅਖੌਤੀ ਵਿਕਾਸ ਹੀ ਹੈ। ਹਾਲਾਂਕਿ ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਅਤੇ ਉੱਤਰਾਖੰਡ ਦੇ ਅੰਦਰ ਪਿਛਲੀਆਂ ਅਤੇ ਹੁਣ ਦੀਆਂ ਸਰਕਾਰਾਂ ਵੱਲੋਂ ਪਹਾੜ ਅਤੇ ਦਰੱਖਤਾਂ ਨੂੰ ਕੱਟ ਕੇ ਜਿਹੜਾ ਅਖੌਤੀ ਵਿਕਾਸ ਸ਼ੁਰੂ ਕਰਵਾਇਆ, ਉਸ ਨੇ ਸਾਰਾ ਕੁਦਰਤੀ ਸਿਸਟਮ ਹੀ ਬਦਲ ਕੇ ਰੱਖ ਦਿੱਤਾ ਹੈ।

ਬੇਸ਼ੱਕ ਸੜਕਾਂ, ਰੇਲ ਆਵਾਜਾਈ ਜਾਂ ਫਿਰ ਹਵਾਈ ਅੱਡੇ ਸਾਡੀਆਂ ਅੱਜ ਮੁੱਖ ਲੋੜਾਂ ਵਿੱਚੋਂ ਇੱਕ ਬਣ ਚੁੱਕੀਆਂ ਹਨ, ਪਰ ਕੀ ਇਸ ਤਰ੍ਹਾਂ ਨਹੀਂ ਹੋ ਸਕਦਾ ਕਿ ਹਾਈਵੇ, ਰੇਲ ਆਵਾਜਾਈ ਜਾਂ ਫਿਰ ਹਵਾਈ ਅੱਡੇ ਬਣਾਏ ਜ਼ਰੂਰ ਜਾਣ, ਪਰ ਰੁੱਖਾਂ ਦਾ ਖ਼ਿਆਲ ਕਰਕੇ। ਰੁੱਖਾਂ ਨੂੰ ਨਾ ਵੱਢਿਆ ਜਾਵੇ। ਪੰਜ-ਆਬ ਭਾਵੇਂ ਹੀ ਪੰਜ ਦਰਿਆਵਾਂ ਦੀ ਧਰਤੀ ਹੈ, ਪਰ ਜਿਵੇਂ-ਜਿਵੇਂ ਇੱਥੇ ਵੀ ਵਿਕਾਸ ਦੇ ਨਾਂਅ ’ਤੇ ਵਿਨਾਸ਼ ਹੋ ਰਿਹਾ ਹੈ ਅਤੇ ਵੱਡੀਆਂ-ਵੱਡੀਆਂ ਫ਼ੈਕਟਰੀਆਂ ਲੱਗ ਰਹੀਆਂ ਹਨ, ਉਹ ਸ਼ੁੱਧ ਤੇ ਸਾਫ਼ ਪਾਣੀ ਨੂੰ ਵੀ ਗੰਦਲਾ ਕਰ ਰਹੀਆਂ ਹਨ। ਜੇਕਰ ਸੂਬਾ ਪੰਜਾਬ ਦਾ ਪਾਣੀ, ਧਰਤੀ ਅਤੇ ਹਵਾ ਨਾ ਬਚਾਈ ਤਾਂ ਆਉਣ ਵਾਲਾ ਵੇਲਾ ਭਿਆਨਕ ਰਹਿਣ ਵਾਲਾ ਹੈ।

ਪਿਛਲੇ ਦਿਨੀਂ ਸਰਬ ਉੱਚ ਅਦਾਲਤ ਦਾ ਵੀ ਫ਼ੈਸਲਾ ਸਾਹਮਣੇ ਆਇਆ ਸੀ। ਜਿੱਥੇ ਅਦਾਲਤ ਨੇ ਕਿਹਾ ਸੀ ਕਿ ਹਰੇ-ਭਰੇ ਦਰੱਖਤਾਂ ਨੂੰ ਕੱਟਣਾ ਕਤਲ ਕਰਨ ਦੇ ਬਰਾਬਰ ਹੈ। ਅਦਾਲਤ ਨੇ ਭਾਵੇਂ ਆਪਣੇ ਫ਼ੈਸਲੇ ਵਿੱਚ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਝਾੜ ਪਾਈ ਸੀ, ਪਰ ਇਨ੍ਹਾਂ ਸਰਕਾਰਾਂ ਦੀ ਸਿਹਤ ’ਤੇ ਭੋਰਾ ਵੀ ਅਸਰ ਨਹੀਂ ਹੈ। ਇੱਕ ਜਾਣਕਾਰੀ ਦੇ ਅਨੁਸਾਰ ਭਾਰਤ ਦੇ ਕੁਝ ਰਾਜ ਪਾਣੀ ਅਤੇ ਰੁੱਖਾਂ ਦੀ ਘਾਟ ਨਾਲ ਜੂਝ ਰਹੇ ਹਨ, ਜਿੱਥੇ ਜੰਗਲ ਘਟ ਰਹੇ ਹਨ ਅਤੇ ਗਰਮੀ ਬਹੁਤ ਜ਼ਿਆਦਾ ਵਧ ਰਹੀ ਹੈ।

ਇਸ ਵੇਲੇ ਪੰਜਾਬ ਦੇ ਪਾਣੀਆਂ ਦੇ ਮੁੱਦਿਆਂ ’ਤੇ ਕੋਈ ਵੀ ਸਿਆਸੀ ਪਾਰਟੀ ਨਹੀਂ ਬੋਲ ਰਹੀ, ਕਿਉਂਕਿ ਵੋਟਾਂ ਵਿੱਚ ਹਾਲੇ ਸਮਾਂ ਪਿਆ ਹੈ। ਬੁੱਢਾ ਨਾਲਾ, ਜਿਸ ਨੂੰ ਕਦੇ ਬੁੱਢਾ ਦਰਿਆ ਆਖਿਆ ਜਾਂਦਾ ਸੀ, ਉਸ ਦੀ ਵੀ ਹਾਲਤ ਬੇਹੱਦ ਮਾੜੀ ਹੋ ਚੁੱਕੀ ਹੈ। ਗੰਦਲਾ ਪਾਣੀ ਜਿੱਥੇ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਨੂੰ ਜਨਮ ਦੇ ਰਿਹਾ ਹੈ।

ਫ਼ੈਕਟਰੀਆਂ, ਕਾਰਖ਼ਾਨਿਆਂ ਦੇ ਨਾਲ ਕਿਸਾਨਾਂ ਦੁਆਰਾ ਫ਼ਸਲਾਂ ਵਿੱਚ ਪਾਈ ਜਾ ਰਹੀ ਰੇਅ-ਸਪਰੇਅ ਦਾ ਵੀ ਧਰਤੀ ਅਤੇ ਪਾਣੀ ’ਤੇ ਗਹਿਰਾ ਅਸਰ ਪੈ ਰਿਹਾ ਹੈ, ਕਿਉਂਕਿ ਜਿਸ ਧਰਤੀ ’ਤੇ ਅਸੀਂ ਰਹਿ ਰਹੇ ਹਾਂ, ਉਸੇ ਦੇ ਸੀਨੇ ਵਿੱਚ ਜ਼ਹਿਰ ਘੋਲ ਕੇ ਅਸੀਂ ਪੀ ਅਤੇ ਖਾ ਵੀ ਰਹੇ ਹਾਂ। ਮਨ ਨੂੰ ਉਸ ਵੇਲੇ ਦੁੱਖ ਲੱਗਦਾ ਹੈ, ਜਦੋਂ ਕੋਈ ਆਪਣਾ ਮੇਰੀਆਂ ਇਨ੍ਹਾਂ ਗੱਲਾਂ ਦਾ ਵਿਰੋਧ ਕਰਦਾ ਹੈ ਕਿ ਮੈਂ ਧਰਤੀ ’ਤੇ ਵਾਪਰ ਰਹੀਆਂ ਇਨ੍ਹਾਂ ਘਟਨਾਵਾਂ ਦੀ ਅਲੋਚਨਾ ਕਰਦਾ ਹਾਂ।

ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਗੁਜਰਾਤ ਵਿੱਚ ਭਾਵੇਂ ਕਈ ਫ਼ਸਲਾਂ ਦੀ ਖੇਤੀ ਹੁੰਦੀ ਹੈ, ਪਰ ਜਿਵੇਂ-ਜਿਵੇਂ ਇੱਥੇ ਜੰਗਲੀ ਜ਼ਮੀਨ ਘਟ ਰਹੀ ਹੈ ਅਤੇ ਪਾਣੀ ਨੀਵਾਂ ਹੋ ਰਿਹਾ ਹੈ, ਉਵੇਂ-ਉਵੇਂ ਇਨ੍ਹਾਂ ਰਾਜਾਂ ਵਿੱਚ ਗਰਮੀਆਂ ਦੇ ਮੌਸਮ ਵਿੱਚ ਤਾਪਮਾਨ ਬਹੁਤ ਜ਼ਿਆਦਾ ਹੋ ਜਾਂਦਾ ਹੈ, ਜਿਸ ਕਾਰਨ ਆਮ ਲੋਕਾਂ ਨੂੰ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਕ ਰਿਪੋਰਟ ਦੇ ਅਨੁਸਾਰ ਰਾਜਸਥਾਨ ਵਿੱਚ ਬੀਕਾਨੇਰ ਅਤੇ ਬਾੜਮੇਰ ਵਰਗੇ ਖੇਤਰ ਬਹੁਤ ਜ਼ਿਆਦਾ ਗਰਮੀ ਲਈ ਜਾਣੇ ਜਾਂਦੇ ਹਨ, ਜਿੱਥੇ ਤਾਪਮਾਨ 50 ਡਿਗਰੀ ਸੈਲਸੀਅਸ ਤੋਂ ਉੱਪਰ ਪਹੁੰਚ ਜਾਂਦਾ ਹੈ। ਉੱਤਰ ਪ੍ਰਦੇਸ਼ ਵਿੱਚ ਬੰਦਾ ਵਰਗੇ ਇਲਾਕੇ ਵੀ ਗਰਮੀ ਲਈ ਮਸ਼ਹੂਰ ਹਨ। ਮੱਧ ਪ੍ਰਦੇਸ਼ ਵਿੱਚ ਗਰਮੀ ਕਾਰਨ ਕਈ ਜ਼ਿਲ੍ਹਿਆਂ ਵਿੱਚ ਜੰਗਲਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵੀ ਵਾਪਰਦੀਆਂ ਹਨ, ਜਿਸ ਨਾਲ ਵਾਤਾਵਰਨ ਨੂੰ ਨੁਕਸਾਨ ਹੁੰਦਾ ਹੈ।

ਭਾਵੇਂ ਕਿ ਅੱਜ ਅਸੀਂ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਦੌਰ ਵਿੱਚ ਜਿਊ ਰਹੇ ਹਾਂ, ਪਰ ਇਹ ਵੇਲਾ ਜਿੱਥੇ ਸਾਡੇ ਕੰਮ ਨੂੰ ਸੁਖਾਲਾ ਤਾਂ ਬਣਾ ਰਿਹਾ ਹੈ, ਉੱਥੇ ਹੀ ਸਾਡੇ ਕੋਲ ਸਾਫ਼ ਹਵਾ ਅਤੇ ਪਾਣੀ ਲੈ ਵੀ ਰਿਹਾ ਹੈ। ਮੁੱਕਦੀ ਗੱਲ ਇਹ ਹੈ ਕਿ ਮਨੁੱਖ ਦੁਆਰਾ ਕੀਤੇ ਜਾ ਰਹੇ ਵਿਕਾਸ ਦੇ ਨਾਂਅ ’ਤੇ ਵਿਨਾਸ਼ ਦੇ ਕਾਰਨ ਅੱਜ ਧਰਤੀ ਏਨੀ ਜ਼ਿਆਦਾ ਗੰਦਲੀ ਹੋ ਚੁੱਕੀ ਹੈ ਕਿ ਕੋਈ ਕਹਿਣ ਦੀ ਹੱਦ ਨਹੀਂ। ਗੱਲ ਵੈਸੇ ਇਕੱਲੇ ਭਾਰਤ ਦੀ ਨਹੀਂ, ਪੂਰੀ ਦੁਨੀਆ ਦੇ ਵਿੱਚ ਹੀ ਇਸ ਵੇਲੇ ਵਾਤਾਵਰਨ ਕਾਫ਼ੀ ਜ਼ਿਆਦਾ ਪ੍ਰਦੂਸ਼ਤ ਹੋ ਚੁੱਕਿਆ ਹੈ।

ਜਿਵੇਂ-ਜਿਵੇਂ ਮਨੁੱਖ ਅਖੌਤੀ ਤਰੱਕੀ ਅਤੇ ਵਿਕਾਸ ਵੱਲ ਪੈਰ ਵਧਾ ਰਿਹਾ ਹੈ, ਉਵੇਂ-ਉਵੇਂ ਮਨੁੱਖ ਦੀ ਮੌਤ ਨੇੜੇ ਆਉਂਦੀ ਜਾ ਰਹੀ ਹੈ। ਜਿੱਥੇ ਪਹਿਲਾਂ ਆਮ ਮਨੁੱਖ ਦੀ ਉਮਰ 80-85 ਸਾਲ ਹੁੰਦੀ ਸੀ, ਉਹ ਘਟ ਕੇ ਫਿਰ 50-55 ਰਹਿ ਗਈ ਅਤੇ ਅੱਜਕੱਲ੍ਹ ਤਾਂ 25-30 ਸਾਲ ਦੇ ਨੌਜਵਾਨ ਮੁੰਡੇ-ਕੁੜੀਆਂ ਵੀ ਦਿਲ ਦੇ ਰੋਗੀ ਹੋਏ ਪਏ ਹਨ ਅਤੇ ਆਪਣੀਆਂ ਜਾਨਾਂ ਗਵਾ ਰਹੇ ਹਨ। ਇਸ ਦਾ ਜਿਹੜਾ ਸਭ ਤੋਂ ਅਹਿਮ ਅਤੇ ਮੁੱਖ ਕਾਰਨ ਸਾਹਮਣੇ ਆਇਆ ਹੈ, ਉਹ ਖਾਣ-ਪਾਣ ਹੈ। ਜਦੋਂ ਤੱਕ ਮਨੁੱਖ ਦਾ ਰਹਿਣਾ-ਸਹਿਣਾ ਠੀਕ ਨਹੀਂ, ਉਦੋਂ ਤੱਕ ਉਹ ਮੌਤ ਦੇ ਕਰੀਬ ਹੀ ਹੈ। ਵੋਟ ਬੈਂਕ ਸਿਆਸਤ ਨੇ ਪੰਜਾਬ ਦੇ ਪਾਣੀਆਂ ਦੀ ਤਬਾਹੀ ਦਾ ਮੁੱਢ ਬੰਨ੍ਹਿਆ। 1950ਵਿਆਂ ’ਚ ਪੰਜਾਬ ਦੀ ਧਰਤੀ ਹੇਠਲੇ ਪਾਣੀ ਦਾ ਪੱਧਰ 10 ਤੋਂ 25 ਫ਼ੁੱਟ ਤੱਕ ਸੀ। ਬਰਸਾਤ ਦੇ ਮੌਸਮ ’ਚ ਪਾਣੀ ਇੱਕ ਫ਼ੁੱਟ ਤੱਕ ਪਹੁੰਚ ਜਾਂਦਾ ਸੀ, ਪਰ ‘ਸੈਂਟਰਲ ਗਰਾਊਂਡ ਵਾਟਰ ਕਮਿਸ਼ਨ 2017’ ਦੀ ਰਿਪੋਰਟ ਕਹਿੰਦੀ ਹੈ ਕਿ ਪੰਜਾਬ ਦੀ ਧਰਤੀ ਹੇਠ ਸਿਰਫ਼ 320 ਅਰਬ ਘਣ ਮੀਟਰ ਪਾਣੀ ਬਚਿਆ ਹੈ, ਜੋ ਸਿਰਫ਼ ਅਗਲੇ 22 ਸਾਲ ਹੀ ਚੱਲ ਸਕੇਗਾ।

ਇੱਕ ਅੰਗਰੇਜ਼ੀ ਅਖ਼ਬਾਰ ਦੀ ਰਿਪੋਰਟ ਮੁਤਾਬਿਕ ਪੰਜਾਬ ਦੇ 18 ਜ਼ਿਲ੍ਹਿਆਂ ’ਚ ਪਾਣੀ ਦਾ ਪੱਧਰ 60 ਤੋਂ 70 ਮੀਟਰ ਤੱਕ ਡਿੱਗ ਚੁਕਾ ਹੈ, ਜਦਕਿ ਬਾਕੀ ਸੂਬਿਆਂ ’ਚ (84 ਫੀਸਦੀ ਖੇਤਰ) ਪਾਣੀ ਦਾ ਪੱਧਰ ਅਜੇ ਵੀ 10 ਮੀਟਰ ਤਕ ਹੈ। ਕੇਂਦਰੀ ਜਲ ਬੋਰਡ ਦੇ ਅੰਕੜੇ ਬਿਆਨ ਕਰਦੇ ਹਨ ਕਿ ਪੰਜਾਬ ਦੇ ਵਧੇਰੇ ਜ਼ਿਲ੍ਹਿਆਂ ਦਾ ਧਰਤੀ ਹੇਠਲਾ ਪਾਣੀ ਪ੍ਰਦੂਸ਼ਤ ਹੋ ਚੁੱਕਾ ਹੈ ਤੇ ਇਸ ਦੇ ਪੀਣ ਨਾਲ ਕੈਂਸਰ ਅਤੇ ਹੋਰ ਭਿਆਨਕ ਬਿਮਾਰੀਆਂ ਦੀ ਮਾਰ ਹੇਠ ਆਉਣ ਦੀ ਸੰਭਾਵਨਾ ਬਣ ਸਕਦੀ ਹੈ।

ਹੁਣ ਸਵਾਲ ਅਨੇਕਾਂ ਹਨ, ਜਿਹਨਾਂ ਦਾ ਜਵਾਬ ਜੇਕਰ ਅਸੀਂ ਛੇਤੀ ਨਾ ਲੱਭਿਆ ਤਾਂ ਉਹ ਵੇਲਾ ਦੂਰ ਨਹੀਂ, ਜਦੋਂ ਪੰਜਾਬ ਸੂਬਾ ਜਿਸ ਨੂੰ ਪੰਜ ਦਰਿਆਵਾਂ ਦੀ ਧਰਤੀ ਕਿਹਾ ਜਾਂਦਾ ਹੈ, ਉਹ ਹੀ ਪਾਣੀ ਨੂੰ ਤਰਸ ਜਾਵੇਗਾ। ਪੰਜਾਬ ਦੀ ਧਰਤੀ ਨੂੰ ਤਾਂ ਪਹਿਲਾਂ ਹੀ ਕੈਂਸਰ ਹੋ ਚੁੱਕਿਆ ਹੈ, ਜੇਕਰ ਧਰਤੀ ਨਾ ਬਚਾਈ ਤਾਂ ਸਭਨਾਂ ਦਾ ਛੇਤੀ ਮਰਨਾ ਤੈਅ ਹੈ। ਜੰਗਲ ਬਚਾਉਣੇ ਸਭ ਤੋਂ ਵੱਧ ਜ਼ਰੂਰੀ ਹਨ, ਕਿਉਂਕਿ ਜੰਗਲਾਂ ਦੇ ਕਾਰਨ ਹੀ ਤਾਂ ਸਾਫ਼ ਹਵਾ ਮਿਲਦੀ ਹੈ। ਜੇਕਰ ਇਹ ਵੀ ਵਿਕਾਸ ਦੇ ਨਾਂਅ ’ਤੇ ਵੱਢੇ ਜਾਂਦੇ ਰਹੇ, ਤਾਂ ਇਸ ਧਰਤੀ ਤੇ ਹੋਰ ਗਰਮੀ ਵਧ ਜਾਵੇਗੀ, ਜਿਸ ਨਾਲ ਮਨੁੱਖੀ ਮੌਤਾਂ ਦੀ ਗਿਣਤੀ ਵਿੱਚ ਵੀ ਵਾਧਾ ਹੋਵੇਗਾ। ਇਸ ਦਾ ਅਸਰ ਇਕੱਲੇ ਮਨੁੱਖ ’ਤੇ ਹੀ ਨਹੀਂ, ਬਲਕਿ ਆਮ ਜੀਵ-ਜੰਤੂਆਂ ’ਤੇ ਵੀ ਪਵੇਗਾ। ਸੋ ਅੱਜ ਲੋੜ ਹੈ ਸਖ਼ਤ ਕਦਮ ਚੁੱਕਣ ਦੀ, ਜੇਕਰ ਹੁਣੇ ਨਾ ਜਾਗੇ ਤਾਂ.....!

**# ਸੰਪਰਕ : 95698-20314**

# ਪੀ ਐੱਸ ਪੀ ਸੀ ਐੱਲ ਖੇਡ ਕੋਟੇ ਤਹਿਤ ਕਰੇਗਾ ਭਰਤੀ : ਹਰਭਜਨ ਸਿੰਘ ਈ ਟੀ ਓ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਵਿੱਚ ਖੇਡਾਂ ਦੇ ਜਜ਼ਬੇ ਨੂੰ ਉਤਸ਼ਾਹਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਵਿੱਚ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਐਲਾਨ ਕੀਤਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਜਲਦੀ ਹੀ ਖੇਡ ਕੋਟੇ ਤਹਿਤ ਨਵੀਆਂ ਭਰਤੀਆਂ ਸ਼ੁਰੂ ਕਰੇਗਾ। ਇਸ ਪਹਿਲਕਦਮੀ ਦਾ ਉਦੇਸ਼ ਖਿਡਾਰੀਆਂ ਨੂੰ ਉਤਸ਼ਾਹਤ ਕਰਨਾ ਤੇ ਸੰਸਥਾ ਵਿੱਚ ਇੱਕ ਖੇਡ ਸੱਭਿਆਚਾਰ ਨੂੰ ਵਧਾਉਣਾ ਹੈ।

ਪੀਐੱਸਪੀਸੀਐੱਲ ਸਪੋਰਟਸ ਕੰਪਲੈਕਸ ਵਿਖੇ 46ਵੀਂ [illegible] ਟੂਰਨਾਮੈਂਟ ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਪੀਐੱਸਪੀਸੀਐੱਲ ਵਿੱਚ ਖਿਡਾਰੀਆਂ ਲਈ ਤਰੱਕੀ ਨੀਤੀ ਲਿਆਉਣ ਦੀਆਂ ਯੋਜਨਾਵਾਂ ਵੀ ਦੱਸੀਆਂ। ਉਨ੍ਹਾਂ ਕਿਹਾ, "ਇਹ ਕਦਮ ਨਾ ਸਿਰਫ ਸਾਡੇ ਐਥਲੀਟਾਂ ਦੇ ਯਤਨਾਂ ਨੂੰ ਮਾਨਤਾ ਦੇਵੇਗਾ ਬਲਕਿ ਰਾਜ ਭਰ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਦੀ ਇੱਕ ਲਹਿਰ ਵੀ ਪੈਦਾ ਕਰੇਗਾ।" ਇਕੱਠ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਸੰਪੂਰਨ ਵਿਅਕਤੀਆਂ ਨੂੰ ਘੜਨ ਵਿੱਚ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਇਸ ਦੀ ਬਜਾਏ ਆਪਣੀ ਊਰਜਾ ਨੂੰ ਸਰੀਰਕ ਗਤੀਵਿਧੀਆਂ ਵਿੱਚ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, "ਖੇਡਾਂ ਵਿੱਚ ਸ਼ਾਮਲ ਹੋਣਾ ਸੰਪੂਰਨ ਵਿਕਾਸ ਵੱਲ ਲੈ ਜਾਂਦਾ ਹੈ, ਚਰਿੱਤਰ ਦਾ ਨਿਰਮਾਣ ਕਰਦਾ ਹੈ ਅਤੇ ਨੌਜਵਾਨਾਂ ਨੂੰ ਇੱਕ ਉਸਾਰੂ ਰਾਹ 'ਤੇ ਰੱਖਦਾ ਹੈ।"

ਪੀਐੱਸਪੀਸੀਐੱਲ ਸਪੋਰਟਸ ਸੈੱਲ ਦੇ ਮੁੜ ਸੁਰਜੀਤੀਕਰਨ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ, "ਸਪੋਰਟਸ ਸੈੱਲ ਨੂੰ ਮੁੜ ਸੁਰਜੀਤ ਕਰਨਾ ਸਿਰਫ਼ ਐਥਲੈਟਿਕਸ ਨੂੰ ਉਤਸ਼ਾਹਤ ਕਰਨ ਬਾਰੇ ਨਹੀਂ ਸੀ, ਇਹ ਸਾਡੇ ਕਰਮਚਾਰੀਆਂ ਵਿੱਚ ਮਾਣ ਤੇ ਉਦੇਸ਼ ਦੀ ਭਾਵਨਾ ਨੂੰ ਜਗਾਉਣ ਬਾਰੇ ਸੀ। ਸਾਡੇ ਐਥਲੀਟਾਂ ਨੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰੀਆਂ ਹਨ, ਇਹ ਸਾਬਤ ਕਰਦੇ ਹੋਏ ਕਿ ਸਹਾਇਤਾ ਤੇ ਉਤਸ਼ਾਹ ਨਾਲ, ਉੱਤਮਤਾ ਲਾਜ਼ਮੀ ਹੈ।" ਇਸ ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਦੇ ਰਸਮੀ ਸਵਾਗਤ ਤੇ ਪ੍ਰਮੁੱਖ ਸਕੱਤਰ ਪਾਵਰ ਤੇ ਸੀਐੱਮਡੀ, ਪੀਐੱਸਪੀਸੀਐੱਲ ਅਜੋਏ ਕੁਮਾਰ ਸਿਨਹਾ ਦੇ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਏਕਤਾ ਤੇ ਅਨੁਸ਼ਾਸਨ ਨੂੰ ਉਤਸ਼ਾਹਤ ਕਰਨ ਵਿੱਚ ਟੂਰਨਾਮੈਂਟ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਸਮਾਗਮ ਦੀ ਸਮਾਪਤੀ ਭਾਗੀਦਾਰ ਟੀਮਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦੇ ਹੋਏ ਇਨਾਮ ਵੰਡ ਸਮਾਰੋਹ ਨਾਲ ਹੋਈ, ਜਿਸ ਤੋਂ ਬਾਅਦ ਟੂਰਨਾਮੈਂਟ ਦੀ ਰਸਮੀ ਸਮਾਪਤੀ ਕੀਤੀ ਗਈ।

# ਡੀ ਜੀ ਪੀ ਵੱਲੋਂ ਮੋਗਾ 'ਚ ਸਮਾਰਟ ਕੰਟਰੋਲ ਰੂਮ ਦਾ ਉਦਘਾਟਨ

## ਪੰਜਾਬ ਨੂੰ ਨਸ਼ਾ ਮੁਕਤ ਤੇ ਅਪਰਾਧ ਮੁਕਤ ਕਰਨ ਲਈ ਪੁਲਸ ਵਚਨਬੱਧ : ਗੌਰਵ ਯਾਦਵ



ਮੋਗਾ (ਇਕਬਾਲ ਸਿੰਘ ਹਰਿਕਾ)-ਪੰਜਾਬ ਪੁਲਸ ਵੱਲੋਂ ਮੋਗਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਤੇ ਅਪਰਾਧ ਮੁਕਤ ਕਰਨ ਲਈ ਅਤਿ ਆਧੁਨਿਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ, ਜਿਸ ਦਾ ਉਦਘਾਟਨ ਅੱਜ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਵੱਲੋਂ ਮੋਗਾ ਪੁੱਜ ਕੇ ਕੀਤਾ ਗਿਆ। ਇਸ ਮੌਕੇ ਜਿੱਥੇ ਉਨ੍ਹਾਂ ਨੂੰ ਉਨ੍ਹਾਂ ਨੇ ਪਰੇਡ ਤੋਂ ਸਲਾਮੀ ਲਈ, ਉੱਥੇ ਹੀ ਕੰਟਰੋਲ ਰੂਮ ਦਾ ਨਿਰੀਖਣ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਮੋਗਾ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ, ਡੀ.ਆਈ.ਜੀ. ਫਰੀਦਕੋਟ ਰੇਂਜ ਅਸ਼ਵਨੀ ਕਪੂਰ, ਐੱਸ.ਐੱਸ.ਪੀ. ਮੋਗਾ ਅਜੇ, ਐੱਸ.ਪੀ.ਡੀ. ਬਾਲ ਕ੍ਰਿਸ਼ਨ ਸਿੰਗਲਾ ਤੇ ਹੋਰ ਪੁਲਸ ਅਧਿਕਾਰੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ 'ਚੋਂ ਨਸ਼ਾ ਤੇ ਅਪਰਾਧ ਨੂੰ ਮੁਕੰਮਲ ਰੂਪ ਵਿੱਚ ਖਤਮ ਕਰਨ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੂਬੇ ਭਰ ਵਿੱਚ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਮੋਗਾ 'ਚ 'ਸਮਾਰਟ ਕੰਟਰੋਲ ਰੂਮ' ਸਥਾਪਤ ਕੀਤਾ ਗਿਆ ਹੈ, ਜੋ ਆਧੁਨਿਕ ਤਕਨੀਕ, ਉੱਚ-ਗੁਣਵੱਤਾ ਵਾਲੇ ਨਿਗਰਾਨੀ ਉਪਕਰਣ ਤੇ ਨਵੀਆਂ ਤਕਨੀਕਾਂ ਨਾਲ ਲੈਸ ਹੈ।ਇਹ ਕੰਟਰੋਲ ਰੂਮ ਪੂਰੇ ਜ਼ਿਲ੍ਹੇ 'ਚ ਅਪਰਾਧ ਦੀ ਰੋਕਥਾਮ, ਸ਼ੱਕੀ ਗਤੀਵਿਧੀਆਂ 'ਤੇ ਨਿਗਰਾਨੀ ਤੇ ਮਾੜੇ ਅਨਸਰਾਂ ਨੂੰ ਬੇਨਕਾਬ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਵੇਗਾ।ਇਸ ਪ੍ਰੋਜੈਕਟ ਅਧੀਨ ਪੂਰੇ ਜ਼ਿਲ੍ਹੇ ਵਿੱਚ ਹੋਰ ਵੀ ਕੈਮਰੇ ਲਗਾਏ ਜਾ ਰਹੇ ਹਨ, ਜਿਸ ਨਾਲ ਅਪਰਾਧ ਨੂੰ ਕੰਟਰੋਲ ਕੀਤਾ ਜਾਵੇਗਾ ਤੇ ਅਪਰਾਧੀਆਂ ਨੂੰ ਟਰੇਸ ਕਰਨ ਵਿੱਚ ਵੀ ਮਦਦ ਮਿਲੇਗੀ।ਇਸ ਮੌਕੇ ਪਿਛਲੇ ਸਮੇਂ ਦੌਰਾਨ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਕਾਰੀ ਤੇ ਕਰਮਚਾਰੀਆਂ ਨੂੰ ਡੀ.ਜੀ.ਪੀ. ਸਾਹਿਬ ਵੱਲੋਂ ਡੀ.ਜੀ.ਪੀ. ਡਿਸਕ, ਸਰਟੀਫਿਕੇਟ ਤੇ ਨਕਦ ਇਨਾਮ ਨਾਲ ਸਨਮਾਨਤ ਵੀ ਕੀਤਾ ਗਿਆ।ਮੋਗਾ ਪੁਲਸ ਵੱਲੋਂ ਸਿਟੀ ਮੋਗਾ, ਧਰਮਕੋਟ ਤੇ ਬਾਘਾ ਪੁਰਾਣਾ ਦੇ ਵੱਖ-ਵੱਖ ਥਾਵਾਂ 'ਤੇ 140 ਉੱਚ-ਤਕਨੀਕੀ ਨਿਗਰਾਨੀ ਕੈਮਰੇ ਲਗਾਏ ਗਏ ਹਨ, ਜਿਨ੍ਹਾਂ ਵਿੱਚ 107 ਬੁਲਿਟ ਕੈਮਰੇ ਤੇ 33 ਏ.ਐੱਨ.ਪੀ. ਆਰ ਕੈਮਰੇ ਸ਼ਾਮਲ ਹਨ, ਜੋ ਆਰਟੀਫਿਸ਼ਲ ਇੰਟੈਲੀਜੈਂਸ (ਏ ਆਈ) ਆਧਾਰਤ ਆਧੁਨਿਕ ਤਕਨੀਕ ਨਾਲ ਕੰਮ ਕਰਨਗੇ।ਇਸ ਤੋਂ ਇਲਾਵਾ ਮੋਗਾ ਜ਼ਿਲ੍ਹੇ ਵਿੱਚ ਪ੍ਰਵੇਸ਼ ਕਰਨ ਵਾਲੇ ਨਾਕਿਆਂ ਜਿਵੇਂ ਕਿ ਦਾਰਾਪੁਰ, ਕਮਾਲਕੇ, ਹਿੰਮਤਪੁਰਾ ਤੇ ਚੂਹੜਚੱਕ 'ਤੇ ਵੀ ਬੁਲਿਟ ਕੈਮਰੇ ਤੇ 33 ਏ.ਐੱਨ.ਪੀ. ਆਰ ਕੈਮਰਿਆਂ ਰਾਹੀਂ ਪੈਨੀ ਨਜ਼ਰ ਰੱਖੀ ਜਾ ਰਹੀ ਹੈ।ਵਾਹਨਾਂ ਦੀ ਪਛਾਣ ਤੇ ਟਰੇਸਿੰਗ-ਇਹ ਏ.ਐੱਨ.ਪੀ. ਆਰ ਕੈਮਰੇ ਵਹੀਕਲ ਦੀ ਨੰਬਰ ਪਲੇਟ ਸਕੈਨ ਕਰਕੇ ਡਾਟਾਬੇਸ ਵਿੱਚ ਸਾਲ ਲਈ ਰਿਕਾਰਡ ਵਿੱਚ ਰਹਿਣਗੇ, ਜਿਸ ਨਾਲ ਚੋਰੀ ਜਾਂ ਸ਼ੱਕੀ ਵਹੀਕਲ ਦੀ ਪਛਾਣ ਤੁਰੰਤ ਹੋ ਸਕੇਗੀ।

ਸਮਾਰਟ ਕੰਟਰੋਲ ਰੂਮ 24 ਘੰਟੇ, 7 ਦਿਨ ਲਾਈਵ ਨਿਗਰਾਨੀ ਰੱਖੇਗਾ, ਜਿਸ ਨਾਲ ਜ਼ਿਲ੍ਹੇ ਵਿੱਚ ਹੋ ਰਹੀਆਂ ਕਿਸੇ ਵੀ ਸ਼ੱਕੀ ਗਤੀਵਿਧੀ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇਗੀ-ਫੇਸ ਰੀਕਗਨੀਸ਼ਨ ਤਕਨੀਕ ਆਉਣ ਵਾਲੇ ਸਮੇਂ ਵਿੱਚ ਪ੍ਰਮੁੱਖ ਚੌਕਾਂ ਤੇ ਹਾਈ-ਅਲਰਟ ਥਾਵਾਂ 'ਤੇ ਫੇਸ ਰੀਕਗਨੀਸ਼ਨ ਕੈਮਰੇ ਵੀ ਲਗਾਉਣ ਦੀ ਯੋਜਨਾ ਹੈ, ਜੋ ਫ਼ਰਾਰ ਅਪਰਾਧੀਆਂ ਦੀ ਪਛਾਣ 'ਚ ਮਦਦ ਕਰਨਗੇ।ਆਉਣ ਵਾਲੇ ਸਮੇਂ ਵਿੱਚ ਮੋਗਾ ਪੁਲਸ ਵੱਲੋਂ ਈ-ਚਲਾਨ [illegible] ਵੀ ਹੋਵੇਗੀ। ਪੀ.ਸੀ.ਆਰ. ਤੇ ਈ.ਵੀ.ਆਰ. ਵਹੀਕਲਾਂ ਦੀ ਲਾਈਵ ਲੋਕੇਸ਼ਨ-ਫ਼ੌਰੀ ਕਾਰਵਾਈ ਲਈ ਵਧੀਕ ਸੁਵਿਧਾ 12 ਐਮਰਜੈਂਸੀ ਰਿਸਪਾਂਸ ਵਹੀਕਲ 12 ਪੀ.ਸੀ. ਡੈਸ਼ ਕੈਮਰਾ ਤੇ 12 ਡੈਸ਼ਬੋਰਡ ਕੈਮਰਾ ਤੇ ਜੀ.ਪੀ.ਐੱਸ ਟਰੈਕਰ ਲੱਗਾ ਹੋਇਆ ਹੈ।20 ਮੋਟਰਸਾਈਕਲ ਤੇ 8 ਐਕਟਿਵਾ ਸਕੂਟਰੀ ਜੋ ਜੀ.ਪੀ.ਐੱਸ. ਨਾਲ ਲੈਸ ਕੀਤੇ ਗਏ ਹਨ, ਜਿਸ ਨਾਲ ਉਨ੍ਹਾਂ ਦੀ ਲਾਈਵ ਲੋਕੇਸ਼ਨ ਸਮਾਰਟ ਕੰਟਰੋਲ ਰੂਮ ਵਿੱਚ ਦਿਸਦੀ ਰਹੇਗੀ। ਵੀ.ਜੀ.ਪੀ.ਐੱਸ ਲਾਈਵ ਟ੍ਰੈਕਿੰਗ ਵਿਧੀ ਰਾਹੀਂ ਐਮਰਜੈਂਸੀ ਦੇ ਵਕਤ ਨਜ਼ਦੀਕੀ ਪੀ.ਸੀ.ਆਰ ਜਾਂ ਈ.ਆਰ.ਵੀ ਵਹੀਕਲ ਨੂੰ ਘੱਟੋ-ਘੱਟ ਸਮੇਂ ਵਿੱਚ ਮੌਕੇ 'ਤੇ ਪਹੁੰਚਾਇਆ ਜਾ ਸਕੇਗਾ, ਜਿਸ ਨਾਲ ਪੁਲਸ ਦੀ ਰਿਸਪਾਂਸ ਟਾਈਮ ਬਹੁਤ ਬਿਹਤਰ ਹੋਵੇਗੀ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਨੇ ਰੋਸ ਪ੍ਰਦਰਸ਼ਨ ਉਪਰੰਤ ਫੂਕੀ ਅਰਥੀ




Retail Assets Center: AXIS Bank Ltd., 3rd Floor, SCO 367-368, Above Akash Institute, Sector 34A, Chandigarh -160022.
Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025.
Registered Office: 'Trishul', 3rd floor, Opposite Samartheswar Temple, Law Garden, Ellisbridge, Ahmedabad-380006.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਦੀਆਂ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਦਾ ਨਾਂਅ/ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ /ਕਾਨੂੰਨੀ ਵਾਰਸਾਂ ਦਾ ਪਤਾ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|---|
| 1. | 1. ਸ੍ਰੀ ਅਵਿਨਾਸ਼ ਚੌਹਾਨ ਪੁੱਤਰ ਰਾਜੇਸ਼ ਕੁਮਾਰ, ਮਕਾਨ ਨੰ. 340/2 ਪਿੰਡ ਤੇ ਡਾਕਖਾਨਾ ਮਲੋਇਆ, ਮਲੋਇਆ ਕਾਲੋਨੀ, ਚੰਡੀਗੜ੍ਹ-160025, ਨਾਲ ਹੀ : ਸ੍ਰੀ ਅਵਿਨਾਸ਼ ਚੌਹਾਨ ਪੁੱਤਰ ਰਾਜੇਸ਼ ਕੁਮਾਰ ਜੀ ਪੀ ਆਰ ਸਕਿਉਰਟੀ ਪ੍ਰਾਈਵੇਟ ਲਿਮਟਿਡ, ਐੱਸ ਸੀ ਓ 12-13, ਦੂਸਰੀ ਮੰਜ਼ਲ, ਫੇਜ਼-12, XI, ਐੱਸ ਏ ਐੱਸ ਨਗਰ ਮੋਹਾਲੀ, ਪੰਜਾਬ-160062, ਨਾਲ ਹੀ : ਸ੍ਰੀ ਅਵਿਨਾਸ਼ ਚੌਹਾਨ ਪੁੱਤਰ, ਰਾਜੇਸ਼ ਕੁਮਾਰ ਪ੍ਰਾਪਰਟੀ ਨੰ. ਬੀ 006-02644 ਗੁਰੂ ਤੇਗ ਬਹਾਦਰ ਨਗਰ, ਪਿੰਡ ਖਰੜ, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ-140301 | 2. ਸ੍ਰੀਮਤੀ ਰੀਨਾ ਪਤਨੀ ਰਾਜੇਸ਼ ਕੁਮਾਰ, ਮਕਾਨ ਨੰ. 340/2 ਪਿੰਡ ਤੇ ਡਾਕਖਾਨਾ ਮਲੋਇਆ, ਮਲੋਇਆ ਕਾਲੋਨੀ, ਚੰਡੀਗੜ੍ਹ-160025, ਨਾਲ ਹੀ : ਸ੍ਰੀਮਤੀ ਰੀਨਾ ਪਤਨੀ ਰਾਜੇਸ਼ ਕੁਮਾਰ ਜੀ ਪੀ ਆਰ ਸਕਿਉਰਟੀ ਪ੍ਰਾਈਵੇਟ ਲਿਮਟਿਡ, ਐੱਸ ਸੀ ਓ 12-13, ਦੂਸਰੀ ਮੰਜ਼ਲ, ਫੇਜ਼-12, XI, ਐੱਸ ਏ ਐੱਸ ਨਗਰ ਮੋਹਾਲੀ, ਪੰਜਾਬ-160062, ਨਾਲ ਹੀ : ਸ੍ਰੀਮਤੀ ਰੀਨਾ ਪਤਨੀ ਰਾਜੇਸ਼ ਕੁਮਾਰ ਪ੍ਰਾਪਰਟੀ ਨੰ. ਬੀ 006-02644 ਗੁਰੂ ਤੇਗ ਬਹਾਦਰ ਨਗਰ, ਪਿੰਡ ਖਰੜ, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ-140301 | 03 ਜਨਵਰੀ 2025 | 27 ਜਨਵਰੀ 2025 | ਰੁਪਏ 2,037,018/- (ਵੀਹ ਲੱਖ ਸੈਂਤੀ ਹਜ਼ਾਰ ਅਠਾਰਾਂ ਰੁਪਏ ਕੇਵਲ) | ਰੁਪਏ 22,61,773/- (ਬਾਈ ਲੱਖ ਇਕਾਹਠ ਹਜ਼ਾਰ ਸੱਤ ਸੌ ਤਿਹੱਤਰ ਰੁਪਏ ਕੇਵਲ) | 1. ਬੈਨਾਮਾ ਨੰ. 2020-21/15/1/12769 ਮਿਤੀ 25-02-2021 ਅਨੁਸਾਰ ਰੀਨਾ ਪਤਨੀ ਰਾਜੇਸ਼ ਕੁਮਾਰ ਅਤੇ ਅਵਿਨਾਸ਼ ਚੌਹਾਨ ਦੇ ਨਾਂਅ ਜਾਇਦਾਦ ਨੰ. ਬੀ 006-02644, ਕੁੱਲ ਖੇਤਰ 00 ਕਨਾਲ 3-1/3 ਮਰਲਾ (100 ਵਰਗ ਗਜ਼) ਖੇਵਟ/ਖਤੌਨੀ ਨੰ. 875/913, 914, 915, ਖਸਰਾ ਨੰ. 12//5 (8-0), 6 (8-0), 15/1 (0-18), 23//4/2 (6-4), 7/1 (6-4), 14/2 (1-8) ਕਿੱਤੇ 06 ਜ਼ਮੀਨ ਰਕਬਾ 30 ਕਨਾਲ 14 ਮਰਲੇ 200/36840 ਹਿੱਸਾ ਹੱਦ, ਜੋ ਕਿ 00 ਕਨਾਲ 3-1/3 ਮਰਲਾ, ਗੁਰੂ ਤੇਗ ਬਹਾਦਰ ਨਗਰ, ਹਦਬਸਤ ਨੰ. 184, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ ਦੀ ਜਾਇਦਾਦ ਖਾਲੀ ਪਲਾਟ, ਪੱਛਮ : ਰਸਤਾ, ਉਤਰ : ਜਾਇਦਾਦ ਨੰ. ਬੀ 006/02643, ਦੱਖਣ : ਜਾਇਦਾਦ ਨੰ. ਬੀ006/02645 |
| 2. | 1. ਸ੍ਰੀ ਪਵਨ ਸ਼ਰਮਾ ਪੁੱਤਰ ਆਨੰਦੀ ਸ਼ਰਮਾ ਪਤਾ : # 1169, ਸੈਕਟਰ-52, ਸੈਕਟਰ-36 (ਚੰਡੀਗੜ੍ਹ) ਚੰਡੀਗੜ੍ਹ-160036, ਨਾਲ ਹੀ : ਸ੍ਰੀ ਪਵਨ ਸ਼ਰਮਾ ਪੁੱਤਰ ਆਨੰਦੀ ਸ਼ਰਮਾ ਪਤਾ : # 176 ਮੌਲੀ ਜਾਗਰਾ, ਚੌਥੀ ਮੰਜ਼ਲ, ਚੰਡੀਗੜ੍ਹ-160102 | 2. ਰੂਣਾ ਦੇਵੀ ਮਾਰਫਤ ਸ੍ਰੀ ਪਵਨ ਸ਼ਰਮਾ # 176 ਮੌਲੀ ਜਾਗਰਾ, ਚੌਥੀ ਮੰਜ਼ਲ, ਚੰਡੀਗੜ੍ਹ-160102 | 03 ਨਵੰਬਰ 2025 | 18 ਫਰਵਰੀ 2025 | ਰੁਪਏ 1,585,362/- (ਪੰਦਰਾਂ ਲੱਖ ਪਚਾਸੀ ਹਜ਼ਾਰ ਤਿੰਨ ਸੌ ਬਾਹਠ ਰੁਪਏ ਕੇਵਲ) | ਰੁਪਏ 15,19,290/- (ਪੰਦਰਾਂ ਲੱਖ ਉਨੀ ਹਜ਼ਾਰ ਦੋ ਨੱਬੇ ਰੁਪਏ ਕੇਵਲ) | ਰਿਹਾਇਸ਼ੀ ਜਾਇਦਾਦ ਰਕਬਾ 00 ਕਨਾਲ 02 ਮਰਲੇ 4-1/2 ਸਰਸਾਈ (76 ਵਰਗ ਗਜ਼) ਖੇਵਟ/ਖਤੌਨੀ ਨੰ. 271/406, ਖਸਰਾ ਨੰ. 76//11/4 (1-18) ਕਿੱਤਾ 1, ਜ਼ਮੀਨ ਰਕਬਾ 01 ਕਨਾਲ 18 ਮਰਲੇ ਸੀਮਾ ਹੱਦ 22-1/2/342 ਦਾ ਹਿੱਸਾ, ਜੋ ਕਿ 00 ਕਨਾਲ 02 ਮਰਲੇ 4-1/2 ਸਰਸਾਈ ਗੁਰੂ ਨਾਨਕ ਇਨਕਲੇਵ, ਪਿੰਡ ਭਾਂਕਰਪੁਰ, ਹੱਦਬਸਤ ਨੰ. 236, ਐੱਮ ਸੀ ਅਤੇ ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਪ੍ਰਵੇਸ਼ ਕੁਮਾਰ ਦਾ ਪਲਾਟ, ਪੱਛਮ : ਮੁਖਤਿਆਰ ਸਿੰਘ ਦਾ ਪਲਾਟ, ਉੱਤਰ : ਗਲੀ, ਦੱਖਣ : ਕਰਮ ਸਿੰਘ ਦਾ ਪਲਾਟ। |
| 3. | 1. ਸ੍ਰੀ ਦੀਪਕ ਕੁਮਾਰ ਪੁੱਤਰ ਸ੍ਰੀ ਰਘੂਨੰਦਨ ਸਿੰਘ # 826, ਹਾਲੋ ਮਾਜ਼ਰਾ, ਚੰਡੀਗੜ੍ਹ-160002 | 2. ਸ੍ਰੀ ਪੰਕਜ ਕੁਮਾਰ ਪੁੱਤਰ ਸ੍ਰੀ ਰਘੂਨੰਦਨ ਸਿੰਘ # 826, ਹਾਲੋ ਮਾਜ਼ਰਾ, ਚੰਡੀਗੜ੍ਹ-160002 3. ਸ੍ਰੀਮਤੀ ਸੁਨੈਨਾ ਦੇਵੀ ਪਤਨੀ ਸ੍ਰੀ ਰਘੂਨੰਦਨ ਸਿੰਘ # 826, ਹਾਲੋ ਮਾਜ਼ਰਾ, ਚੰਡੀਗੜ੍ਹ-160002 | 08 ਫਰਵਰੀ 2025 | 04 ਮਾਰਚ 2025 | ਰੁਪਏ 11,17,020/- (ਗਿਆਰਾਂ ਲੱਖ ਸਤਾਰਾਂ ਹਜ਼ਾਰ ਵੀਹ ਰੁਪਏ ਕੇਵਲ) | ਰੁਪਏ 13,32,886/- (ਤੇਰਾਂ ਲੱਖ ਬੱਤੀ ਹਜ਼ਾਰ ਅੱਠ ਸੌ ਛਿਆਸੀ ਰੁਪਏ ਕੇਵਲ) | ਬੈਨਾਮਾ ਵਸੀਕਾ ਨੰ. 1498 ਮਿਤੀ 07-07-2017 ਅਨੁਸਾਰ ਸ੍ਰੀਮਤੀ ਸੁਨੈਨਾ ਦੇਵੀ ਪਤਨੀ ਰਘੂਨੰਦਨ ਸਿੰਘ, ਸ੍ਰੀ ਪੰਕਜ ਕੁਮਾਰ ਪੁੱਤਰ ਰਘੂਨੰਦਨ ਸਿੰਘ ਅਤੇ ਸ੍ਰੀ ਦੀਪਕ ਕੁਮਾਰ ਪੁੱਤਰ ਰਘੂਨੰਦਨ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ/ਪਲਾਟ ਨੰ. 10 'ਤੇ ਬਣਿਆ ਮਕਾਨ, ਰਕਬਾ 2 ਬਿਸਵਾ-16 ਬਿਸਵਾਸੀ (140.97 ਵਰਗ ਗਜ਼) ਕੁੱਲ ਜ਼ਮੀਨੀ ਖੇਤਰ 41 ਵਿਘਾ-15 ਬਿਸਵਾ ਦਾ 56/16700 ਹਿੱਸਾ, ਖੇਵਟ ਖਤੌਨੀ ਨੰ. 26/61-62, ਖਸਰਾ ਨੰ. 283 (4-0), 284 (4-0), 285 (4-0), 286 (4-0), 287 (4-0), 288 (3-12) 289 (3-7), 290 (3-14), 291 (3-14) 292 (3-14), 293 (3-14) ਹੱਦਬਸਤ ਨੰ. 20, ਗੁਰੂ ਗੋਬਿੰਦ ਸਿੰਘ ਇਨਕਲੇਵ, ਪਿੰਡ ਦੱਪੜ, ਤਹਿਸੀਲ ਡੇਰਾ ਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਉੱਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ : ਐੱਨ ਏ |
| 4. | 1. ਸ੍ਰੀ ਸ਼ਾਂਤੀ ਲਾਲ ਪੁੱਤਰ ਨਰਾਇਣ ਜੀ # 43 ਹਲਟੀ ਵਾਲੀ ਗਲੀ, ਵਾਰਡ ਨੰ. 7, ਖਰੜ, ਐੱਸ ਏ ਐੱਸ ਨਗਰ ਮੋਹਾਲੀ-140301 | 2. ਸੰਗੀਤਾ ਪਤਨੀ ਸ੍ਰੀ ਸ਼ਾਂਤੀ ਲਾਲ # 43 ਹਲਟੀ ਵਾਲੀ ਗਲੀ, ਵਾਰਡ ਨੰ. 7, ਖਰੜ, ਐੱਸ ਏ ਐੱਸ ਨਗਰ ਮੋਹਾਲੀ-140301 | 30 ਨਵੰਬਰ 2023 | 05 ਮਾਰਚ 2025 | ਰੁਪਏ 4,11,371/- (ਚਾਰ ਲੱਖ ਗਿਆਰਾਂ ਹਜ਼ਾਰ ਤਿੰਨ ਸੌ ਇਕੱਤਰ ਰੁਪਏ ਕੇਵਲ) | ਰੁਪਏ 5,00,000/- (ਪੰਜ ਲੱਖ ਰੁਪਏ ਕੇਵਲ) | ਬੈਨਾਮਾ ਨੰ. 2088 ਮਿਤੀ 01/06/2017 ਅਨੁਸਾਰ ਜਾਇਦਾਦ ਨੰ. ਬੀ 014/02290, ਪ੍ਰੀਤ ਨਗਰ, ਸੈਕਟਰ 11, ਖਰੜ, ਰਕਬਾ 0 ਕਨਾਲ 2-1/4 ਮਰਲੇ, ਖੇਵਟ/ਖਤੌਨੀ ਨੰ. 2675/2776, ਖਸਰਾ ਨੰ. 52//3/2/1 (4-9), ਜ਼ਮੀਨੀ ਰਕਬਾ 4 ਕਨਾਲ 9 ਮਰਲੇ 9/356 ਸੀਮਾ ਹੱਦ ਦਾ ਹਿੱਸਾ, ਜੋ ਕਿ 0 ਕਨਾਲ 2-1/4 ਮਰਲੇ, ਪਿੰਡ ਖਰੜ, ਹੱਦਬਸਤ ਨੰ. 184, ਤਹਿਸੀਲ ਖਰੜ, ਤਹਿਸੀਲ ਡੇਰਾਬਸੀ ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ |
| 5. | 1. ਸ੍ਰੀਮਤੀ ਰੁਪਸ਼ਾ ਭੱਟਾਚਾਰੀਆ ਮਾਰਫਤ ਵਰੁਣ ਸ਼ਰਮਾ, 601, ਬਲਾਕ-ਡੀ, ਬਾਲਾਜੀ ਟਾਵਰਜ਼, ਕਿਸ਼ਨਪੁਰਾ-ਜ਼ੀਰਕਪੁਰ, ਐੱਸ ਏ ਐੱਸ ਨਗਰ-140603 | 2. ਸ੍ਰੀ ਅਨੀਰੁਧ ਭੱਟਾਚਾਰੀਆ ਮਾਰਫਤ ਸ੍ਰੀਮਤੀ ਰੁਪਸ਼ਾ ਭੱਟਾਚਾਰੀਆ, 601, ਬਲਾਕ-ਡੀ, ਬਾਲਾਜੀ ਟਾਵਰਜ਼, ਕਿਸ਼ਨਪੁਰਾ-ਜ਼ੀਰਕਪੁਰ, ਐੱਸ ਏ ਐੱਸ ਨਗਰ-140603 | 08 ਜਨਵਰੀ 2023 | 01 ਮਾਰਚ 2024 | ਰੁਪਏ 18,36,726/- (ਅਠਾਰਾਂ ਲੱਖ ਛੱਤੀ ਹਜ਼ਾਰ ਸੱਤ ਸੌ ਛੱਬੀ ਰੁਪਏ ਕੇਵਲ) | ਰੁਪਏ 24,00,000/- (ਚੌਵੀ ਲੱਖ ਰੁਪਏ ਕੇਵਲ) | ਰਿਹਾਇਸ਼ੀ ਫਲੈਟ ਨੰ. 1203 ਰਕਬਾ 511 ਵਰਗ ਫੁੱਟ, ਸ੍ਰੀ ਵਰਧਮਾਨ ਗਰੀਨ ਸਪੇਸ ਸੈਕਟਰ 14, ਪੰਚਕੂਲਾ ਐਕਸ-2, ਪੰਚਕੂਲਾ, ਹਰਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਏ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 23-04-2025 ਅਧਿਕਾਰਤ ਅਫਸਰ
ਸਥਾਨ : ਪੰਜਾਬ ਐਕਸਿਸ ਬੈਂਕ ਲਿਮਟਿਡ

## ਸਬਜ਼ੀ ਮੰਡੀ 'ਚ 25 ਸਾਲਾ ਨੌਜਵਾਨ ਦਾ ਕਤਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਦੀ ਸਬਜ਼ੀ ਮੰਡੀ ਵਿੱਚ 20 ਰੁਪਿਆਂ ਦੇ ਲੈਣ ਦੇਣ ਨੂੰ ਲੈ ਕੇ ਤਿੰਨ ਭਰਾਵਾਂ ਤੇ ਚਾਚੇ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਇੱਕ 25 ਸਾਲਾ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ । ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਮ੍ਰਿਤਕ ਦੇ ਵੱਡੇ ਭਰਾ ਰਕੇਸ਼ ਨੇ ਦੱਸਿਆ ਕਿ ਉਹ ਸਕੀਮ ਨੰਬਰ 2 ਰਹੀਮਪੁਰ ਵਿਖੇ ਰਹਿੰਦੇ ਹਨ। ਉਸ ਦਾ ਛੋਟਾ ਭਰਾ ਸੰਜੀਤ ਕੁਮਾਰ ਹੁਸ਼ਿਆਰਪੁਰ ਦੀ ਸਬਜ਼ੀ ਮੰਡੀ ਵਿੱਚ ਸਫਾਈ ਅਤੇ ਚੌਂਕੀਦਾਰੀ ਦਾ ਠੇਕੇਦਾਰ ਸੀ। ਜੋ ਮੰਡੀ ਵਿੱਚ ਲਾਈਆਂ ਰੇੜ੍ਹੀਆਂ ਵਾਲਿਆਂ ਤੋਂ 10 ਰੁਪਏ ਸਫਾਈ ਅਤੇ 10 ਰੁਪਏ ਚੌਂਕੀਦਾਰੀ ਦੇ ਉਗਰਾਹੀ ਕਰਦਾ ਸੀ। ਤਕਰੀਬਨ ਹਫਤਾ ਦਸ ਦਿਨ ਪਹਿਲਾਂ ਉਸ ਦਾ ਕੁਝ ਵਿਅਕਤੀਆਂ ਨਾਲ ਪੈਸੇ ਦੇ ਲੈਣ ਦੇਣ ਨੂੰ ਲੈ ਕੇ ਝਗੜਾ ਹੋਇਆ ਸੀ ਜਿਸ ਦੀ ਸੁਲਹ ਸਫਾਈ ਕਰਵਾ ਦਿੱਤੀ ਗਈ ਸੀ ਪਰ ਦੂਜੀ ਪਾਰਟੀ ਨੇ ਇਸ ਗੱਲ ਦੀ ਰੰਜਿਸ਼ ਮਨ ਵਿੱਚ ਰੱਖੀ ਤੇ ਬੀਤੇ ਦਿਨ ਐਤਵਾਰ ਨੂੰ ਸਵੇਰੇ 11 ਵਜੇ ਜਦੋਂ ਸੰਜੀਤ ਆਪਣੇ ਘਰ ਜਾਣ ਲੱਗਾ ਤਾਂ ਸਕੀਮ ਨੰਬਰ ਦੋ ਦੇ ਹੀ ਰਹਿਣ ਵਾਲੇ ਸੋਨੂ, ਉਸ ਦੇ ਭਰਾ ਪ੍ਰੀਤਮ, ਚਾਚੇ ਸੰਤੋਖ ਤੇ ਇੱਕ ਹੋਰ ਵਿਅਕਤੀ ਨੇ ਉਸ ਨੂੰ ਰੋਕ ਲਿਆ ਤੇ ਸੋਨੂ ਨੇ ਉਸ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ। ਉਸ ਦੇ ਭਰਾ ਪ੍ਰੀਤਮ ਨੇ ਵੀ ਦਾਤ ਨਾਲ ਹਮਲਾ ਕੀਤਾ ਤੇ ਰਲ ਕੇ ਸਾਰੇ ਜਣੇ ਉਸ ਨੂੰ ਕੁੱਟਣ ਲੱਗੇ। ਜਿਸ ਕਾਰਨ ਉਸ ਦਾ ਭਰਾ ਗੰਭੀਰ ਜ਼ਖਮੀ ਹੋ ਗਿਆ ਅਤੇ ਉਸ ਨੂੰ ਤੁਰੰਤ



ਸਿਵਲ ਹਸਪਤਾਲ ਲਜਾਇਆ ਗਿਆ ਜਿੱਥੋਂ ਉਸ ਦੀ ਹਾਲਤ ਗੰਭੀਰ ਦੇਖਦਿਆਂ ਨਿੱਜੀ ਹਸਪਤਾਲ ਲੈ ਗਏ ਪਰ ਉਥੋਂ ਉਸ ਨੂੰ ਡੀ ਐੱਮ ਸੀ ਹਸਪਤਾਲ ਲੁਧਿਆਣਾ ਰੈਫਰ ਕੀਤਾ ਗਿਆ। ਦੇਰ ਰਾਤ ਉਸ ਦੀ ਮੌਤ ਹੋ ਗਈ। ਰਕੇਸ਼ ਨੇ ਦੱਸਿਆ ਕਿ ਇਸ ਵਾਰਦਾਤ ਦੀ ਸੂਚਨਾ ਤੁਰੰਤ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੇ ਦਿੱਤੀ ਗਈ ਸੀ ਪਰ ਪੁਲਸ ਸੰਜੀਤ ਦੀ ਮੌਤ ਤੋਂ ਬਾਅਦ ਹਰਕਤ ਵਿੱਚ ਆਈ ਅਤੇ ਇੱਕ ਵਿਅਕਤੀ ਸੋਨੂ ਨੂੰ ਹਿਰਾਸਤ ਵਿੱਚ ਲੈ ਲਿਆ ਹੈ । ਉਸ ਨੇ ਮੰਗ ਕੀਤੀ ਕਿ ਇਸ ਵਾਰਦਾਤ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੇ ਐਸ ਐਚ ਓ ਗੁਰਸਾਹਿਬ ਸਿੰਘ ਨੇ ਦੱਸਿਆ ਕਿ ਪੁਲਸ ਨੇ ਇਸ ਮਾਮਲੇ ਵਿੱਚ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਹਮਲਾਵਰ ਸੋਨੂ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਬਾਕੀਆਂ ਦੀ ਭਾਲ ਕੀਤੀ ਜਾ ਰਹੀ ਹੈ।

## 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ 'ਚ 72.26 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਉਦਘਾਟਨ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਜ਼ਿਲ੍ਹੇ ਦੇ 25 ਸਰਕਾਰੀ ਸਕੂਲਾਂ ਵਿੱਚ 72.26 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੇ ਮੰਤਵ ਨਾਲ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਜ਼ਿਲ੍ਹੇ ਦੇ 18 ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ 33.49 ਲੱਖ ਅਤੇ ਸਰਕਾਰੀ ਮਿਡਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 38.77 ਲੱਖ ਰੁਪਏ ਦੀ ਲਾਗਤ ਨਾਲ ਆਧੁਨਿਕ ਕਲਾਸ ਰੂਮ, ਸਾਇੰਸ ਲੈਬੋਰੇਟਰੀਜ਼, ਸਕੂਲਾਂ ਦੀ ਚਾਰਦੀਵਾਰੀ ਅਤੇ ਹੋਰ ਲੋੜੀਂਦੇ ਮੁਰੰਮਤ ਦੇ ਕੰਮ ਮੁਕੰਮਲ ਕਰਵਾਏ ਗਏ, ਜਿਸ ਨਾਲ ਵਿੱਦਿਅਕ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਮਿਲਿਆ ਹੈ। ਵਿਧਾਨ ਸਭਾ ਹਲਕਾ ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ ਤਹਿਤ' ਸਰਕਾਰੀ ਪ੍ਰਾਇਮਰੀ ਸਕੂਲ ਨੌਗੱਜਾ, ਫਰੀਦਪੁਰ ਤੇ ਰਾਹੀਮਪੁਰ ਅਤੇ



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਹੀਮਪੁਰ, ਮੁਸਤਫਾਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗੱਜਾ ਵਿਖੇ 39.33 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜ ਸਮਰਪਿਤ ਕੀਤੇ ਗਏ।ਇਸ ਮੌਕੇ ਸਕੂਲਾਂ ਵਿਚ ਕਰਵਾਏ ਉਦਘਾਟਨੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਵੇਂ ਰਿਕਾਰਡ ਕਾਇਮ ਕੀਤੇ ਜਾ ਰਹੇ ਹਨ ਅਤੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਸ਼ੁਰੂ ਕੀਤੀ ਗਈ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਸਰਕਾਰੀ ਸਕੂਲਾਂ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗੀ। ਇਸੇ ਤਰ੍ਹਾਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਲੋਹਾਰਾਂ (ਲੜਕੇ), ਸਰਕਾਰੀ ਪ੍ਰਾਇਮਰੀ ਸਕੂਲ ਸੰਧਮ, ਸਰਕਾਰੀ ਪ੍ਰਾਇਮਰੀ ਸਕੂਲ ਡਮੌਲੀ, ਸਰਕਾਰੀ ਪ੍ਰਾਇਮਰੀ ਸਕੂਲ ਮਾਣਕ ਰਾਏ, ਸਰਕਾਰੀ ਮਿਡਲ ਸਕੂਲ ਇੱਟਾਂ ਬੱਧੀ, ਸਰਕਾਰੀ ਮਿਡਲ ਸਕੂਲ ਮਾਣਕ ਰਾਏ ਵਿਖੇ 12.70 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ। ਵਿਧਾਨ ਸਭਾ ਹਲਕਾ ਫਿਲੌਰ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਬਕਾਪੁਰ, ਸਰਕਾਰੀ ਪ੍ਰਾਇਮਰੀ ਸਕੂਲ ਦੋਸਾਂਝ ਖੁਰਦ, ਸਰਕਾਰੀ ਪ੍ਰਾਇਮਰੀ ਸਕੂਲ ਕੁਤਬੇਵਾਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਠੱਡਾ ਖੁਰਦ ਵਿਖੇ 6.82 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਵਿਧਾਨ ਸਭਾ ਹਲਕਾ ਸ਼ਾਹਕੋਟ ਦੇ 6 ਸਰਕਾਰੀ ਪ੍ਰਾਇਰਮੀ ਸਕੂਲ ਈਸੇਵਾਲ, ਸਰਕਾਰੀ ਪ੍ਰਾਇਮਰੀ ਸਕੂਲ ਰੂਪੇਵਾਲ, ਸਰਕਾਰੀ ਪ੍ਰਾਇਮੀ ਸਕੂਲ ਬਾਦਸ਼ਾਹਪੁਰ, ਸਰਕਾਰੀ ਪ੍ਰਾਇਮਰੀ ਸਕੂਲ ਮਹਿਮੂਵਾਲ ਮਾਲਾ, ਸਰਕਾਰੀ ਪ੍ਰਾਇਮਰੀ ਸਕੂਲ ਅਲੀਵਾਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮੂਲੇਵਾਲ ਅਰਾਈਆਂ ਵਿਖੇ ਵੀ 9.94 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਤੋਂ ਇਲਾਵਾ ਵਿਧਾਨ ਸਭਾ ਹਲਕਾ ਜਲੰਧਰ ਕੈਂਟ ਵਿਖੇ ਸਰਕਾਰੀ ਪ੍ਰਾਇਰਮੀ ਸਕੂਲ ਸਮਰਾਏ (ਲੜਕੀਆਂ) ਅਤੇ ਸਰਕਾਰੀ ਪ੍ਰਾਇਮਰੀ ਸਕੂਲ ਸਮਰਾਏ (ਲੜਕੇ) ਵਿਖੇ 3.47 ਲੱਖ ਰੁਪਏ ਨਾਲ ਮੁਕੰਮਲ ਹੋਏ ਵਿਕਾਸ ਕਾਰਜ ਸਮਰਪਿਤ ਕੀਤੇ ਗਏ।

## ਅਵਾਰਾ ਕੁੱਤਿਆਂ ਨੇ ਖੇਤ ਮਜ਼ਦੂਰ ਨੂੰ ਨੋਚ-ਨੋਚ ਕੇ ਖਾਧਾ

**ਕਾਲਾ ਸੰਘਿਆਂ (ਮਨਜੀਤ ਮਾਨ)** ਪਿੰਡ ਕੰਗ ਸਾਹਬੂ ਦੇ ਵਾਸੀ ਸੁਖਵਿੰਦਰ ਸਿੰਘ (65) ਸਾਲ ਨੂੰ ਨਜ਼ਦੀਕੀ ਪਿੰਡ ਖੁਣ ਖੁਣ ਵਿਖੇ ਖੇਤਾਂ ਵਿਚ ਫ਼ਸਲ ਨੂੰ ਪਾਣੀ ਲਗਾਉਂਦੇ ਸਮੇਂ ਅਵਾਰਾ ਕੁੱਤਿਆਂ ਨੇ ਨੋਚ ਨੋਚ ਕੇ ਖਾ ਲਿਆ ਅਤੇ ਉਸ ਦੀ ਮੌਕੇ 'ਤੇ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸੁਖਵਿੰਦਰ ਸਿੰਘ ਪਿੰਡ ਕੰਗ ਸਾਹਬੂ ਦੇ ਰਹਿਣ ਵਾਲੇ ਕਿਸਾਨ ਜਸਪਾਲ ਸਿੰਘ ਦੇ ਖੇਤਾਂ ਵਿਚ ਪਿੰਡ ਖੁਣ ਖੁਣ ਵਿਖੇ ਮੱਕੀ ਦੀ ਫ਼ਸਲ ਨੂੰ ਸਵੇਰੇ ਲਗਪਗ 7 ਵਜੇ ਪਾਣੀ ਲਗਾਉਣ ਗਿਆ, ਉਸ ਨੂੰ ਖੇਤਾਂ ਵਿਚ ਬੈਠੇ ਅਵਾਰਾ ਕੁੱਤਿਆ ਦੇ ਝੁੰਡ ਨੇ ਘੇਰ ਲਿਆ ਅਤੇ ਨੋਚ ਨੋਚ ਕੇ ਖਾ ਲਿਆ । ਇਸ ਸੰਬੰਧੀ ਜਸਪਾਲ ਸਿੰਘ ਦੂਜਾ ਮਜ਼ਦੂਰ ਪ੍ਰਵਾਸੀ ਜਦੋਂ ਖੇਤਾਂ ਵਿਚ ਗਿਆ ਤਾ ਉਸ ਨੇ ਰੌਲਾ ਪਾਇਆ ਅਤੇ ਆਪਣੇ ਮਾਲਕ ਦੇ ਬੇਟੇ ਰਾਜਵੀਰ ਨੂੰ ਨਾਲ ਲੈ ਕੇ ਕੁੱਤਿਆ ਤੋਂ ਛੁਡਾਇਆ ਪਰ ਉਦੋਂ ਤੱਕ ਸੁੱਖਵਿੰਦਰ ਸਿੰਘ ਦੀ ਮੌਤ ਹੋ ਚੁੱਕੀ ਸੀ। ਇਹ ਤਰ੍ਹਾਂ ਹੀ ਕੰਗ ਸਾਹਬੂ ਵਿਖੇ ਨੇੜਲੇ ਪਿੰਡ ਮੀਰਾ ਪੁਰ ਦੇ ਇੱਕ ਕਿਸਾਨ ਦਾ ਵਰਕਰ ਕੁਝ ਦਿਨ ਪਹਿਲਾਂ ਖੇਤਾਂ ਵਿਚ ਅਵਾਰਾ ਕੁੱਤਿਆ ਨੇ ਖਾ ਲਿਆ ਸੀ ਤੇ ਉਸ ਦੀ ਮੌਤ ਹੋ ਗਈ ਸੀ। ਇਸ ਸੰਬੰਧੀ ਪੁਲਿਸ ਸਟੇਸ਼ਨ ਪ੍ਰਤਾਪ ਪੁਰਾ ਨੂੰ ਸੂਚਿਤ ਕੀਤਾ ਗਿਆ ਤੇ ਪੁਲਸ ਨੇ ਬਣਦੀ ਕਾਰਵਾਈ ਕਰਕੇ ਪੋਸਟ ਮਾਰਟਮ ਕਰਵਾ ਕੇ ਲਾਸ਼ ਵਾਰਾਂ ਦੇ ਹਵਾਲੇ ਕਰ ਦਿੱਤੀ ਹੈ। ਇਸ ਘਟਨਾ ਤੋਂ ਬਾਅਦ ਲੋਕਾਂ ਵਿਚ ਭਰੀ ਸਹਿਮ ਦਾ ਮਾਹੌਲ ਹੈ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸੰਬੰਧੀ ਜਲਦੀ ਅਵਾਰਾ ਕੁੱਤਿਆਂ ਨੂੰ ਕਾਬੂ ਕਰ ਲਈ ਕਾਰਵਾਈ ਕੀਤੀ ਜਾਵੇ।

## ਡਾ. ਗੁਰਪ੍ਰੀਤ ਸਿੰਘ ਉੱਪਲ ਨੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



**ਕਰਤਾਰਪੁਰ (ਹਰਮੇਸ਼)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ ਵਿਖੇ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਐਸ.ਜੀ.ਪੀ.ਸੀ. ਦੇ ਦਿਸ਼ਾ ਨਿਰਦੇਸ਼ਾਂ ਅਤੇ ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ਦੀ ਯੋਗ ਅਗਵਾਈ ਹੇਠ ਡਾ. ਗੁਰਪ੍ਰੀਤ ਸਿੰਘ ਉੱਪਲ ਨੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲ ਲਿਆ। ਇਸ ਮੌਕੇ ਮੁੱਖ ਸਕੱਤਰ ਐਸ.ਜੀ.ਪੀ.ਸੀ ਸ੍ਰੀ ਅੰਮ੍ਰਿਤਸਰ ਕੁਲਵੰਤ ਸਿੰਘ ਮੰਨਣ, ਮੈਂਬਰ ਐਸ.ਜੀ.ਪੀ.ਸੀ. ਜਥੇਦਾਰ ਰਣਜੀਤ ਸਿੰਘ ਕਾਹਲੋਂ ਅਤੇ ਜਥੇਦਾਰ ਅਮਰਜੀਤ ਸਿੰਘ, ਵਾਈਸ ਪ੍ਰਿੰਸੀਪਲ ਡਾ. ਸੰਜੀਵ ਸ਼ਰਮਾ, ਡਾ. ਜਗਦੀਪ ਕੁਮਾਰ, ਪ੍ਰੋ. ਗੁਰਪਿੰਦਰ ਸਿੰਘ, ਡਾ.ਅਮਨਦੀਪ ਸਿੰਘ, ਖ਼ਾਲਸਾ ਕਾਲਜ, ਗੜ੍ਹਦੀਵਾਲਾ, ਪ੍ਰਿੰਸੀਪਲ ਸਾਹਿਬ ਦੀ ਸੁਪਤਨੀ ਮੈਡਮ ਹਰਜਿੰਦਰ ਕੌਰ, ਬੇਟਾ ਨਵਰੂਪ ਸਿੰਘ ਉੱਪਲ, ਬੇਟੀ ਸਮਰੀਤ ਕੌਰ ਆਦਿ ਪਹੁੰਚੇ। ਡਾ. ਗੁਰਪ੍ਰੀਤ ਸਿੰਘ ਉੱਪਲ ਨੂੰ ਪ੍ਰਿੰਸੀਪਲ ਦਾ ਅਹੁਦਾ ਸੰਭਾਲਣ 'ਤੇ ਪਤਵੰਤਿਆਂ ਵੱਲੋਂ ਮੁਬਾਰਕਬਾਦ ਦਿੱਤੀ ਗਈ। ਡਾ. ਗੁਰਪ੍ਰੀਤ ਸਿੰਘ ਨੇ ਅਹੁਦਾ ਸੰਭਾਲਣ ਮੌਕੇ ਕਾਲਜ ਸਰਵਪੱਖੀ ਵਿਕਾਸ ਲਈ ਹਰ ਸੰਭਵ ਯਤਨ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸਨ।

## ਬੱਚਿਆਂ ਨੇ ਰੇਲਵੇ ਸਟੇਸ਼ਨ ਦਾ ਕੀਤਾ ਦੌਰਾ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਅਨੁਭਵ ਆਧਾਰਤ ਸਿੱਖਿਆ ਦੇ ਹਿੱਸੇ ਵਜੋਂ, ਕਲਾਸ ਪਹਿਲੀ ਅਤੇ ਦੂਸਰੀ ਦੇ ਵਿਦਿਆਰਥੀਆਂ ਨੇ ਕਾਲਾ ਬੱਕਰਾ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ। ਇਸ ਦੌਰੇ ਦਾ ਉਦੇਸ਼ ਬੱਚਿਆਂ ਨੂੰ ਆਵਾਜਾਈ ਵਿਵਸਥਾ, ਖਾਸ ਕਰਕੇ ਰੇਲਵੇ ਪ੍ਰਣਾਲੀ ਬਾਰੇ ਅਮਲੀ ਜਾਣਕਾਰੀ ਦੇਣਾ ਸੀ, ਜੋ ਕਿ ਉਨ੍ਹਾਂ ਦੇ ਪਾਠਕ੍ਰਮ ਦਾ ਇਕ ਮਹੱਤਵਪੂਰਨ ਭਾਗ ਹੈ।ਵਿਦਿਆਰਥੀਆਂ ਦੇ ਨਾਲ ਉਨ੍ਹਾਂ ਦੇ ਅਧਿਆਪਕਾਂ ਅਤੇ ਸਕੂਲ ਸਟਾਫ ਨੇ ਸਾਥ ਦਿੱਤਾ। ਬੱਚਿਆਂ ਨੇ ਰੇਲਵੇ ਸਟੇਸ਼ਨ ਦੇ ਵੱਖ-ਵੱਖ ਹਿੱਸਿਆਂ ਨੂੰ ਦੇਖਿਆ ਜਿਵੇਂ ਕਿ ਟਿਕਟ ਘਰ, ਇੰਤਜ਼ਾਰ ਘਰ, ਪਲੇਟਫਾਰਮ, ਰੇਲ ਗੱਡੀਆਂ ਅਤੇ ਘੋਸ਼ਣਾ ਪ੍ਰਣਾਲੀ। ਉਨ੍ਹਾਂ ਨੇ ਸਟੇਸ਼ਨ ਮਾਸਟਰ ਅਤੇ ਗਾਰਡ ਵਰਗੇ ਕਰਮਚਾਰੀਆਂ ਨਾਲ ਗੱਲਬਾਤ ਵੀ ਕੀਤੀ, ਜਿਨ੍ਹਾਂ ਨੇ ਬੱਚਿਆਂ ਨੂੰ ਆਪਣੇ ਕੰਮ ਬਹੁਤ ਹੀ ਸੌਖੀ ਅਤੇ ਸਮਝਦਾਰ ਭਾਸ਼ਾ ਵਿੱਚ ਸਮਝਾਏ।ਬੱਚੇ ਰੇਲਾਂ ਦੇ ਆਉਣ-ਜਾਣ, ਸੀਟੀ ਦੀ ਆਵਾਜ਼, ਇੰਜਣ ਦੀ ਧੁਨੀ ਅਤੇ ਘੋਸ਼ਣਾਵਾਂ ਨੂੰ ਦੇਖ ਕੇ ਬਹੁਤ ਉਤਸ਼ਾਹਤ ਹੋਏ। ਦੌਰੇ ਦੌਰਾਨ ਪੂਰੀ ਸੁਰੱਖਿਆ ਦਾ ਧਿਆਨ ਰੱਖਿਆ ਗਿਆ ਅਤੇ ਬੱਚਿਆਂ ਨੂੰ ਨਿਰਧਾਰਤ ਖੇਤਰਾਂ ਵਿੱਚ ਹੀ ਰੱਖਿਆ ਗਿਆ।ਇਸ ਦੌਰੇ ਨੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ ਨਾਲ ਉਨ੍ਹਾਂ ਵਿੱਚ ਸ਼ਿਸ਼ਟਾਚਾਰ ਅਤੇ ਜਿਗਿਆਸਾ ਵੀ ਵਧਾਈ। ਬੱਚਿਆਂ ਨੇ ਆਪਣਾ ਅਨੁਭਵ ਕਲਾਸ ਵਿੱਚ ਚਿੱਤਰਕਾਰੀ ਅਤੇ ਛੋਟੀਆਂ ਗੱਲਾਂ ਰਾਹੀਂ ਸਾਂਝਾ ਕੀਤਾ, ਜਿਸ ਨਾਲ ਸਿੱਖਣ ਦੀ ਪ੍ਰਕਿਰਿਆ ਹੋਰ ਵੀ ਰੋਚਕ ਬਣੀ।ਕਾਲਾ ਬੱਕਰਾ ਰੇਲਵੇ ਸਟੇਸ਼ਨ ਦਾ ਇਹ ਵਿਦਿਆਕ ਦੌਰਾ ਬੱਚਿਆਂ ਲਈ ਬਹੁਤ ਹੀ ਲਾਭਦਾਇਕ ਅਤੇ ਰੌਚਕ ਰਿਹਾ। ਇਹ ਦੌਰਾ ਸਿੱਖਿਆ ਅਤੇ ਅਸਲੀ ਜੀਵਨ ਦੇ ਅਨੁਭਵ ਨੂੰ ਜੋੜ ਕੇ ਕਲਾਸਰੂਮ ਸਿੱਖਿਆ ਨੂੰ ਹੋਰ ਵੀ ਪ੍ਰਭਾਵਸ਼ਾਲੀ ਅਤੇ ਯਾਦਗਾਰ ਬਣਾਉਂਦਾ ਹੈ।

## ਗੁਰਮਤਿ ਟ੍ਰੇਨਿੰਗ ਕੈਂਪ ਦੀ ਪ੍ਰੇਰਨਾ ਸਦਕਾ ਵਿਦਿਆਰਥੀਆਂ ਨੇ ਕੀਤਾ ਅੰਮ੍ਰਿਤਪਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਚੱਲ ਰਹੇ ਗੁਰਮਤਿ ਟ੍ਰੇਨਿੰਗ ਕੈਂਪ ਦੇ ਚੌਥੇ ਦਿਨ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਨੇ ਹਾਜ਼ਰੀ ਭਰੀ। ਉਹਨਾਂ ਨੇ ਸਕੂਲ ਦੇ ਗੁਰਦੁਆਰਾ ਰਾਗੀ ਬਾਗ ਵਿਖੇ ਅੰਮ੍ਰਿਤ ਅਭਿਲਾਖੀ ਵਿਦਿਆਰਥੀਆਂ ਨੂੰ ਅੰਮ੍ਰਿਤ ਦੀ ਦਾਤ ਦੇ ਕੇ ਗੁਰਸਿੱਖੀ ਪਰਿਵਾਰ ਵਿੱਚ ਸ਼ਾਮਲ ਕੀਤਾ।ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਲਈ ਇਹ ਬੜੀ ਮਾਣ ਵਾਲੀ ਗੱਲ ਹੈ ਕਿ ਸਕੂਲ ਵਿੱਚ ਗੁਰਮਤਿ ਕੈਂਪ ਦੌਰਾਨ ਸਿੱਖ ਧਰਮ ਅਤੇ ਇਤਿਹਾਸ ਨੂੰ ਵਿਹਾਰਿਕ ਤੌਰ 'ਤੇ ਸਮਝਦੇ ਹੋਏ ਵਿਦਿਆਰਥੀ ਅੰਮ੍ਰਿਤਪਾਨ ਲਈ ਤਿਆਰ ਹੋਏ ਅਤੇ ਅੰਮ੍ਰਿਤ ਛਕਿਆ।ਇਹ ਵਿਦਿਆਰਥੀਆਂ ਲਈ ਬਹੁਤ ਯਾਦਗਾਰੀ ਸਮਾਂ ਰਹੇਗਾ ਕਿ ਉਹਨਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਆਣ ਕਰਕੇ ਅੰਮ੍ਰਿਤ ਛਕਿਆ।ਇਸ ਤੋਂ ਇਲਾਵਾ ਦੂਸਰੇ ਸ਼ੈਸ਼ਨ ਦੇ ਵਿਦਿਆਰਥੀਆਂ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨੇੜਲੇ ਗੁਰਧਾਮਾਂ ਦੇ ਦਰਸ਼ਨ ਕੀਤੇ।ਗੁਰਮਤਿ ਕੈਂਪ ਦੀ ਪ੍ਰੋਗਰਾਮ ਸੂਚੀ ਅਨੁਸਾਰ ਰੋਜ਼ਾਨਾ ਵਿਦਿਆਰਥੀਆਂ ਨੂੰ ਵੱਖ-ਵੱਖ ਗੁਰਦੁਆਰਾ ਸਾਹਿਬਾਨਾ ਦੇ ਇਤਿਹਾਸ ਦੀ ਜਾਣਕਾਰੀ ਦੇਣ ਹੇਤੂ ਯਾਤਰਾ ਕਰਵਾਈ ਜਾਂਦੀ ਹੈ।ਇਸ ਮੌਕੇ ਮੈਡਮ ਸਤਵੰਤ ਕੌਰ ਸਹਾਇਕ ਡਾਇਰੈਕਟਰ (ਵਿੱਦਿਆ), ਡਾ. ਜਸਵੀਰ ਸਿੰਘ ਪ੍ਰਿੰਸੀਪਲ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਪ੍ਰਿੰਸੀਪਲ ਸਤਨਾਮ ਸਿੰਘ, ਐਮ.ਐਮ.ਏ ਲਾਇਨਜ਼ ਕਲੱਬ ਦੇ ਮੁੱਖ ਪ੍ਰਬੰਧਕ ਜਤਿੰਦਰ ਸਿੰਘ, ਮੈਨੇਜਰ ਮਲਕੀਤ ਸਿੰਘ, ਐਡੀ: ਮੈਨੇਜਰ ਹਰਦੇਵ ਸਿੰਘ, ਪ੍ਰਿੰਸੀਪਲ ਗੁਰਪ੍ਰੀਤ ਸਿੰਘ ਛਾਜਲੀ, ਪ੍ਰਿੰਸੀਪਲ ਤਰਨਜੀਤ ਸਿੰਘ, ਪ੍ਰਿੰਸੀਪਲ ਗੁਰਸਰਨ ਸਿੰਘ, ਪ੍ਰਿੰਸੀਪਲ ਗੁਰਮੀਤ ਸਿੰਘ, ਪ੍ਰਿੰਸੀਪਲ ਜਸਵਿੰਦਰ ਸਿੰਘ, ਪ੍ਰਿੰਸੀਪਲ ਹਰਪ੍ਰੀਤ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ, ਪ੍ਰਿੰਸੀਪਲ ਦਲਵਿੰਦਰ ਕੌਰ, ਪ੍ਰਿੰਸੀਪਲ ਨਵਲੀਨ ਕੌਰ, ਪ੍ਰਿੰਸੀਪਲ ਮਨਪ੍ਰੀਤ ਕੌਰ, ਪ੍ਰਿੰਸੀਪਲ ਭੁਪਿੰਦਰ ਪਾਲ ਕੌਰ, ਪ੍ਰਿੰਸੀਪਲ ਸਰਬਜੀਤ ਸਿੰਘ ਤੇ ਸਮੂਹ ਸਕੂਲਾਂ ਦੇ ਅਧਿਆਪਕ ਸਾਹਿਬਾਨ ਮੌਜੂਦ ਸਨ।

## ਮਾਤਾ ਲੱਜਿਆ ਦੇਵੀ ਮੰਦਰ ਵਿਖੇ ਵਿਸ਼ਾਲ ਜਾਗਰਣ 26 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਡਰੋਲੀ ਕਲਾਂ ਵਿਖੇ 26 ਅਪ੍ਰੈਲ ਦਿਨ ਸ਼ਨੀਵਾਰ ਨੂੰ ਮਾਤਾ ਲੱਜਿਆ ਦੇਵੀ ਮੰਦਰ ਵਿਖੇ ਵਿਸ਼ਾਲ ਜਾਗਰਣ ਮਾਤਾ ਕਮਲਾ ਸ਼ਰਮਾ ਦੀ



ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ! ਮਾਤਾ ਨੇ ਦੱਸਿਆ ਕਿ 26 ਅਪ੍ਰੈਲ ਨੂੰ ਸਵੇਰੇ ਤਕਰੀਬਨ 10 ਵਜੇ ਹਵਨ ਯੱਗ ਹੋਵੇਗਾ ਉਪਰੰਤ ਸ਼ਾਮ 7 ਵਜੇ ਦੇ ਕਰੀਬ ਮਾਤਾ ਰਾਣੀ ਜੀ ਦਾ ਅਤੁੱਟ ਲੰਗਰ ਭੰਡਾਰਾ ਵਰਤਾਇਆ ਜਾਵੇਗਾ। ਜਾਗਰਣ ਦੀ ਸ਼ੁਰੂਆਤ ਹੈਪੀ ਮਹੰਤ ਸਾਹਨੀ ਵੱਲੋਂ ਕੀਤੀ ਜਾਵੇਗੀ! ਪੰਜਾਬ ਦੇ ਮਸ਼ਹੂਰ ਗਾਇਕ ਵਿੱਕੀ ਸ਼ਰਮਾ ਹੁਸ਼ਿਆਰਪੁਰੀ ਸਾਰੀ ਰਾਤ ਮਾਤਾ ਰਾਣੀ ਦੀ ਮਹਿਮਾ ਦਾ ਗੁਣਗਾਨ ਕਰਨਗੇ! ਇਹ ਵਿਸ਼ਾਲ ਜਾਗਰਣ ਸਮੂਹ ਸਾਧ ਸੰਗਤ ਪਿੰਡ ਡਰੋਲੀ ਕਲਾਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

## ਬਾਬਾ ਸਾਹਿਬ ਦੀ ਬਦੌਲਤ ਅੱਜ ਔਰਤ ਆਜ਼ਾਦੀ ਦਾ ਅਨੰਦ ਮਾਣ ਰਹੀ : ਚੌਹਾਨ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਦੀਆਂ ਤੋਂ ਗੁਲਾਮ ਔਰਤ ਜੇਕਰ ਅੱਜ ਆਜ਼ਾਦੀ ਦਾ ਅਨੰਦ ਮਾਣ ਰਹੀ ਹੈ ਤਾਂ ਇਹ ਬਾਬਾ ਸਾਹਿਬ ਅੰਬੇਡਕਰ ਜੀ ਦੀ ਦੇਣ ਕਰਕੇ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਪਿੰਡ ਕਰੀਮਪੁਰ ਵਿਖੇ ਬਾਬਾ ਸਾਹਿਬ ਦੇ ਜਨਮ ਦਿਨ ਸਮਾਗਮ ਵਿੱਚ ਕੀਤਾ।ਉਹਨਾਂ



ਦੱਸਿਆ ਬਾਬਾ ਸਾਹਿਬ ਨੂੰ ਜਿਥੇ ਜਾਤ-ਪਾਤ ਉਚ ਨੀਚ ਤੇ ਭਿੰਨ ਭੇਦ ਦੇ ਸ਼ਿਕਾਰ ਹੋਣਾ ਪਿਆ ਉਥੇ ਆਰਥਿਕ ਤੰਗੀਆਂ ਨੇ ਵੀ ਉਨ੍ਹਾਂ ਦਾ ਪਿੱਛਾ ਨਾ ਛੱਡਿਆ।ਬਾਬਾ ਸਾਹਿਬ ਨੇ ਸਮਤਾ, ਸਵਤੰਤਰਤਾ ਤੇ ਭਾਈਚਾਰੇ 'ਤੇ ਆਧਾਰਿਤ ਦੇਸ਼ ਨੂੰ ਸੰਵਿਧਾਨ ਦਿੱਤਾ । ਇਸ ਮੌਕੇ ਪ੍ਰਿੰਸੀਪਲ ਰਜਿੰਦਰ ਕੁਮਾਰ ਨੇ ਦੱਸਿਆ ਕਿ ਬਾਬਾ ਸਾਹਿਬ ਡਾਕਟਰ ਅੰਬੇਡਕਰ ਵਿਸ਼ਵ ਦੇ ਛੇ ਵਿਦਵਾਨਾਂ ਵਿੱਚੋਂ ਇੱਕ ਸਨ। ਮਾਸਟਰ ਸੰਦੀਪ ਕੁਮਾਰ ਬਾਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਾਬਾ ਸਾਹਿਬ ਨੇ ਨਾਅਰਾ ਦਿੱਤਾ 'ਸਿਖਿਅਤ ਬਣੋ,ਸੰਘਰਸ਼ ਕਰੋ,ਸੰਗਠਿਤ ਹੋਵੋ' ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਓ ਤਾਂ ਹੀ ਜਿੰਦਗੀ ਦੀ ਹਰ ਸਮੱਸਿਆ ਦਾ ਹੱਲ ਕੱਢਿਆ ਜਾ ਸਕਦਾ ਹੈ।ਸਿੱਖਿਆ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਗਿਆ।ਮਾਸਟਰ ਕਿਸ਼ਨ ਦੇਵ, ਸੁਖਦੇਵ ਨਵਾਂਸ਼ਹਿਰ, ਮਨਜੀਤ ਕੌਰ ਸਰਪੰਚ, ਕਿਸ਼ਨ ਲਾਲ ਸਾਬਕਾ ਸਰਪੰਚ ਅਵਤਾਰ ਚੰਦ,ਭਜਨ ਕੌਰ ਮੈਂਬਰ ਪੰਚਾਇਤ ਸੁਰਜੀਤ ਰਾਮ ਨੇ ਵੀ ਸੰਬੋਧਨ ਕੀਤਾ।

## 108 ਬੋਤਲਾਂ ਸ਼ਰਾਬ ਸਮੇਤ ਕਾਬੂ, ਦੂਜਾ ਫਰਾਰ

**ਫਿਲੌਰ (ਨਿਰਮਲ)**- ਥਾਣਾ ਫਿਲੌਰ ਦੇ ਥਾਣੇਦਾਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਸੂਚਨਾ ਦੇ ਅਧਾਰ 'ਤੇ ਪੁਲਸ ਨੂੰ ਪਤਾ ਲੱਗਾ ਕਿ ਕੁਝ ਵਿਅਕਤੀ ਨਜਾਇਜ਼ ਤੌਰ 'ਤੇ ਸ਼ਰਾਬ ਵੇਚ ਰਹੇ ਹਨ। ਇਸ ਉਪਰੰਤ ਉਨ੍ਹਾਂ



ਆਪਣੀ ਟੀਮ ਸਮੇਤ ਮੌਕੇ 'ਤੇ ਛਾਪਾ ਮਾਰਿਆ। ਛਾਪੇ ਦੌਰਾਨ ਇੱਕ ਵਿਅਕਤੀ ਨੂੰ ਕਾਬੂ ਕਰ ਲਿਆ ਗਿਆ, ਜਦਕਿ ਦੂਜਾ ਵਿਅਕਤੀ ਮੌਕੇ ਤੋਂ ਫਰਾਰ ਹੋ ਗਿਆ। ਫੜੇ ਗਏ ਵਿਅਕਤੀ ਦੀ ਪਛਾਣ ਰਿਤਿਕ ਪੁੱਤਰ ਅਸ਼ੋਕ ਕੁਮਾਰ ਵਾਸੀ ਪੰਚਢੇਰਾਂ, ਫਿਲੌਰ ਵਜੋਂ ਹੋਈ ਹੈ।ਫਰਾਰ ਵਿਅਕਤੀ ਦੀ ਪਛਾਣ ਰਵੀ ਪੁੱਤਰ ਰੌਸ਼ਨ ਲਾਲ ਵਾਸੀ ਅਡੋਨਾ, ਥਾਣਾ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਜੋਂ ਹੋਈ ਹੈ।ਮੌਕੇ ਤੋਂ ਪੁਲਸ ਨੇ 108 ਬੋਤਲਾਂ ਨਜਾਇਜ਼ ਸ਼ਰਾਬ ਵੀ ਬਰਾਮਦ ਕੀਤੀ ਹੈ । ਥਾਣਾ ਫਿਲੌਰ ਵਿੱਚ ਦੋਸ਼ੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ।

## ਦੋਆਬਾ ਯੂਥ ਕਲੱਬ ਵੱਲੋਂ ਚੌਥਾ 'ਸ਼ਾਨ-ਏ-ਸਿੱਖੀ' ਸੁੰਦਰ ਦਸਤਾਰ ਸਜਾਉਣ ਮੁਕਾਬਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦੋਆਬਾ ਯੂਥ ਕਲੱਬ ਰਜਿ. ਹੁਸ਼ਿਆਰਪੁਰ ਵੱਲੋਂ ਪ੍ਰਸਿੱਧ ਸਮਾਜ ਸੇਵੀ ਸੱਚਖੰਡ ਵਾਸੀ ਅਜਵਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ ਚੌਥਾ ਸੁੰਦਰ ਦਸਤਾਰ ਸਜਾਉਣ ਮੁਕਾਬਲਾ 'ਸ਼ਾਨ-ਏ-ਸਿੱਖੀ' ਗੁਰਦੁਆਰਾ ਮਿੱਠਾ ਟਿਵਾਣਾ ਸਾਹਿਬ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਸਿੱਖ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਕਲੱਬ ਪ੍ਰਧਾਨ ਹਰਕਮਲ ਸਿੰਘ ਵਿੱਕੀ ਦੀ ਅਗਵਾਈ ਅਤੇ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਤੰਬੜ ਦੀ ਸਰਪ੍ਰਸਤੀ ਹੇਠ ਕਰਵਾਏ ਇਸ ਸੁੰਦਰ ਦਸਤਾਰ ਮੁਕਾਬਲੇ ਵਿੱਚ ਪੰਜਾਬ ਭਰ 'ਚੋਂ 124 ਪ੍ਰਤੀਯੋਗੀਆਂ ਨੇ ਭਾਗ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਪੰਜਾਬੀ ਗਾਇਕ ਗੁਰਕ੍ਰਿਪਾਲ ਸੂਰਾਪੁਰੀਆ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸੰਤ ਪ੍ਰਿਤਪਾਲ ਸਿੰਘ ਜੀ ਸੇਵਾ ਪੰਥੀ ਗੁਰਦੁਆਰਾ ਮਿੱਠਾ ਟਿਵਾਣਾ, ਜਥੇਦਾਰ ਸੰਤ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ, ਬਾਬਾ ਹਰਦੇਵ ਸਿੰਘ ਤਲਵੰਡੀ ਰਾਈਆਂ, ਸੰਤ ਬਾਬਾ ਅਜੀਤ ਸਿੰਘ ਮਿੱਠਾ ਟਿਵਾਣਾ, ਸੰਤ ਬਾਬਾ ਹਰਮਨਜੋਤ ਸਿੰਘ ਸਿੰਗੜੀਵਾਲਾ, ਗਿਆਨੀ ਤਰਲੋਚਨ ਸਿੰਘ ਵਿਰਕਤਾਂ, ਬਾਬਾ ਹਰਅਵਤਾਰ ਸਿੰਘ ਸਮਾਧਾਂ, ਸੰਤ ਬਲਬੀਰ ਸਿੰਘ ਬਿਰਧ ਆਸ਼ਰਮ ਹਰਿਆਣਾ ਨੇ ਸ਼ਿਰਕਤ ਕੀਤੀ । ਤਿੰਨ ਵੱਖ ਵੱਖ ਉਮਰ ਵਰਗਾਂ ਵਿੱਚ ਕਰਵਾਏ ਗਏ ਮੁਕਾਬਲਿਆਂ ਦੇ ਪ੍ਰਤੀਯੋਗੀਆਂ ਵਿਚੋਂ ਜੇਤੂਆਂ ਦੀ ਚੋਣ ਜਸਵਿੰਦਰ ਸਿੰਘ ਪਰਮਾਰ, ਜਸਪਾਲ ਸਿੰਘ, ਅਵਤਾਰ ਸਿੰਘ ਜੌਹਲ, ਸੰਤੋਖ



ਸਿੰਘ ਔਜਲਾ, ਸੁਖਵੰਤ ਸਿੰਘ, ਅਮਰਜੀਤ ਸਿੰਘ ਨੀਲਾ ਨਲੋਆ, ਬਲਜਿੰਦਰ ਸਿੰਘ 'ਤੇ ਅਧਾਰਿਤ ਜੱਜਾਂ ਦੇ ਪੈਨਲ ਵੱਲੋਂ ਜੱਜ ਸਹਿਬਾਨ ਦੀ ਸੇਵਾ ਨਿਭਾਈ । ਇਸ ਸ਼ਾਨ-ਏ-ਸਿੱਖੀ ਦਸਤਾਰ ਮੁਕਾਬਲੇ ਦੌਰਾਨ 8 ਤੋਂ 12 ਸਾਲ ਉਮਰ ਵਰਗ ਵਿੱਚ ਪਹਿਲਾ ਇਨਾਮ ਹੁਸਨਪ੍ਰੀਤ ਸਿੰਘ, ਦੂਸਰਾ ਜਸਕਰਨ ਸਿੰਘ ਅਤੇ ਤੀਸਰਾ ਇਨਾਮ ਅਮਿਤੋਜ ਸਿੰਘ, ਚੌਥਾ ਇਨਾਮ ਹਰਕੀਰਤ ਸਿੰਘ, ਪੰਜਵਾਂ ਦਮਨਪ੍ਰੀਤ ਸਿੰਘ ਨੇ ਹਾਸਲ ਕੀਤਾ ਅਤੇ 13 ਤੋਂ 16 ਸਾਲ ਉਮਰ ਵਰਗ ਵਿੱਚ ਪਹਿਲਾ ਇਨਾਮ ਸੁਖਜੋਤ ਸਿੰਘ, ਦੂਜਾ ਮਨਵੀਰ ਸਿੰਘ, ਤੀਜਾ ਜੋਬਨਜੀਤ ਸਿੰਘ, ਚੌਥਾ ਹਰਮਨਜੋਤ ਸਿੰਘ, ਪੰਜਵਾਂ ਇਨਾਮ ਹਰਸ਼ਪ੍ਰੀਤ ਸਿੰਘ ਨੂੰ ਮਿਲਿਆ। ਇਸੇ ਤਰ੍ਹਾਂ ਲੜਕੀਆਂ ਦੇ ਸੁੰਦਰ ਦੁਮਾਲਾ ਸਜਾਉਣ ਮੁਕਾਬਲਿਆਂ ਵਿੱਚ ਪਹਿਲਾ ਇਨਾਮ ਸਾਹਿਬਪ੍ਰੀਤ ਕੌਰ, ਦੂਜਾ ਪ੍ਰਭਨੂਰ ਕੌਰ ਅਤੇ ਤੀਜਾ ਇਨਾਮ ਅਗਮਜੋਤ ਕੌਰ ਨੇ ਹਾਸਲ ਕੀਤਾ । ਸੁੰਦਰ ਦਸਤਾਰ ਸਜਾਉਣ ਮੁਕਾਬਲੇ 'ਚ ਪਹਿਲੇ ਸਥਾਨ 'ਤੇ ਰਹਿਣ ਵਾਲੇ ਪ੍ਰਤੀਯੋਗੀ ਨੂੰ 5100 ਨਗਦ ਇਨਾਮ, ਦੂਜੇ 'ਤੇ 4100 ਨਗਦ, ਤੀਜੇ 'ਤੇ 3100 ਨਗਦ ਇਨਾਮ ਚੌਥੇ 'ਤੇ 2100 ਅਤੇ ਪੰਜਵੇਂ ਸਥਾਨ 'ਤੇ 1100 ਰੁਪਏ ਨਗਦ ਇਨਾਮ ਦਿੱਤੇ ਗਏ। ਸਪੈਸ਼ਲ ਪ੍ਰਾਇਜ਼ 11000 ਰੁਪਏ ਨਗਦ ਇਨਾਮ ਪ੍ਰਭਜੋਤ ਸਿੰਘ ਵਿਦਿਆਰਥੀ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਮਾਹਿਲਪੁਰ ਨੂੰ ਦਿੱਤਾ ਗਿਆ । ਇਸ ਤੋਂ ਇਲਾਵਾ ਦਸਤਾਰ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਹਰ ਪ੍ਰਤੀਯੋਗੀ ਨੂੰ ਉਨਾਂ ਦੀ ਮਨਪਸੰਦ ਇਕ-ਇੱਕ ਦਸਤਾਰ ਅਤੇ ਵਿਸ਼ੇਸ਼ ਤੋਹਫਾ ਵੀ ਦਿੱਤਾ ਗਿਆ । ਇਸ ਮੌਕੇ ਮੁੱਖ ਮਹਿਮਾਨ ਗੁਰਕ੍ਰਿਪਾਲ ਸੂਰਾਪੁਰੀਆ ਨੇ ਕਿਹਾ ਕਿ ਦੋਆਬਾ ਯੂਥ ਕਲੱਬ ਵੱਲੋਂ ਕਰਵਾਇਆ ਜਾ ਰਿਹਾ ਉਪਰਾਲਾ ਬਹੁਤ ਸ਼ਲਾਘਾਯੋਗ ਹੈ। ਸੁਖਵਿੰਦਰ ਸਿੰਘ ਸਟੀਫਨ ਨੇ ਦੱਸਿਆ ਕਿ ਦੋਆਬਾ ਯੂਥ ਕਲੱਬ ਵੱਲੋਂ ਗਰੀਬ ਬੱਚਿਆਂ ਦੀ ਸ਼ਾਦੀ, ਦਸਤਾਰ ਮੁਕਾਬਲੇ ਕਰਵਾਉਣੇ, ਗਰੀਬ ਬੱਚਿਆਂ ਦੀਆਂ ਫੀਸਾਂ ਦੇਣੀਆਂ, ਖ਼ੂਨਦਾਨ ਕੈਂਪ ਲਗਾਉਣੇ ਨਿਰੰਤਰ ਜਾਰੀ ਹਨ । ਇਸ ਮੌਕੇ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਐਮ ਐਲ ਏ ਦਸੂਆ, ਜਤਿੰਦਰ ਸਿੰਘ ਲਾਲੀ ਬਾਜਵਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਤਵੰਤ ਸਿੰਘ ਸਿਆਣ ਸੂਬਾ ਜੁਆਇੰਟ ਸਕੱਤਰ ਆਮ ਆਦਮੀ ਪਾਰਟੀ, ਸਰਬਜੀਤ ਸਿੰਘ ਬਡਵਾਲ ਚੇਅਰਮੈਨ ਮੀਰੀਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ, ਬਰਿੰਦਰ ਸਿੰਘ ਪਰਮਾਰ, ਮਨਦੀਪ ਸਿੰਘ ਗਿੱਲ ਵੁਡਲੈਂਡ ਸਕੂਲ, ਪ੍ਰਿੰਸੀਪਲ ਡਾ. ਜਸਪਾਲ ਸਿੰਘ ਗੜ੍ਹਦੀਵਾਲਾ, ਹਰਵਿੰਦਰ ਸਿੰਘ ਯੂ ਐਸ ਏ ਦੇ ਮਾਤਾ ਬੀਬੀ ਨਿਰਮਲ ਕੌਰ, ਜਗਮੀਤ ਸਿੰਘ ਸੇਠੀ ਪ੍ਰਧਾਨ ਭਾਈ ਘਨਈਆ ਜੀ ਵੈਲਫ਼ੇਅਰ ਸੁਸਾਇਟੀ ਹੁਸ਼ਿਆਰਪੁਰ, ਆਦਿ ਨੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ । ਗੁਰਪ੍ਰੀਤ ਸਿੰਘ ਤੰਬੜ ਪ੍ਰਧਾਨ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਨੇ ਆਈਆਂ ਸਾਰੀਆਂ ਸ਼ਖ਼ਸੀਅਤਾਂ ਅਤੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ। ਇਸ ਮੌਕੇ ਦੁਆਬਾ ਯੂਥ ਕਲੱਬ ਦੇ ਪ੍ਰਧਾਨ ਹਰਕਮਲ ਸਿੰਘ ਵਿੱਕੀ, ਵਾਈਸ ਚੇਅਰਮੈਨ ਸੁਖਵਿੰਦਰ ਸਿੰਘ ਸਟੀਫਨ, ਜਨਰਲ ਸਕੱਤਰ ਮਨਮੀਤ ਸਿੰਘ ਪਲਾਹਾ, ਪ੍ਰੋ. ਗੁਰਪ੍ਰੀਤ ਸਿੰਘ ਸੇਠੀ ਕੈਸ਼ੀਅਰ, ਪਰਦੀਪ ਸਿੰਘ ਬੱਸਣ, ਡਾਕਟਰ ਮਨਜੀਤ ਸਿੰਘ ਸੇਠੀ, ਚਰਨਜੀਤ ਸਿੰਘ, ਪ੍ਰਭਜੋਤ ਸਿੰਘ ਕਲਸੀ, ਰਮਨਪ੍ਰੀਤ ਸਿੰਘ ਪ੍ਰਿੰਸ, ਸਾਵਨਪ੍ਰੀਤ ਸਿੰਘ, ਰਵਿੰਦਰ ਸਿੰਘ ਬਾਜਵਾ, ਸੁਖਜਿੰਦਰ ਸਿੰਘ ਔਜਲਾ, ਹਾਜ਼ਰ ਸਨ।

## ਨਕੋਦਰ ਹਲਕੇ 'ਚ ਭਰਤੀ ਮੁਹਿੰਮ ਦੀ ਸ਼ੁਰੂਆਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅੱਜ ਮਿਸਲ ਸਤਲੁਜ ਦੇ ਨਕੋਦਰ ਹਲਕੇ ਦੇ ਇੰਚਾਰਜ ਦਵਿੰਦਰ ਸਿੰਘ ਸੰਗੋਵਾਲ



ਵੱਲੋਂ ਅਜੇਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਪਿੰਡ ਬਿਲਗਾ ਖੇਤਰ 'ਚ ਭਰਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਤੇਜਿੰਦਰ ਸਿੰਘ ਪੰਨੂ (ਅਕਾਲੀ ਦਲ 1920), ਹਰਜੀਤ ਸਿੰਘ ਖ਼ਿਜ਼ਰਾਬਾਦ (ਯੂਥ ਪ੍ਰਧਾਨ ਪੁਆਧ), ਅਮਨਪ੍ਰੀਤ ਸਿੰਘ, ਗੁਰਜੀਤ ਸਿੰਘ ਤੇ ਗਗਨਦੀਪ ਸਿੰਘ ਵੀ ਹਾਜ਼ਰ ਰਹੇ।ਇਹ ਭਰਤੀ ਮੁਹਿੰਮ ਇਲਾਕੇ ਦੇ ਨੌਜਵਾਨਾਂ ਨੂੰ ਧਰਮਕ, ਸੰਸਕਾਰਕ ਅਤੇ ਸਮਾਜਿਕ ਜਾਗਰੂਕਤਾ ਵੱਲ ਪ੍ਰੇਰਤ ਕਰੇਗੀ ਅਤੇ ਭਰਤੀ ਮੁਹਿੰਮ ਦੀ ਸਰਗਰਮੀ ਨੂੰ ਹੋਰ ਤੇਜ਼ੀ ਦੇਵੇਗੀ।

## ਦ ਲੈਂਡਮਾਰਕ ਸਕੂਲ ਦਾ ਵੁਸ਼ੂ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਜਲੰਧਰ ਵਿਖੇ ਇਨਡੋਰ ਸਟੇਡੀਅਮ ਵਿੱਚ ਜ਼ਿਲ੍ਹਾ ਪੱਧਰ 'ਤੇ 17ਵੀਂ ਕੁੰਗ - ਫੂ - ਵੁਸ਼ੂ ਮਾਰਸ਼ਲ ਆਰਟ ਦੀ ਚੈਂਪੀਅਨ ਵਿਚ ਦ ਲੈਂਡਮਾਰਕ ਸਕੂਲ ਦੇ




ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਵਿੱਚ ਸਕੂਲ ਦੇ ਬੱਚੇ ਨਵਜੋਤ, ਮੰਨਤਰੂਪ ਕੌਰ ਅਤੇ ਵਿਰਾਜ ਸਿੰਘ ਨੇ ਗੋਲਡ ਤਗਮਾ, ਅਰਮਾਨ ਕੁਮਾਰ, ਕਰਮਨਵੀਰ ਸਿੰਘ, ਏਕਮਨੂਰ ਸਿੰਘ, ਅੰਮ੍ਰਿਤ ਕੌਰ ਅਤੇ ਨਵਨੀਤ ਕੌਰ ਨੇ ਚਾਂਦੀ ਤਗਮਾ ਜਿੱਤ ਕੇ ਸਕੂਲ ਅਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੋਨਮ ਸ਼ਰਮਾ ਨੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਇਸ ਤਰ੍ਹਾਂ ਦੀਆਂ ਖੇਡਾਂ ਆਉਣ ਵਾਲੇ ਸਮੇਂ ਵਿੱਚ ਹੁੰਦੀਆਂ ਰਹਿਣਗੀਆਂ, ਸਕੂਲ ਪਹੁੰਚਣ ਤੇ ਜੇਤੂਆਂ ਅਤੇ ਕੋਚਾਂ ਦਾ ਨਿੱਘਾ ਸਵਾਗਤ ਕੀਤਾ।

## ਰੇਹੜੀ ਵਰਕਰ ਮਈ ਦਿਹਾੜੇ ਦੇ ਸੰਮੇਲਨ 'ਚ ਭਰਨਗੇ ਭਰਵੀਂ ਹਾਜ਼ਰੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਰੇਹੜੀ ਵਰਕਰਜ਼ ਯੂਨੀਅਨ ਪਹਿਲੀ ਮਈ ਨੂੰ ਵਿਸ਼ਵਕਰਮਾ ਮੰਦਰ, ਰਾਹੋਂ ਰੋਡ ਨਵਾਂਸ਼ਹਿਰ ਵਿਖੇ ਇਫਟੂ ਵਲੋਂ ਮਨਾਏ ਜਾ ਰਹੇ ਜ਼ਿਲ੍ਹਾ ਪੱਧਰੀ ਕੌਮਾਂਤਰੀ ਮਜਦੂਰ ਦਿਵਸ ਸਬੰਧੀ ਮਜ਼ਦੂਰ ਸੰਮੇਲਨ ਵਿਚ ਭਰਵੀਂ ਹਾਜ਼ਰੀ ਲਾਵੇਗੀ।ਉਸ ਦਿਨ ਰੇਹੜੀ ਵਰਕਰ ਮੁਕੰਮਲ ਹੜਤਾਲ ਕਰਨਗੇ।ਇਹ ਫੈਸਲਾ ਨਵਾਂਸ਼ਹਿਰ ਵਿਖੇ ਰੇਹੜੀ ਵਰਕਰਾਂ ਭਰਵੀਂ ਮੀਟਿੰਗ ਵਿਚ ਲਿਆ।ਇਸ ਮੀਟਿੰਗ ਵਿਚ ਫਲਾਂ ਦੀਆਂ ਰੇਹੜੀਆਂ ਲਾਉਣ ਵਾਲੇ, ਸਬਜ਼ੀ ਰੇਹੜੀ, ਜੂਸ ਰੇਹੜੀ, ਕੁਲਚਾ ਰੇਹੜੀ ਅਤੇ ਹੋਰ ਕੰਮਕਾਜ ਦੀਆਂ ਰੇਹੜੀਆਂ ਵਾਲੇ 125 ਤੋਂ ਵੀ ਵੱਧ ਵਰਕਰਾਂ ਨੇ ਭਾਗ ਲਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਪੰਜਾਬ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ ਨੇ ਕਿਹਾ ਕਿ ਕੌਮਾਂਤਰੀ ਮਜ਼ਦੂਰ ਦਿਵਸ ਕਿਰਤੀਆਂ ਦਾ ਬਹੁਤ ਹੀ ਮਹੱਤਤਾ ਵਾਲਾ ਇਤਿਹਾਸਕ ਦਿਹਾੜਾ ਹੈ।ਸਾਲ 1886 ਵਿਚ ਅਮਰੀਕਾ ਅੰਦਰ 8 ਘੰਟੇ ਦੀ ਕੰਮ ਦਿਹਾੜੀ ਦੀ ਮੰਗ ਦੇ ਨਾਲ ਹੋਰ ਮੰਗਾਂ ਨੂੰ ਲੈ ਕੇ ਕਿਰਤੀਆਂ ਨੇ ਸੰਘਰਸ਼ ਲੜਿਆ।ਅਮਰੀਕਾ ਦੇ ਸ਼ਿਕਾਗੋ ਸ਼ਹਿਰ ਅੰਦਰ ਹੜਤਾਲ ਅਤੇ ਮੁਜ਼ਾਹਰਾ ਕਰ ਰਹੇ ਕਿਰਤੀਆਂ ਉੱਤੇ ਪੁਲਸ ਨੇ ਗੋਲੀਆਂ ਚਲਾਈਆਂ ਅਤੇ ਹੋਰ ਜਬਰ ਢਾਹਿਆ।ਸੜਕਾਂ ਉੱਤੇ ਡੁੱਲ੍ਹੇ ਕਿਰਤੀਆਂ ਦੇ ਲਹੂ ਨਾਲ ਸਫੈਦ ਝੰਡਾ ਲਹੂ ਨਾਲ ਰੰਗਿਆ ਗਿਆ।ਕਿਰਤੀਆਂ ਦੇ ਇਸ ਸੰਘਰਸ਼ ਅੱਗੇ ਅਮਰੀਕਾ



ਦੀ ਪੂੰਜੀਪਤੀ ਪੱਖੀ ਸਰਕਾਰ ਨੂੰ ਗੋਡੇ ਟੇਕ ਕੇ ਕਿਰਤੀਆਂ ਦੀਆਂ ਮੰਗਾਂ ਮੰਨਣੀਆਂ ਪਈਆਂ।ਜਿਸ ਉਪਰੰਤ ਦੁਨੀਆ ਭਰ ਦੇ ਕਿਰਤੀਆਂ ਨੇ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਵਜੋਂ ਮਨਾਉਣਾ ਸ਼ੁਰੂ ਕੀਤਾ।ਆਗੂਆਂ ਕਿਹਾ ਕਿ ਅੱਜ ਕੌਮੀ ਪੱਧਰ ਅਤੇ ਕੌਮਾਂਤਰੀ ਪੱਧਰ ਉੱਤੇ ਕਿਰਤੀ ਵਰਗ ਅੱਗੇ ਬੜੀਆਂ ਵੱਡੀਆਂ ਚੁਣੌਤੀਆਂ ਹਨ।ਮੋਦੀ ਸਰਕਾਰ ਨੇ ਪਹਿਲੇ ਮਜ਼ਦੂਰ ਪੱਖੀ ਕਿਰਤ ਕਾਨੂੰਨ ਰੱਦ ਕਰਕੇ ਮਜ਼ਦੂਰ ਵਿਰੋਧੀ ਅਤੇ ਪੂੰਜੀਪਤੀ ਪੱਖੀ ਚਾਰ ਕਿਰਤ ਕੋਡ ਲਿਆਂਦੇ ਹਨ ਜੋ ਕਿਰਤੀ ਵਰਗ ਉੱਤੇ ਮੋਦੀ ਸਰਕਾਰ ਦਾ ਬਹੁਤ ਵੱਡਾ ਹਮਲਾ ਹੈ।ਦੇਸ਼ ਵਿਚ ਕੰਮ ਸਥਾਨਾਂ ਦੀ ਅਸੁਰੱਖਿਆ ਨਿੱਤ ਮਜ਼ਦੂਰਾਂ ਦੀਆਂ ਜਾਨਾਂ ਲੈ ਰਹੀ ਹੈ।ਮਾਲਕਾਂ ਖਿਲਾਫ ਕੋਈ ਕਾਰਵਾਈ ਕਰਨ ਦੀ ਥਾਂ ਕੇਂਦਰ ਦੀ ਮੋਦੀ ਸਰਕਾਰ ਅਤੇ ਸੂਬਾ ਸਰਕਾਰਾਂ ਮਾਲਕਾਂ ਦੀ ਪਿੱਠ ਥਾਪੜ ਰਹੀਆਂ ਹਨ।ਇਹ ਸਰਕਾਰਾਂ ਕਿਰਤੀਆਂ, ਕਿਸਾਨਾਂ, ਮੁਲਾਜ਼ਮਾਂ ਦੇ ਪੁਰਅਮਨ ਰੈਲੀਆਂ, ਧਰਨਿਆਂ ਅਤੇ ਮੁਜ਼ਾਹਰਿਆਂ ਉੱਤੇ ਫਾਸ਼ੀਵਾਦੀ ਹੱਲੇ ਬੋਲ ਰਹੀਆਂ ਹਨ।ਸਰਕਾਰਾਂ ਲੋਕਾਂ ਵਿਚ ਧਾਰਮਿਕ ਜਨੂੰਨ ਭੜਕਾ ਕੇ ਉਹਨਾਂ ਦਾ ਧਿਆਨ ਅਸਲੀ ਮੁੱਦਿਆਂ ਤੋਂ ਭਟਕਾ ਕੇ ਪੂੰਜੀਪਤੀਆਂ ਦੀ ਸੇਵਾ ਕਰ ਰਹੀਆਂ ਹਨ।ਮਹਿੰਗਾਈ, ਬੇਰੁਜ਼ਗਾਰੀ,ਭ੍ਰਿਸ਼ਟਾਚਾਰ ਤੋਂ ਦੁਖੀ ਆਮ ਜਨਤਾ ਕਰਾਹ ਰਹੀ ਹੈ। ਉਹਨਾਂ ਮਜ਼ਦੂਰ ਵਰਗ ਨੂੰ ਸੁਚੇਤ ਰਹਿਣ ਅਤੇ ਆਪਣੀ ਤਾਕਤ ਨੂੰ ਜਥੇਬੰਦ ਕਰਕੇ ਆਪਣੇ ਆਪ ਨੂੰ ਤਿੱਖੇ ਸੰਘਰਸ਼ਾਂ ਵਿਚ ਪਾਉਣ ਦਾ ਸੱਦਾ ਦਿੱਤਾ।ਰੇਹੜੀ ਵਰਕਰਾਂ ਨੇ ਮੀਟਿੰਗ ਵਿਚ ਪਹਿਲੀ ਮਈ ਨੂੰ ਮਜ਼ਦੂਰ ਸੰਮੇਲਨ ਵਿਚ ਭਰਵੀਂ ਹਾਜਰੀ ਲਵਾਉਣ ਅਤੇ ਹੋਰ ਮਤਿਆਂ ਨੂੰ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੱਤੀ।ਇਸ ਮੌਕੇ ਕਿਸ਼ੋਰ ਕੁਮਾਰ, ਗੋਪਾਲ, ਰਾਮ, ਰਾਜੂ, ਸੀਤਾ ਰਾਮ, ਤਾਹਿਰ, ਕਪਿਲ, ਹਰੀ ਰਾਮ ਅਤੇ ਹੋਰ ਆਗੂ ਵੀ ਮੌਜੂਦ ਸਨ।

## ਵੱਧ ਤੋਂ ਵੱਧ ਸਕੂਲਾਂ ਨੂੰ ਗ੍ਰਾਂਟਾਂ ਦੇਣ ਦਾ ਭਰੋਸਾ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਅੱਜ ਸਰਕਾਰੀ ਮਿਡਲ ਸਮਾਰਟ ਸਕੂਲ ਇੱਟਾਂ ਬੱਧੀ ਵਿੱਚ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਪੰਜਾਬ ਦੇ ਸਕੂਲਾਂ ਵਿੱਚ ਚੱਲ ਰਹੇ ਵੱਖ ਵੱਖ ਉਸਾਰੀ ਅਤੇ ਵਿੱਦਿਅਕ ਸੁਧਾਰਾਂ ਦੀ ਲੜੀ ਤਹਿਤ ਸਰਕਾਰੀ ਮਿਡਲ ਸਮਾਰਟ ਸਕੂਲ ਇੱਟਾਂ ਬੱਧੀ ਵਿੱਚ ਬਣ ਰਹੀ ਚਾਰਦੀਵਾਰੀ ਦਾ ਉਦਘਾਟਨ ਜੀਤ ਲਾਲ ਭੱਟੀ ਹਲਕਾ ਇੰਚਾਰਜ ਆਦਮਪੁਰ/ ਡਾਇਰੈਕਟਰ ਪਨਬਸ ਪੰਜਾਬ ਨੇ ਕੀਤਾ।ਸਭ ਤੋਂ ਪਹਿਲਾਂ ਸਕੂਲ ਭੋਗਪੁਰ ਬਲਾਕ ਦੇ ਬਲਾਕ ਨੋਡਲ ਅਫਸਰ ਸੁਰਿੰਦਰ ਕੁਮਾਰ ਰਾਣਾ ਅਤੇ ਇੰਚਾਰਜ ਦੀਕਸ਼ਤ ਕੁਮਾਰ ਸਰਕਾਰੀ ਮਿਡਲ ਸਮਾਰਟ ਸਕੂਲ ਇੱਟਾਂ ਬੱਧੀ ਅਤੇ ਰਾਜਵਿੰਦਰ ਕੌਰ ਹੈੱਡ ਟੀਚਰ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਇੱਟਾਂ ਬੱਧੀ ਨੇ ਹਲਕਾ ਇੰਚਾਰਜ ਆਦਮਪੁਰ ਜੀਤ ਲਾਲ ਭੱਟੀ ਨਾਲ ਆਈ ਉਹਨਾਂ ਦੀ ਸਮੂਹ ਟੀਮ ਦਾ ਸਵਾਗਤ ਕੀਤਾ। ਫਿਰ ਪੱਥਰ ਦੀ ਘੁੰਢ ਚੁਕਾਈ ਦੀ ਰਸਮ ਅਦਾ ਕੀਤੀ ਗਈ। ਬਾਅਦ 'ਚ ਜੀਤ ਲਾਲ ਭੱਟੀ ਨੇ ਸਰਕਾਰ ਦੇ ਕੀਤੇ ਕੰਮਾਂ ਦਾ ਬਿਉਰਾ ਸੁਣਾਇਆ ਅਤੇ ਅਗਲੇ ਸਾਲਾਂ ਵਿੱਚ ਵੱਧ ਤੋਂ ਵੱਧ ਸਕੂਲਾਂ ਨੂੰ ਗ੍ਰਾਂਟਾਂ ਦੇਣ ਦਾ ਆਸ਼ਵਾਸਨ ਦਿੱਤਾ।ਇਸ ਪ੍ਰੋਗਰਾਮ ਵਿੱਚ ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਨੇ ਜੀਤ ਲਾਲ ਭੱਟੀ ਨਾਲ ਆਈ ਸਮੂਹ ਟੀਮ ਨੂੰ ਜੀ ਆਇਆ ਆਖਿਆ ਅਤੇ ਮਿਡਲ ਸਕੂਲ ਵਿੱਚ ਇੰਟਰ ਲਾਕ ਟਾਇਲ ਲਗਵਾਉਣ ਦੀ ਤਜਵੀਜ਼ ਰੱਖੀ। ਜਿਸ ਨੂੰ ਭੱਟੀ ਸਾਬ ਦੁਆਰਾ ਜਲਦੀ ਹੀ ਪੂਰਾ ਕਰਨ ਦਾ ਆਸ਼ਵਾਸਨ ਦਿੱਤਾ ਗਿਆ। ਇਸ ਪ੍ਰੋਗਰਾਮ ਵਿੱਚ ਸੁਰਿੰਦਰ ਕੁਮਾਰ ਰਾਣਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ। ਇਸ ਪ੍ਰੋਗਰਾਮ ਦਾ ਅਗਾਜ਼ ਸਕੂਲ ਦੀ ਪੁਰਾਣੀ ਵਿਦਿਆਰਥਣ ਪੂਨਮ ਨੇ ਧਾਰਮਿਕ ਸ਼ਬਦ ਗਾ ਕੇ ਕੀਤਾ। ਅੰਤ ਵਿੱਚ ਇੰਚਾਰਜ, ਐਸ ਐਮ ਸੀ ਚੇਅਰਪਰਸਨ ਅਤੇ ਸਮੂਹ ਅਧਿਆਪਕਾਂ ਵੱਲੋਂ ਜੀਤ ਲਾਲ ਭੱਟੀ ਨੂੰ ਟੋਕਨ ਆਫ ਲਵ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨੋਜ ਭੱਟੀ ਹਲਕਾ ਇੰਚਾਰਜ ਪੰਜਾਬ ਸਿੱਖਿਆ ਕ੍ਰਾਂਤੀ, ਗੁਰਪ੍ਰੀਤ ਸਿੰਘ ਭੋਗਲ ਪੰਜਾਬ ਸਿੱਖਿਆ ਕ੍ਰਾਂਤੀ ਮੈਂਬਰ, ਬਲਾਕ ਪ੍ਰਧਾਨ ਮਦਨ ਸਿੰਘ, ਬਲਾਕ ਪ੍ਰਧਾਨ ਸਤਨਾਮ ਮਨਕੋਟੀਆ, ਬਲਾਕ ਪ੍ਰਧਾਨ ਮਦਨ ਸਿੰਘ, ਬਲਾਕ ਪ੍ਰਧਾਨ ਅਜੈ ਕੁਮਾਰ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਮੈਡਮ ਪੂਨਮ, ਰਵੀ ਕਾਂਤ ਬਲਾਕ ਇੰਚਾਰਜ ਸਿੱਖਿਆ ਵਿਭਾਗ ਹੋਰ ਆਦਿ ਸ਼ਾਮਲ ਸਨ।

## ਦੀ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਨੇ ਮੰਗ ਪੱਤਰ ਦਿੱਤਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**— ਦੀ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਰਜਿ ਪੰਜਾਬ ਇੰਡੀਆ ਵੱਲੋਂ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਸੰਬੰਧੀ ਪਰਮਪ੍ਰੀਤ ਸਿੰਘ ਪੀ ਸੀ ਐਸ ਹੁਸ਼ਿਆਰਪੁਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਪੱਤਰਕਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਸਬੰਧੀ ਸਰਕਾਰੀ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ। ਅਧਿਕਾਰੀਆਂ ਵਲੋਂ



ਤੁਰੰਤ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਗੁਰਵਿੰਦਰ ਸਿੰਘ ਪਲਾਹਾ, ਤਰਸੇਮ ਦੀਵਾਨਾ ਹੁਸ਼ਿਆਰਪੁਰ, ਹਰਵਿੰਦਰ ਸਿੰਘ ਭੁੰਗਰਨੀ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਚੈਅਰਮੈਨ ਚੰਦਰਪਾਲ ਹੈਪੀ ਬਾਬਾ ਮਾਨਾ, ਜਸਵੀਰ ਸਿੰਘ ਪ੍ਰਧਾਨ ਯੂਨਿਟ ਮੇਹਟੀਆਣਾ, ਬਾਬਾ ਦਲਜੀਤ ਸਿੰਘ ਮਾਹਿਲਪੁਰ, ਜਸਵਿੰਦਰ ਸਿੰਘ ਹੀਰ, ਗੁਰਪਾਲ ਸਿੰਘ ਮੇਹਟੀਆਣਾ ਆਦਿ ਹਾਜ਼ਰ ਸਨ।

## ਸੀ ਪੀ ਆਈ ਐੱਮ ਜ਼ਿਲ੍ਹਾ ਜਨਰਲ ਬਾਡੀ ਮੀਟਿੰਗ 25 ਨੂੰ : ਦੌਲਤਪੁਰ

**ਨਵਾਂਸ਼ਹਿਰ, ਬੰਗਾ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਅਵਤਾਰ ਕਲੇਰ)** ਸੀ ਪੀ ਆਈ (ਐਮ) ਜ਼ਿਲ੍ਹਾ ਨਵਾਂਸ਼ਹਿਰ ਦੇ ਸਕੱਤਰ ਸਾਥੀ ਚਰਨਜੀਤ ਸਿੰਘ ਦੌਲਤਪੁਰ ਨੇ ਇੱਕ ਪ੍ਰੈਸ ਬਿਆਨ ਰਾਹੀਂ ਦੱਸਿਆ ਹੈ ਕਿ ਜ਼ਿਲ੍ਹਾ ਨਵਾਂਸ਼ਹਿਰ ਦੀ ਜਨਰਲ ਬਾਡੀ ਮੀਟਿੰਗ 25 ਅਪ੍ਰੈਲ ਨੂੰ ਠੀਕ 10 ਵਜੇ ਘੱਕੇ ਵਾਲ ਭਵਨ ਨਵਾਂਸ਼ਹਿਰ ਵਿਖੇ ਹੋਵੇਗੀ।ਇਸ ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ, ਤਹਿਸੀਲ ਕਮੇਟੀ ਮੈਂਬਰ ਅਤੇ ਬਰਾਂਚ ਸਕੱਤਰ ਹਾਜ਼ਰ ਹੋਣਗੇ।ਇਸ ਮੀਟਿੰਗ ਨੂੰ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਣਗੇ ਅਤੇ 24 ਵੀਂ ਪਾਰਟੀ ਕਾਨਫਰੰਸ ਜਿਹੜੀ ਕਿ ਮਦੁਰਾਈ ਵਿਖੇ ਹੋਈ ਸੀ,ਦੀ ਰਿਪੋਰਟਿੰਗ ਕਰਨਗੇ।

## ਬੇਰੁਜ਼ਗਾਰ ਅਧਿਆਪਕਾਂ 'ਤੇ ਪੁਲਸ ਤਸ਼ੱਦਦ ਦੇ ਵਿਰੋਧ 'ਚ ਸਿੱਖਿਆ ਮੰਤਰੀ ਦਾ ਪੁਤਲਾ ਫੂਕਿਆ



**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਸਾਂਝਾ ਅਧਿਆਪਕ ਮੋਰਚਾ ਦੇ ਸੱਦੇ 'ਤੇ ਅਧਿਆਪਕਾਂ ਨੇ ਬੇਰੁਜ਼ਗਾਰ ਅਧਿਆਪਕਾਂ ਉੱਤੇ ਹੋਏ ਪੁਲਸ ਤਸ਼ੱਦਦ ਦੇ ਵਿਰੋਧ ਵਿੱਚ ਸਿੱਖਿਆ ਮੰਤਰੀ ਪੰਜਾਬ ਦਾ ਪੁਤਲਾ ਫੂਕ ਰੋਸ ਪ੍ਰਗਟ ਕੀਤਾ। ਪੰਜਾਬ ਸਬਾਡੀਨੇਟ ਸਰਵਿਸਿਸ ਫੈਡਰੇਸ਼ਨ (ਪ ਸ ਸ ਫ) ਦੇ ਬੈਨਰ ਹੇਠਾਂ ਪ੍ਰਧਾਨ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਇਹ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵਰਿੰਦਰ ਵਿੱਕੀ, ਜੀ ਟੀ ਯੂ ਪ੍ਰਧਾਨ ਨਰੇਸ਼ ਮਿੱਡਾ, ਜਸਵੀਰ ਤਲਵਾੜਾ, ਸ਼ਸ਼ੀਕਾਂਤ, ਜਸਵਿੰਦਰ ਸਿੰਗਲਾ ਆਦਿ ਨੇ ਬੀਤੇ ਦਿਨੀਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ 'ਤੇ ਸਰਕਾਰ ਦੀ ਸ਼ਹਿ ਉੱਤੇ ਪੁਲਸ ਵੱਲੋਂ ਕੀਤੀ ਵਹਿਸ਼ੀ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਲੋਕਤੰਤਰ ਵਿੱਚ ਹਰੇਕ ਨੂੰ ਆਪਣੀ ਗੱਲ ਰੱਖਣ ਅਤੇ ਗੱਲ ਨਾ ਸੁਣੇ ਜਾਣ 'ਤੇ ਅੰਦੋਲਨ ਕਰਨ ਦਾ ਅਧਿਕਾਰ ਹੈ। ਬੁਲਾਰਿਆਂ ਨੇ ਸਰਕਾਰ ਨੂੰ ਹਿਟਲਰਸ਼ਾਹੀ ਰਵੱਈਆ ਤਿਆਗ ਕੇ ਅੰਦੋਲਨਕਾਰੀ ਅਧਿਆਪਕਾਂ ਨਾਲ ਬੈਠ ਕੇ ਗੱਲਬਾਤ ਰਾਹੀਂ ਮਸਲੇ ਹੱਲ ਕਰਨ ਦੀ ਮੰਗ ਕੀਤੀ ।ਇਸ ਉਪਰੰਤ ਅਧਿਆਪਕਾਂ ਨੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦਾ ਪੁਤਲਾ ਫੂਕ ਕੇ ਰੋਸ ਪ੍ਰਗਟ ਕੀਤਾ ।ਹੋਰਨਾਂ ਤੋਂ ਇਲਾਵਾ ਇਸ ਮੌਕੇ ਦਿਨੇਸ਼ ਕੁਮਾਰ, ਰਾਜਿੰਦਰ ਸਿੰਘ ਟੱਪਾ, ਬਲਵਿੰਦਰ ਸਿੰਘ ਬਿੱਟੂ ਅਤੇ ਯਾਦਵਿੰਦਰ ਹਲੇੜ ਹਾਜ਼ਰ ਸਨ।

## ਡਾ. ਇਸ਼ਾਂਕ ਨੇ ਬੱਚਿਆਂ ਨੂੰ ਆਪਣੇ ਸੁਪਨੇ ਪੂਰੇ ਕਰਨ ਲਈ ਮਿਹਨਤ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਦੇ ਉਦੇਸ਼ ਨਾਲ ਖੇਤਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਗਤੀ ਦਿੰਦੇ ਹੋਏ ਵਿਧਾਇਕ ਡਾ. ਇਸ਼ਾਂਕ ਨੇ ਮਿਡਲ ਸਕੂਲ ਹਰਮੋਯ, ਪ੍ਰਾਇਮਰੀ ਸਕੂਲ ਬਿਹਾਲਾ ਅਤੇ ਹਾਈ ਸਕੂਲ ਬਿਹਾਲਾ ਵਿਖੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਹ ਕੰਮ ਸਿੱਖਿਆ ਕ੍ਰਾਂਤੀ ਅਭਿਆਨ ਦੇ ਅਧੀਨ ਪੂਰੇ ਕੀਤੇ ਗਏ ਹਨ, ਜਿਸਦਾ ਕੁਲ 25.70 ਲੱਖ ਰੁਪਏ ਦੀ ਲਾਗਤ ਆਈ ਹੈ।ਮਿਡਲ ਸਕੂਲ ਹਰਮੋਯ ਵਿੱਚ 8.91 ਲੱਖ ਰੁਪਏ, ਪ੍ਰਾਇਮਰੀ ਸਕੂਲ ਬਿਹਾਲਾ ਵਿੱਚ 15 ਲੱਖ ਰੁਪਏ ਅਤੇ ਹਾਈ ਸਕੂਲ ਬਿਹਾਲਾ 1.79 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਦਾ ਕੰਮ ਕੀਤਾ ਗਿਆ ਸੀ। ਡਾ. ਇਸ਼ਾਂਕ ਨੇ ਇਸ ਮੌਕੇ ਤੇ ਵਿਦਿਅਰਾਥੀਆਂ, ਟੀਚਰਾਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਜੇ ਤੁਸੀਂ ਜ਼ਿੰਦਗੀ ਵਿਚ ਕੁਝ ਵੱਡਾ ਬਣਨਾ ਚਾਹੁੰਦੇ ਹੋ, ਤਾਂ ਸਭ ਤੋਂ ਪਹਿਲਾਂ ਵੱਡੇ ਸੁਪਨੇ ਦੇਖਣੇ ਪੈਣਗੇ।ਆਪਣੇ ਸੁਪਨਿਆਂ ਨੂੰ ਪੂਰਾ ਕਰਨ



ਲਈ ਈਮਾਨਦਾਰੀ ਅਤੇ ਵਫ਼ਾਦਾਰੀ ਨਾਲ ਕੰਮ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਨੂੰ ਪ੍ਰਾਥਮਿਕਤਾ ਦੇ ਰਹੀ ਹੈ ਅਤੇ ਇਸ ਦਿਸ਼ਾ ਵਿੱਚ ਨਵੇ ਭਵਨ ਅਤੇ ਨਵੀਆਂ ਇਮਾਰਤਾਂ, ਸਮਾਰਟ ਕਲਾਸਾਂ, ਸਾਫ਼ ਪੀਣ ਵਾਲੇ ਪਾਣੀ, ਬਾਥਰੂਮ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਉਪਲੱਬਧ ਕਰਵਾਈਆ ਜਾ ਰਹੀਆ ਹਨ ਤਾਂ ਜੋ ਵਿਦਿਆਰਥੀ ਇੱਕ ਬਿਹਤਰ ਵਾਤਾਵਰਣ ਵਿੱਚ ਸਿੱਖਿਆ ਪ੍ਰਾਪਤ ਕਰ ਸਕਣ।ਇਸ ਮੌਕੇ ਬਹੁਤ ਸਾਰੇ ਸਥਾਨਕ ਜਨਤਕ ਨੁਮਾਇੰਦੇ ਚਰੰਜੀ ਲਾਲ, ਗੁਰਪ੍ਰੀਤ ਸਿੰਘ, ਸਰਪੰਚ ਨਵਦੀਪ ਕੌਰ, ਸੰਦੀਪ ਸਿੰਘ, ਅਮਰਜੀਤ ਸਿੰਘ, ਹਰਵਿੰਦਰ ਸਿੰਘ, ਸੁਦੇਸ਼ ਰਾਣੀ, ਸਰਪੰਚ ਨਿਸ਼ਾ ਰਾਣੀ, ਕਰਨੈਲ ਸਿੰਘ, ਗੁਰਪਾਲ ਸਿੰਘ, ਮਨਜਿੰਦਰ ਕੌਰ, ਜ਼ਿਲ੍ਹਾ ਕੌਰ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ, ਕੋਆਰਡੀਨੇਟਰ ਸਤੀਸ਼ ਕੁਮਾਰ ਹੈੱਡ ਟੀਚਰ ਹਰਬਿਲਾਸ, ਅਤੇ ਪਿੰਡ ਵਾਸੀ ਮੌਜੂਦ ਸਨ। ਪ੍ਰੋਗਰਾਮ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਰਾਸ਼ਟਰੀ ਗੀਤ ਅਤੇ ਸਭਿਆਚਾਰਕ ਪ੍ਰੋਗਰਾਮ ਨਾਲ ਖਤਮ ਹੋਇਆ, ਜਿਸ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ।

## ਬੀ ਏ ਭਾਗ ਤੀਜਾ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ

**ਮਾਹਿਲਪੁਰ (ਸ਼ਫ਼ਰੀ)**- ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਬੀ ਏ ਭਾਗ ਦੂਜਾ ਦੇ ਵਿਦਿਆਰਥੀਆਂ ਵੱਲੋਂ ਬੀ ਏ ਭਾਗ ਤੀਜਾ ਦੇ ਵਿਦਿਆਰਥੀਆਂ ਨੂੰ



ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਸਵਾਗਤ ਸ਼ਬਦ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਕਾਲਜ ਵਿੱਚ ਆਪਣੀ ਪੜ੍ਹਾਈ ਕਰਦਿਆਂ ਵਿਦਿਆਰਥੀਆਂ ਦਾ ਸੰਸਥਾ ਨਾਲ ਵਿਸ਼ੇਸ਼ ਮੋਹ ਵੀ ਬਣ ਜਾਂਦਾ ਹੈ। ਉਨ੍ਹਾਂ ਬੀ ਏ ਦਾ ਕੋਰਸ ਪੂਰਾ ਕਰਨ ਜਾ ਰਹੇ ਵਿਦਿਆਰਥੀਆਂ ਨੂੰ ਚੰਗੇਰੇ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਵਿਦਾਇਗੀ ਪਾਰਟੀ ਦੇ ਸ਼ਾਨਦਾਰ ਪ੍ਰਬੰਧ ਲਈ ਬੀਏ ਭਾਗ ਦੂਜਾ ਦੇ ਵਿਦਿਆਰਥੀਆਂ ਦੀ ਹੌਸਲਾ ਅਫ਼ਜਾਈ ਕੀਤੀ ।ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਦੀ ਪੇਸ਼ਕਾਰੀ ਕੀਤੀ ਗਈ ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਆਪਣੀ ਗਾਇਣ ਕਲਾ, ਨਾਚ ਕਲਾ, ਕੋਰੀਓਗਰਾਫੀ ਸਮੇਤ ਹੋਰ ਵੱਖ ਵੱਖ ਸੱਭਿਆਚਾਰਕ ਕਲਾਵਾਂ ਦੀ ਪੇਸ਼ਕਾਰੀ ਨਾਲ ਹਾਜ਼ਰ ਵਿਦਿਆਰਥੀਆਂ ਦਾ ਖ਼ੂਬ ਮਨੋਰੰਜਨ ਕੀਤਾ। ਇਸ ਮੌਕੇ ਬੀਏ ਭਾਗ ਦੂਜਾ ਦੀ ਵਿਦਿਆਰਥਣ ਭਾਵਨਾ ਅਤੇ ਐਮ ਏ ਪੰਜਾਬੀ ਦੇ ਵਿਦਿਆਰਥੀ ਸਾਹਿਲ ਸ਼ਰਮਾ ਅਤੇ ਰਾਜਨ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਇਸ ਮੌਕੇ ਹਾਜ਼ਰ ਸਟਾਫ ਵਿੱਚ ਪ੍ਰੋ ਜਸਵਿੰਦਰ ਸਿੰਘ, ਡਾ. ਦੇਵ ਕੁਮਾਰ, ਡਾ. ਜੇ ਬੀ ਸੇਖੋਂ, ਪ੍ਰੋ ਤਜਿੰਦਰ ਸਿੰਘ, ਡਾ. ਪ੍ਰਭਜੋਤ ਕੌਰ, ਡਾ. ਬਲਵੀਰ ਕੌਰ, ਡਾ. ਤਾਰਾ ਦੇਵੀ, ਪ੍ਰੋ ਕੰਚਨ, ਪ੍ਰੋ ਸੁਰਿੰਦਰ ਨੇ ਵੀ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਗੁੰਮਸ਼ੁਦਾ ਦੇ ਪੋਸਟਰ ਲਾਉਣ ਵਾਲਿਆਂ ਨੂੰ ਚੰਨੀ ਦੀ ਲੋਕਪ੍ਰਿਅਤਾ ਹਜ਼ਮ ਨਹੀਂ ਹੋ ਰਹੀ : ਸ਼ੇਰੋਵਾਲੀਆ, ਡਾ. ਦਾਹੀਆ

**ਸ਼ਾਹਕੋਟ (ਗਿਆਨ ਸੈਦਪੁਰੀ)** ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਦੇ ਗੁੰਮਸ਼ੁਦਾ ਹੋਣ ਦੇ ਲਾਏ ਗਏ ਪੋਸਟਰਾਂ 'ਤੇ ਕਾਂਗਰਸੀ ਆਗੂਆਂ ਨੇ ਤਿੱਖਾ ਪ੍ਰਤੀਕ੍ਰਮ ਪ੍ਰਗਟ ਕੀਤਾ ਹੈ। ਲੰਘੇ ਕੱਲ੍ਹ ਕੁਝ ਵਿਅਕਤੀਆਂ ਵੱਲੋਂ ਐਸ. ਡੀ. ਐਮ. ਦਫ਼ਤਰ ਸ਼ਾਹਕੋਟ ਦੇ ਨੇੜੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਗੁੰਮਸ਼ੁਦਾ ਹੋਣ ਦੇ ਪੋਸਟਰ ਲਾਏ ਗਏ ਸਨ ਇਸ ਸਬੰਧ ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਵਿਧਾਇਕ ਅਤੇ ਕਾਂਗਰਸ ਜ਼ਿਲ੍ਹਾ ਜਲੰਧਰ(ਦਿਹਾਤੀ) ਦੇ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕਿਹਾ ਕਿ ਪੋਸਟਰ ਲਾਉਣਾ ਉਨ੍ਹਾਂ ਵਿਅਕਤੀਆਂ ਦੀ ਕਾਰਸ਼ਾਤਨੀ ਹੈ, ਜੋ ਸਸਤੀ ਸ਼ੋਹਰਤ ਦੇ ਭੁੱਖੇ ਹਨ। ਚਰਨਜੀਤ ਸਿੰਘ ਚੰਨੀ ਸ਼ਾਇਦ ਪੰਜਾਬ ਚੋਂ ਇੱਕੋ ਇੱਕ ਐਮ. ਪੀ. ਹਨ, ਜੋ ਪੰਜਾਬ ਦੇ ਮਸਲਿਆਂ ਨੂੰ ਪਾਰਲੀਮੈਂਟ ਵਿੱਚ ਜ਼ੋਰਦਾਰ ਢੰਗ ਅਤੇ ਤਰਕ ਨਾਲ ਉਠਾਉਂਦੇ ਹਨ। ਪੋਸਟਰ ਲਾਉਣ ਵਾਲਿਆਂ ਨੂੰ ਇਹ ਵੀ ਗਿਆਨ ਨਹੀਂ ਹੈ ਕਿ ਚੰਨੀ ਹੁਰੀਂ ਲਗਭਗ ਹਰ ਤੀਸਰੇ ਦਿਨ ਜਲੰਧਰ ਆਉਂਦੇ ਹਨ। ਉਹ ਲੋਕਾਂ ਦੇ ਮਸਲਿਆਂ ਨੂੰ ਜਾਣ ਸਮਝ ਕੇ ਪਾਰਲੀਮੈਂਟ ਵਿੱਚ ਪੇਸ਼ ਕਰਦੇ ਹਨ।ਇਸੇ ਤਰ੍ਹਾਂ ਕਾਂਗਰਸ ਪਾਰਟੀ ਹਲਕਾ ਨਕੋਦਰ ਦੇ ਇੰਚਾਰਜ ਡਾ. ਨਵਜੋਤ ਸਿੰਘ ਦਾਹੀਆ ਨੇ ਵੀ ਗੁੰਮਸ਼ੁਦਾ ਦੇ ਪੋਸਟਰ ਲਾਉਣ ਵਾਲਿਆਂ ਨੂੰ ਆੜੇ ਹੱਥੀਂ ਲਿਆ। ਡਾ. ਦਾਹੀਆ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਜ਼ਮੀਨ ਨਾਲ ਜੁੜੇ ਹੋਏ ਆਗੂ ਹਨ। ਇਹ ਵੀ ਆਖਿਆ ਜਾ ਸਕਦਾ ਹੈ ਕਿ ਚੰਨੀ ਪੰਜਾਬ ਦੇ ਹਰ ਵਰਗ ਵਿੱਚ ਪ੍ਰਵਾਨਤ ਆਗੂ ਹਨ। ਪਾਰਲੀਮੈਂਟ ਵਿੱਚ ਜੇਕਰ ਉਹ ਕਿਸਾਨ ਮਸਲਿਆਂ ਨੂੰ ਉਠਾਉਂਦੇ ਹਨ ਤਾਂ ਮਜ਼ਦੂਰ ਵਰਗ ਦੇ ਹਿੱਤਾਂ ਨੂੰ ਵੀ ਅੱਖੋਂ ਓਹਲੇ ਨਹੀਂ ਕਰਦੇ। ਇਹ ਗੱਲ ਵੀ ਯਾਦ ਰੱਖਣੀ ਚਾਹੀਦੀ ਹੈ ਕਿ ਚੰਨੀ ਜੇਕਰ ਨਰਮੇ ਵਾਲੇ ਕਿਸਾਨਾਂ ਨੂੰ ਮੁਆਵਜ਼ਾ ਦਿਵਾਉਂਦੇ ਹਨ ਤਾਂ ਉਹ ਨਰਮਾ ਚੁਗਣ ਵਾਲਿਆਂ ਦੇ ਹੋਏ ਨੁਕਸਾਨ ਦੀ ਵੀ ਭਰਪਾਈ ਕਰਵਾਉਂਦੇ ਹਨ। ਦੋਹਾਂ ਕਾਂਗਰਸੀ ਆਗੂਆਂ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਤੇ ਮੌਜੂਦਾ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਦੀ ਲੋਕਪ੍ਰਿਅਤਾ ਨੂੰ ਬ੍ਰਦਾਸ਼ਤ ਨਾ ਕਰਨ ਵਾਲੇ ਵਿਅਕਤੀਆਂ ਨੂੰ ਝੂਠ ਦਾ ਸਹਾਰਾ ਲੈ ਕੇ ਕੁਝ ਵੀ ਹਾਸਲ ਨਹੀਂ ਹੋਵੇਗਾ।


ਜਾਣਕਾਰੀ ਦਿੰਦੇ ਹੋਏ ਲਾਡੀ ਸ਼ੇਰੋਵਾਲੀਆ

# ਰਿਸ਼ਵਤ ਲੈਣ ਦੇ ਦੋਸ਼ ਹੇਠ ਸਹਾਇਕ ਟਾਊਨ ਪਲੈਨਰ ਤੇ ਨਕਸ਼ਾ ਨਵੀਸ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

**ਫਗਵਾੜਾ (ਜਸਵਿੰਦਰ ਢੱਡਾ)** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਸੋਮਵਾਰ ਨੂੰ ਰਾਜ ਕੁਮਾਰ, ਸਹਾਇਕ ਟਾਊਨ ਪਲੈਨਰ (ਏਟੀਪੀ), ਨਗਰ ਨਿਗਮ, ਫਗਵਾੜਾ ਅਤੇ ਫਗਵਾੜਾ ਦੇ ਹੀ ਇੱਕ ਪ੍ਰਾਈਵੇਟ ਨਕਸ਼ਾ ਨਵੀਸ (ਆਰਕੀਟੈਕਟ) ਰਾਜੇਸ਼ ਕੁਮਾਰ ਨੂੰ 50000 ਰੁਪਏ ਰਿਸ਼ਵਤ ਦੀ ਮੰਗ ਕਰਨ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ।ਇਸ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਉਕਤ ਮੁਲਜ਼ਮ ਨੂੰ ਜ਼ਿਲ੍ਹਾ ਕਪੂਰਥਲਾ ਦੇ ਫਗਵਾੜਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਆਰਕੀਟੈਕਟ ਨੇ ਸ਼ਿਕਾਇਤਕਰਤਾ ਤੋਂ 1,50,000 ਰੁਪਏ ਦੀ ਰਿਸ਼ਵਤ ਮੰਗੀ ਹੈ ਤਾਂ ਜੋ ਟਾਊਨ ਪਲਾਨਰ ਤੋਂ ਉਸ (ਸ਼ਿਕਾਇਤਕਰਤਾ) ਦੇ ਘਰ ਦੇ ਨਕਸ਼ੇ ਦੀ ਪ੍ਰਵਾਨਗੀ ਲਈ ਜਾ ਸਕੇ ਪਰ ਸੌਦਾ 50000 ਰੁਪਏ ਵਿੱਚ ਤੈਅ ਹੋਇਆ ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਫ਼ਤੀਸ਼ ਤੋਂ ਬਾਅਦ ਜਲੰਧਰ ਰੇਂਜ ਦੀ ਵਿਜੀਲੈਂਸ ਬਿਊਰੋ ਟੀਮ ਨੇ ਨਕਸ਼ਾ ਨਵੀਸ ਅਤੇ ਏ ਟੀ ਪੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 50000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਉਕਤ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।



# ਪੰਜਾਬ ਦੀਆਂ ਮੰਡੀਆਂ 'ਚ 39.15 ਲੱਖ ਮੀਟ੍ਰਿਕ ਟਨ ਕਣਕ ਦੀ ਹੋਈ ਆਮਦ : ਬਰਸਟ

**ਮੋਹਾਲੀ, (ਗੁਰਜੀਤ ਬਿੱਲਾ)** - ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਅਤੇ ਖਰੀਦ ਦੇ ਕਾਰਜ ਜ਼ੋਰਾਂ ਨਾਲ ਚੱਲ ਰਹੇ ਹਨ। ਮੰਡੀਆਂ ਵਿੱਚ ਕੀਤੇ ਪ੍ਰਬੰਧਾਂ ਸਦਕਾ ਕਿਸੇ ਨੂੰ ਵੀ ਕੋਈ ਸਮੱਸਿਆਵਾਂ ਨਹੀਂ ਆਉਣ ਦਿੱਤੀ ਜਾ ਰਹੀ। ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 39.15 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 35.09 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਹਾੜੀ ਸੀਜ਼ਨ 2025-26 ਦੌਰਾਨ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਦੀ ਸਹੂਲਤ ਨੂੰ ਮੁੱਖ ਰਖਦੇ ਹੋਏ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 39.15 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਅਤੇ 35.09 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਵੀ ਹੋ ਚੁੱਕੀ ਹੈ, ਜਿਸ ਵਿੱਚੋਂ 31.34 ਲੱਖ ਮੀਟ੍ਰਿਕ ਟਨ ਕਣਕ ਦੀ ਸਰਕਾਰੀ ਅਤੇ 3.75 ਲੱਖ ਮੀਟ੍ਰਿਕ ਟਨ ਕਣਕ ਦੀ ਪ੍ਰਾਈਵੇਟ ਪੱਧਰ ਤੇ ਖਰੀਦ ਕੀਤੀ ਜਾ ਚੁੱਕੀ ਹੈ। ਸ. ਬਰਸਟ ਨੇ ਦੱਸਿਆ ਹੈ ਕਿ 20 ਅਪ੍ਰੈਲ ਨੂੰ ਸੂਬੇ ਦੀਆਂ ਮੰਡੀਆਂ ਵਿੱਚ 10.12 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ 9.59 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ। ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਵੱਲੋਂ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1865 ਪੱਕੀਆਂ ਮੰਡੀਆਂ ਘੋਸ਼ਿਤ ਕੀਤੀਆਂ ਗਈਆਂ ਹਨ। ਜਿਨ੍ਹਾਂ ਵਿੱਚ 152 ਮੁੱਖ ਯਾਰਡ, 285 ਸਬ-ਯਾਰਡ ਅਤੇ 1428 ਖਰੀਦ ਕੇਂਦਰ ਆਉਂਦੇ ਹਨ। ਇਸ ਦੇ ਨਾਲ ਹੀ 903 ਆਰਜੀ ਮੰਡੀਆਂ ਘੋਸ਼ਿਤ ਕੀਤੀਆਂ ਜਾ ਚੁੱਕੀਆਂ ਹਨ।

# ਕਿਰਾਏਦਾਰਾਂ, ਨੌਕਰਾਂ ਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਥਾਣੇ ਨੂੰ ਦੇਣਾ ਲਾਜ਼ਮੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਕੋਮਲ ਮਿੱਤਲ ਨੇ 'ਦ ਭਾਰਤੀਯ ਨਾਗਰਿਕ ਸੁਰੱਖਿਆ ਸੰਹਿਤਾ, 2023 (46 ਆਫ 2023) ਦੇ ਚੈਪਟਰ 11, ਅਧੀਨ ਧਾਰਾ 163, ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਸਥਿਤ ਮਿਊਂਸਪਲ ਕੌਂਸਲਾਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਆਪਣੇ ਘਰ ਵਿੱਚ ਜਦੋਂ ਕਿਰਾਏਦਾਰ/ ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ, ਇੱਕ ਹਫ਼ਤੇ ਦੇ ਵਿੱਚ-ਵਿੱਚ ਨੇੜਲੇ ਪੁਲਸ ਥਾਣੇ ਨੂੰ ਦੇਣਾ ਯਕੀਨੀ ਬਣਾਏਗਾ। ਇਹ ਹੁਕਮ ਉਨ੍ਹਾਂ 'ਤੇ ਵੀ ਲਾਗੂ ਹੋਵੇਗਾ, ਜਿਨ੍ਹਾਂ ਨੇ ਪਹਿਲਾਂ ਤੋਂ ਹੀ ਰੱਖੇ ਹੋਏ ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਵੇਰਵਾ ਹਾਲਾਂ ਤੱਕ ਪੁਲਸ ਨੂੰ ਨਹੀਂ ਦਿੱਤਾ ਹੈ। ਮਨਾਹੀ ਦੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਦੂਜੇ ਰਾਜਾਂ ਅਤੇ ਬਾਹਰਲੇ ਜ਼ਿਲ੍ਹਿਆਂ ਤੋਂ ਬਹੁਤ ਸਾਰੇ ਲੋਕ ਨੌਕਰੀ/ਕੰਮ ਕਾਰ ਵਗੈਰਾ ਕਰਨ ਲਈ ਆਉਂਦੇ ਹਨ। ਇਸ ਤੋਂ ਇਲਾਵਾ ਹੋਰ ਵਿਦਿਅਕ ਅਦਾਰਿਆਂ/ਸੰਸਥਾਵਾਂ ਵਿੱਚ ਪੜ੍ਹਾਈ ਲਈ ਦੂਜੇ ਰਾਜਾਂ ਤੋਂ ਵਿਦਿਆਰਥੀ/ਸਿਖਿਆਰਥੀ, ਵੱਖ-ਵੱਖ ਕਿੱਤਿਆਂ/ਕਾਰੋਬਾਰਾਂ ਨਾਲ ਸਬੰਧਤ ਵਿਅਕਤੀ ਬਤੌਰ ਪੇਇੰਗ ਗੈਸਟ ਅਤੇ ਕਾਲ ਸੈਂਟਰਾਂ ਵਿੱਚ ਸਰਵਿਸ ਕਰ ਰਹੇ ਕਰਮਚਾਰੀ ਵੀ ਕਿਰਾਏ 'ਤੇ ਰਹਿ ਰਹੇ ਹਨ। ਇਨ੍ਹਾਂ ਵਿੱਚੋਂ ਕਈ ਵਿਅਕਤੀ ਨਸ਼ੇ, ਅਸਮਾਜਿਕ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੀਆਂ ਥਾਂਵਾਂ ਅਤੇ ਜਨਤਕ ਸਥਾਨਾਂ 'ਤੇ ਹੁੜਦੰਗ ਮਚਾਉਂਦੇ ਹਨ। ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਸ ਕੋਲ ਦਰਜ ਨਹੀਂ ਕਰਵਾਈ ਜਾਂਦੀ, ਜਿਸ ਕਰਕੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।

# 26 ਲੱਖ ਦੀ ਲਾਗਤ ਨਾਲ 5 ਸਕੂਲਾਂ ਅੰਦਰ ਵਿਕਾਸ ਕਾਰਜਾਂ ਦੇ ਉਦਘਾਟਨ



**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ )** ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੇ ਕਾਇਆ ਕਲਪ ਮੁਹਿੰਮ ਵਿੱਚ 5 ਹੋਰ ਸਰਕਾਰੀ ਸਕੂਲਾਂ ਅੰਦਰ 26 ਲੱਖ ਰੁਪੈ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ ।ਫਗਵਾੜਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਚਾਚੋਕੀ ਤੇ ਸਰਕਾਰੀ ਪ੍ਰਾਇਮਰੀ ਸਕੂਲ ਰਵਿਦਾਸ ਨਗਰ ਵਿਖੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸਾਇੰਸ ਲੈਬਾਂ ਤੇ ਐਡੀਸ਼ਨਲ ਕਲਾਸ ਰੂਮਾਂ ਦਾ ਲੋਕ ਅਰਪਣ ਕੀਤਾ ।ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਰਾਹੀਂ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਜਿਸ ਨਾਲ ਨਾ ਸਿਰਫ ਬੁਨਿਆਦੀ ਢਾਂਚੇ ਵਿਚ ਸੁਧਾਰ ਹੋ ਰਿਹਾ ਹੈ ਸਗੋਂ ਪੜ੍ਹਾਈ ਲਈ ਵਿਦਿਆਰਥੀਆਂ ਨੂੰ ਅਤਿ ਆਧੁਨਿਕ ਸਹੂਲਤਾਂ ਵੀ ਸਰਕਾਰੀ ਸਕੂਲਾਂ ਵਿਚ ਮਿਲ ਰਹੀਆਂ ਹਨ ।ਉਨ੍ਹਾਂ ਦੱਸਿਆ ਕਿ ਸਿੱਖਿਆ ਕ੍ਰਾਂਤੀ ਤਹਿਤ ਕਪੂਰਥਲਾ ਜ਼ਿਲ੍ਹੇ ਵਿੱਚ ਲਗਭਗ 120 ਸਰਕਾਰੀ ਸਕੂਲਾਂ ਅੰਦਰ ਵਿਕਾਸ ਕੰਮਾਂ ਦੇ ਉਦਘਾਟਨ ਹੋ ਚੁੱਕੇ ਹਨ ।ਜ਼ਿਲ੍ਹੇ ਵਿੱਚ 255 ਸੀਨੀਅਰ ਸੈਕੰਡਰੀ ਸਕੂਲਾਂ ਤੇ 543 ਪ੍ਰਾਇਮਰੀ ਸਕੂਲਾਂ ਅੰਦਰ ਵਿਕਾਸ ਕੰਮ ਕੀਤੇ ਜਾਣਗੇ ।ਕਪੂਰਥਲਾ ਬਲਾਕ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਤਰਲੋਕਪੁਰਾ , ਸਰਕਾਰੀ ਪ੍ਰਾਇਮਰੀ ਸਕੂਲ ਹੋਸਟਲ ਤੇ ਸਰਕਾਰੀ ਮਿਡਲ ਸਕੂਲ ਮਹਿਤਾਬਗੜ੍ਹ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਸੰਦੀਪ ਸੈਣੀ , ਚੇਅਰਮੈਨ ਪੰਜਾਬ ਬੀ ਸੀ ਲੈਂਡ ਡਿਵੈਲਪਮੈਂਟ ਐਂਡ ਫਾਇਨਾਂਸ ਕਾਰਪੋਰੇਸ਼ਨ ਵਲੋਂ ਕੀਤੇ ਗਏ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਅੰਦਰ ਐਡੀਸ਼ਨਲ ਕਲਾਸ ਰੂਮਾਂ , ਸਾਇੰਸ ਲੈਬਾਂ ,ਚਾਰਦੀਵਾਰੀ ਆਦਿ ਦੇ ਕੰਮ ਕਰਵਾਏ ਜਾ ਰਹੇ ਹਨ ।ਇਸ ਮੌਕੇ ਸਾਬਕਾ ਮੰਤਰੀ ਤੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ , ਵਧੀਕ ਡਿਪਟੀ ਕਮਿਸ਼ਨਰ ਫਗਵਾੜਾ ਡਾ. ਅਕਸ਼ਿਤਾ ਗੁਪਤਾ , ਚੇਅਰਮੈਨ ਜਗਜੀਤ ਸਿੰਘ ਬਿੱਟੂ ਤੇ ਹੋਰ ਹਾਜ਼ਰ ਸਨ।

# ਅਗਜ਼ਨੀ ਦੀਆਂ ਘਟਨਾਵਾਂ ਨਾਲ ਨੁਕਸਾਨ ਨੂੰ ਲੈ ਕੇ ਸਰਕਾਰ ਗੰਭੀਰ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਵਿੱਚ ਪਿਛਲੇ ਕੁੱਝ ਦਿਨਾਂ ਵਿੱਚ ਖੇਤਾਂ ਵਿੱਚ ਹੋ ਰਹੀ ਅਚਾਨਕ ਆਗਜਨੀ ਦੀ ਘਟਨਾਵਾਂ ਨਾਲ ਫਸਲਾਂ ਅਤੇ ਪਸ਼ੂਆਂ ਨੂੰ ਹੋਏ ਨੁਕਸਾਨ ਨੂੰ ਲੈ ਕੇ ਸੂਬਾ ਸਰਕਾਰ ਨੇ ਗੰਭੀਰਤਾ ਦਿਖਾਂਦੇ ਹੋਏ ਕਿਸਾਨਾਂ ਨੂੰ ਮੁਆਵਜਾ ਦੇਣ ਦਾ ਫੈਸਲਾ ਲਿਆ ਹੈ। ਇਸ ਸਬੰਧ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇੱਥੇ ਸਿਵਿਲ ਸਕੱਤਰ ਵਿੱਚ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰ ਜਰੂਰੀ ਨਿਰਦੇਸ਼ ਦਿੱਤੇ। ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਲਗਾਤਾਰ ਕਿਸਾਨਾਂ ਦੇ ਹੱਕ ਵਿੱਚ ਫੈਸਲੇ ਲੈ ਰਹੀ ਹੈ। ਸਾਡੀ ਸਰਕਾਰ ਹਰ ਹਾਲ ਵਿੱਚ ਕਿਸਾਨਾਂ ਨਾਲ ਖੜੀ ਹੈ। ਪਿਛਲੇ ਕੁੱਝ ਦਿਨਾਂ ਵਿੱਚ ਸੂਬੇ ਵਿੱਚ ਹੋਈ ਅੱਗਜਨੀ ਦੀ ਘਟਨਾਵਾਂ ਨਾਲ ਫਸਲਾਂ ਅਤੇ ਪਸ਼ੂਆਂ ਸਬੰਧਤ ਜਾਨ-ਮਾਲ ਦਾ ਨੁਕਸਾਨ ਹੋਇਆ ਹੈ, ਜਿਸ ਨਾਲ ਕਿਸਾਨਾਂ ਨੂੰ ਪਰੇਸ਼ਾਨੀ ਦਾ ਸਾਮਨਾ ਕਰਨਾ ਪੈ ਰਿਹਾ ਹੈ। ਇਸ ਲਈ ਸਰਕਾਰ ਨੇ ਫੈਸਲਾ ਲਿਆ ਹੈ ਕਿ ਅਜਿਹੇ ਸਾਰੇ ਪ੍ਰਭਾਵਿਤ ਕਿਸਾਨਾਂ ਨੂੰ ਜਲਦ ਮੁਆਵਜਾ ਦਿੱਤਾ ਜਾਵੇਗਾ।ਮੁੱਖ ਮੰਤਰੀ ਨੇ ਸਾਰੇ ਸੀਨੀਅਰ ਅਧਿਕਾਰੀਆਂ ਨੂੰ ਵੀ ਨਿਰਦੇਸ਼ ਜਾਰੀ ਕੀਤੇ ਹਨ ਕਿ ਉਹ ਅੱਗਜਨੀ ਨਾਲ ਸਬੰਧਤ ਘਟਨਾਵਾਂ ਦੀ ਰਿਪੋਰਟ ਲੈਣ। ਪ੍ਰਭਾਵਿਤ ਕਿਸਾਨ ਸਬੰਧਤ ਡਿਪਟੀ ਕਮੀਸ਼ਨਰਾਂ ਨੂੰ ਅਰਜੀ ਦੇਣ, ਤਾਂ ਜੋ ਉਨ੍ਹਾਂ ਨੂੰ ਜਲਦ ਤੋਂ ਜਲਦ ਮੁਆਵਜਾ ਦੇਣ ਦੀ ਪ੍ਰਕਿਰਿਆ ਲਾਗੂ ਕੀਤੀ ਜਾ ਸਕੇ।ਮੁੱਖ ਮੰਤਰੀ ਨੇ ਕਿਹਾ ਕਿ ਨੁਕਸਾਨ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਆਗਾਮੀ ਫਸਲਾਂ ਦੀ ਬੁਆਈ ਲਈ ਬੀਜ ਅਤੇ ਖਾਦ ਵਿੱਚ ਵੀ ਮਦਦ ਕੀਤੀ ਜਾਵੇਗੀ, ਤਾਂ ਜੋ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਬੋਝ ਨਾ ਝੱਲਣਾ ਪਵੇ।

# ਸੜਕ ਸੁਰੱਖਿਆ ਫੋਰਸ ਦੀ ਟੀਮ ਸਨਮਾਨਤ



**ਫਿਲੌਰ, (ਨਿਰਮਲ)**- ਨਜ਼ਦੀਕੀ ਪਿੰਡ ਦੁਸਾਂਝ ਖੁਰਦ ਵਿਖੇ ਨੌਜਵਾਨ ਸਭਾ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਦੌਰਾਨ ਸੜਕ ਸੁਰੱਖਿਆ ਫੋਰਸ,ਗੁਰਾਇਆ ਦੇ ਇੰਚਾਰਜ ਏਐਸਆਈ ਜਸਵਿੰਦਰ ਸਿੰਘ ਅਤੇ ਬਾਕੀ ਟੀਮ ਨੂੰ ਵਧੀਆ ਸੇਵਾਵਾਂ ਪ੍ਰਦਾਨ ਕਰਨ 'ਤੇ ਨੌਜਵਾਨ ਸਭਾ,ਗ੍ਰਾਮ ਪੰਚਾਇਤ ਅਤੇ ਐਨਆਰਆਈ ਵੀਰਾ ਪਿੰਡ ਦੁਸਾਂਝ ਖੁਰਦ,ਜ਼ਿਲ੍ਹਾ ਜਲੰਧਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੌਜਵਾਨ ਸਭਾ ਦੇ ਮੈਂਬਰਾਂ ਨੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਦੀ ਟੀਮ ਦੇ ਕੰਮਾਂ ਨੂੰ ਦੇਖਦਿਆਂ ਅਤੇ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਕਾਰਨ ਸੜਕ ਸੁਰੱਖਿਆ ਫੋਰਸ ਦੀ ਟੀਮ ਨੂੰ ਸਨਮਾਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

## 6 ਗ੍ਰਾਮ ਹੈਰੋਇਨ ਸਮੇਤ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**-ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ 'ਨਸ਼ਿਆਂ ਵਿਰੁੱਧ ਜੰਗ' ਤਹਿਤ, ਥਾਣਾ ਸਿਟੀ ਬਲਾਚੌਰ ਦੇ ਮੁੱਖ ਅਫ਼ਸਰ ਸਬ ਇੰਸਪੈਕਟਰ ਸਤਨਾਮ ਸਿੰਘ ਅਤੇ ਏ.ਐਸ.ਆਈ. ਲਖਵੀਰ ਚੰਦ ਦੀ ਟੀਮ ਨੇ ਰਾਹੁਲ ਕੁਮਾਰ ਪੁੱਤਰ ਬੂਟਾ ਰਾਮ ਵਾਸੀ ਕੰਗਣਾ ਬੇਟ, ਥਾਣਾ ਸਿਟੀ ਬਲਾਚੌਰ ਨੂੰ 6 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀ ਵਿਰੁੱਧ, ਐਫਆਈਆਰ ਨੰ. 54 ਮਿਤੀ 20-4-25 ਨੂੰ ਐਨਡੀਪੀਐਸ ਐਕਟ ਦੀ ਧਾਰਾ 21 ਤਹਿਤ ਸਿਟੀ ਬਲਾਚੌਰ ਪੁਲਸ ਸਟੇਸ਼ਨ ਵਿਖੇ ਦਰਜ ਕੀਤੀ ਗਈ ਹੈ। ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਗੋਇੰਦਵਾਲ ਸਾਹਿਬ ਜੇਲ੍ਹ ਭੇਜਿਆ ਜਾ ਰਿਹਾ ਹੈ।



# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਨੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ

**ਫਿਲੌਰ (ਨਿਰਮਲ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਦੇ ਸੱਦੇ 'ਤੇ ਅੱਜ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਤੋਂ ਪਹਿਲਾਂ ਤਹਿਸੀਲ ਫਿਲੌਰ ਦੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਸਤਵਿੰਦਰ ਸਿੰਘ, ਹਰਮੇਸ਼ ਰਾਹੀ ਦੀ ਅਗਵਾਈ ਵਿੱਚ ਰੋਸ ਰੈਲੀ ਕੀਤੀ ਗਈ। ਜਿਸ ਨੂੰ ਪੰਜਾਬ ਯੂ ਟੀ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਤੇ ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਸੁਰਿੰਦਰ ਪੁਆਰੀ, ਕਰਨੈਲ ਫਿਲੌਰ ਆਦਿ ਨੇ ਸੰਬੋਧਨ ਕੀਤਾ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਤੋਂ ਟਾਲਾ ਵੱਟਣ ਦੀ ਪਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਮੁਲਾਜ਼ਮ ਅਤੇ ਪੈਨਸ਼ਨਰ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਦਾ ਹੱਲ ਕਰਵਾਉਣ ਲਈ ਸੰਘਰਸ਼ ਦੇ ਰਾਹ ਪਏ ਹੋਏ ਹਨ। ਰੋਸ ਪ੍ਰਦਰਸ਼ਨ ਉਪਰੰਤ ਪੰਜਾਬ ਸਰਕਾਰ ਵੱਲੋਂ ਮੀਟਿੰਗ ਦਾ ਸਮਾਂ ਦਿੱਤਾ ਜਾਂਦਾ ਹੈ। ਮੌਕੇ 'ਤੇ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ ਜਾਂਦਾ ਹੈ। ਇਸ ਵਾਰ ਵੀ ਬਜਟ ਸੈਸ਼ਨ ਦੌਰਾਨ 24 ਅਤੇ 25 ਮਾਰਚ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਮੋਹਾਲੀ ਵਿਖੇ ਰੋਹ ਭਰਪੂਰ ਰੋਸ ਪ੍ਰਦਰਸ਼ਨ ਕੀਤੇ ਗਏ ਸਨ, ਜਿਸ ਉਪਰੰਤ ਅਧਿਕਾਰੀਆਂ ਵੱਲੋਂ ਕੈਬਨਿਟ ਸਬ ਕਮੇਟੀ ਨਾਲ 15 ਅਪ੍ਰੈਲ ਨੂੰ ਮੀਟਿੰਗ ਕਰਨ ਦਾ ਸਮਾਂ ਦਿੱਤਾ ਗਿਆ ਸੀ। ਪਰ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਦੇ ਮੀਟਿੰਗ ਲਈ ਦਿੱਤੇ ਸਮੇਂ 'ਤੇ ਪਹੁੰਚਣ ਉਪਰੰਤ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ ਗਿਆ। ਪੰਜਾਬ ਸਰਕਾਰ ਦੇ ਇਸ ਵਤੀਰੇ ਦੇ ਰੋਸ ਵਜੋਂ ਹੀ ਸਾਂਝੇ ਫਰੰਟ ਵੱਲੋਂ 17 ਤੋਂ 22 ਅਪ੍ਰੈਲ ਤੱਕ ਜ਼ਿਲ੍ਹਾ ਪਧਰੀ ਰੋਸ ਪ੍ਰਦਰਸ਼ਨ ਅਤੇ ਪੰਜਾਬ ਸਰਕਾਰ ਦੇ ਪੁਤਲੇ ਫੂਕਣ ਦਾ ਸੱਦਾ ਦਿੱਤਾ ਗਿਆ ਸੀ।ਆਗੂਆਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਦਾ ਝੂਠਾ ਸਰਕਾਰੀ ਡਰਾਮਾ ਕਰ ਰਹੀ ਹੈ ਤੇ ਦੂਜੇ ਪਾਸੇ ਸਕੂਲਾਂ ਵਿੱਚ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਨੌਕਰੀ ਲਈ ਆਰਡਰ ਮੰਗਦੇ ਬੇਰੁਜ਼ਗਾਰ ਅਧਿਆਪਕਾਂ ਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਘਰ ਸਾਹਮਣੇ ਪੁਲਸੀਆ ਜਬਰ ਢਾਇਆ ਜਾ ਰਿਹਾ ਹੈ। ਜਿਸ ਦੀ ਆਗੂਆਂ ਨੇ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਆਗੂਆਂ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਛੇਵੇਂ ਤਨਖਾਹ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਕਰਨ, 1-1-2004 ਤੋਂ ਭਰਤੀ ਸਮੁੱਚੇ ਸਰਕਾਰੀ, ਅਰਧ ਸਰਕਾਰੀ, ਬੋਰਡ, ਕਾਰਪੋਰੇਸ਼ਨ, ਲੋਕਲ ਬਾਡੀਜ਼ ਅਤੇ ਸਹਿਕਾਰੀ ਅਦਾਰਿਆਂ ਦੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਵੱਖ ਵੱਖ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਸੁਸਾਇਟੀਆਂ, ਕੇਂਦਰੀ ਸਕੀਮਾਂ ਅਤੇ ਲੋਕਲ ਬਾਡੀਜ਼ ਦੇ ਵਿੱਚ ਕੰਮ ਕਰਦੇ ਸਮੂਹ ਠੇਕਾ ਆਧਾਰਤ ਡੇਲੀਵੇਜ, ਆਊਟਸੋਰਸ ਅਤੇ ਇਨਲਿਸਟਮੈਂਟ ਕਰਮਚਾਰੀਆਂ ਨੂੰ ਪੱਕੇ ਕਰਨ, ਪੁਨਰ ਗਠਨ ਦੇ ਨਾਂ ਤੇ ਵੱਖ ਵੱਖ ਵਿਭਾਗਾਂ ਵਿੱਚੋਂ ਖਤਮ ਕੀਤੀਆਂ ਹਜ਼ਾਰਾਂ ਅਸਾਮੀਆਂ ਬਹਾਲ ਕਰਦਿਆਂ ਰੈਗੂਲਰ ਭਰਤੀ ਕਰਨ, ਮਿਡ ਡੇ ਮੀਲ ਵਰਕਰਾਂ, ਆਂਗਣਵਾੜੀ, ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਨੂੰ ਸਰਵਉੱਚ ਅਦਾਲਤ ਦੇ ਬਰਾਬਰ ਕੰਮ ਬਰਾਬਰ ਤਨਖਾਹ ਦੇ ਫੈਸਲੇ ਨੂੰ ਲਾਗੂ ਕਰਦਿਆਂ ਪੱਕੇ ਕਰਨ ਅਤੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਨਿਰਧਾਰਤ ਘੱਟੋ ਘੱਟ 18000 ਰੁਪਏ ਮਹੀਨਾ ਤਨਖਾਹ ਦੇਣ, 1-1-2016 ਨੂੰ ਬਣਦਾ 125% ਮਹਿੰਗਾਈ ਭੱਤਾ ਜੋੜ ਕੇ ਤਨਖਾਹ ਅਤੇ ਪੈਨਸ਼ਨ ਦੁਹਰਾਈ ਕਰਨ ਅਤੇ ਬਕਾਏ ਨਗਦ ਰੂਪ ਵਿੱਚ ਦੇਣ, ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕਰਨ, ਸੋਧਣ ਦੇ ਨਾਂ ਤੇ ਬੰਦ ਕੀਤੇ ਸਮੁੱਚੇ ਭੱਤੇ 2.25 ਦੇ ਗੁਣਾਂਕ ਨਾਲ ਵਾਧਾ ਕਰਕੇ ਬਹਾਲ ਕਰਨ, ਤਨਖਾਹ ਕਮਿਸ਼ਨ ਦੀ ਏਸੀਪੀ ਸਬੰਧੀ ਰਹਿੰਦੀ ਰਿਪੋਰਟ ਜਾਰੀ ਕਰਨ, ਘੱਟੋ ਘੱਟ ਤਨਖਾਹ 26000 ਰੁਪਏ ਪ੍ਰਤੀ ਮਹੀਨਾ ਲਾਗੂ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ 258 ਮਹੀਨੇ ਦੇ ਬਕਾਏ ਤੁਰੰਤ ਜਾਰੀ ਕਰਨ, ਕੈਸ਼ ਲੈੱਸ ਹੈਲਥ ਸਕੀਮ ਸੋਧ ਕੇ ਲਾਗੂ ਕਰਨ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਅਦਾਲਤੀ ਫੈਸਲੇ ਜਨਰਲਾਈਜ਼ ਕਰਨ, ਟਰੇਡ ਯੂਨੀਅਨ ਅਧਿਕਾਰਾਂ ਨੂੰ ਕੁਚਲਣ ਵਾਲਾ 1-1-2020 ਦਾ ਮਾਰੂ ਪੱਤਰ ਵਾਪਸ ਲੈਣ, ਸੰਘਰਸ਼ਾਂ ਦੌਰਾਨ ਵੱਖ ਵੱਖ ਥਾਵਾਂ ਤੇ ਦਰਜ ਕੀਤੇ ਝੂਠੇ ਪੁਲਸ ਕੇਸ ਰੱਦ ਕਰਨ ਦੀ ਮੰਗ ਕੀਤੀ।



# ਸਿੱਧੂ ਨੇ ਚੋਣਾਂ ਲਈ ਕਾਂਗਰਸੀ ਵਰਕਰਾਂ ਨੂੰ ਲਾਮਬੰਦ ਕਰਨਾ ਸ਼ੁਰੂ ਕੀਤਾ

**ਮੋਹਾਲੀ, (ਗੁਰਜੀਤ ਬਿੱਲਾ)**—ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਕਾਂਗਰਸੀ ਵਰਕਰਾਂ ਨੂੰ ਲਾਮਬੰਦ ਕਰਨਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਪਿੰਡ ਸਨੇਟਾ ਵਿਖੇ ਆਯੋਜਿਤ ਮੀਟਿੰਗ ਦੌਰਾਨ ਪਰਦੀਪ ਸਿੰਘ ਤੰਗੌਰੀ ਨੂੰ ਬਲਾਕ ਕਾਂਗਰਸ ਕਮੇਟੀ (ਦਿਹਾਤੀ) ਮੋਹਾਲੀ ਦਾ ਨਵਾਂ ਪ੍ਰਧਾਨ ਨਿਯੁਕਤ ਕਰਦਿਆਂ ਨਿਯੁਕਤੀ ਪੱਤਰ ਭੇਂਟ ਕੀਤਾ।ਸਿੱਧੂ ਨੇ ਮੀਟਿੰਗ ਦੌਰਾਨ ਕਿਹਾ ਕਿ ਆਉਣ ਵਾਲੀਆਂ ਚੋਣਾਂ ਕਾਂਗਰਸ ਪਾਰਟੀ ਪੂਰੀ ਤਾਕਤ ਨਾਲ ਲੜੇਗੀ ਅਤੇ ਜਿੱਤ ਹਾਸਲ ਕਰੇਗੀ, ਕਿਉਂਕਿ ਪੰਜਾਬ ਦੇ ਲੋਕ ਮੌਜੂਦਾ ਭਗਵੰਤ ਮਾਨ ਸਰਕਾਰ ਦੀ ਵਾਅਦਾਖਿਲਾਫ਼ੀ ਅਤੇ ਗਲਤ ਨੀਤੀਆਂ ਕਾਰਨ ਨਾਰਾਜ਼ ਹਨ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੋਹਾਲੀ ਹਲਕੇ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਕੋਈ ਵੀ ਵਿਕਾਸੀ ਰਕਮ ਜਾਰੀ ਨਹੀਂ ਕੀਤੀ ਅਤੇ ਨਾਂ ਹੀ ਪਿਛਲੀ ਕਾਂਗਰਸ ਸਰਕਾਰ ਦੇ ਦੌਰਾਨ ਸ਼ੁਰੂ ਹੋਏ ਪ੍ਰੋਜੈਕਟਾਂ ਨੂੰ ਚਾਲੂ ਕੀਤਾ ਹੈ। ਹਸਪਤਾਲਾਂ ਅਤੇ ਸਕੂਲਾਂ ਦੀ ਸਥਿਤੀ 'ਤੇ ਚਿੰਤਾ ਜ਼ਾਹਿਰ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਥਾਵਾਂ 'ਤੇ ਅਜੇ ਤੱਕ ਪੂਰਾ ਸਟਾਫ਼ ਵੀ ਤਾਇਨਾਤ ਨਹੀਂ ਕੀਤਾ ਗਿਆ।ਨਵਨਿਯੁਕਤ ਪ੍ਰਧਾਨ ਪਰਦੀਪ ਸਿੰਘ ਤੰਗੌਰੀ ਨੇ ਆਪਣੇ ਸੰਬੋਧਨ ਵਿਚ ਪਾਰਟੀ ਆਗੂਆਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਜ਼ਿਲ੍ਹਾ ਪ੍ਰੀਸ਼ਦ ਤੇ ਸੰਮਤੀ ਚੋਣਾਂ ਵਿੱਚ ਕਾਂਗਰਸ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਮਿਹਨਤ ਕਰਨਗੇ ਅਤੇ ਹਰ ਇੱਕ ਪਿੰਡ ਵਿੱਚ ਪਾਰਟੀ ਦੀ ਇਕਾਈ ਬਣਾਉਣ ਦਾ ਕੰਮ ਤੁਰੰਤ ਸ਼ੁਰੂ ਕਰ ਦੇਣਗੇ। ਸੀਨੀਅਰ ਕਾਂਗਰਸੀ ਆਗੂ ਹਰਕੇਸ਼ ਚੰਦ ਸ਼ਰਮਾ ਮੱਛਲੀ ਕਲਾਂ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਮੌਕੇ ਮੋਹਾਲੀ ਨਗਰ ਨਿਗਮ ਦੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ, ਸੀਨੀਅਰ ਕਾਂਗਰਸੀ ਆਗੂ ਭਗਤ ਸਿੰਘ ਨਾਮਧਾਰੀ, ਲੇਬਰਫੈੱਡ ਦੇ ਮੀਤ ਚੇਅਰਮੈਨ ਠੇਕੇਦਾਰ ਮੋਹਨ ਸਿੰਘ ਬਠਲਾਣਾ, ਮੁਲਾਜ਼ਮ ਆਗੂ ਲੱਖਾ ਸਿੰਘ, ਹਰੀ ਸਿੰਘ ਬਾਕਰਪੁਰ, ਦਵਿੰਦਰ ਸਿੰਘ ਬਾਕਰਪੁਰ, ਮਨਜੀਤ ਸਿੰਘ ਮੋਟੇ ਮਾਜਰਾ, ਚੌਧਰੀ ਰਾਮ ਈਸ਼ਵਰ ਗੋਬਿੰਦਗੜ੍ਹ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਤੇ ਕਾਂਗਰਸੀ ਵਰਕਰ ਹਾਜ਼ਰ ਸਨ।

## ਕਟਾਰੂਚੱਕ ਵੱਲੋਂ ਦਾਣਾ ਮੰਡੀ ਫਿਲੌਰ ਦਾ ਦੌਰਾ



**ਫਿਲੌਰ (ਨਿਰਮਲ)**- ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਫਿਲੌਰ ਦੀ ਦਾਣਾ ਮੰਡੀ ਦਾ ਦੌਰਾ ਕੀਤਾ ਗਿਆ ਅਤੇ ਉਨ੍ਹਾਂ ਨਾਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਈਸ ਚੇਅਰਮੈਨ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਕਣਕ ਦੀ ਸਰਕਾਰੀ ਖਰੀਦ ਦਾ ਜਾਇਜਾ ਲਿਆ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ 24 ਘੰਟੇ ਅੰਦਰ ਖਰੀਦ ਤੇ ਵੇਚੀ ਗਈ ਫਸਲ ਦੀ ਤੈਅ ਸਮੇਂ ਅੰਦਰ ਅਦਾਇਗੀ ਯਕੀਨੀ ਬਣਾਈ ਗਈ ਹੈ ਤਾਂ ਜੋਂ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਮੰਡੀਆਂ 'ਚ ਜਿਆਦਾ ਦੇਰ ਨਾ ਬੈਠਣਾ ਪਵੇ। ਉਨ੍ਹਾਂ ਕਿਹਾ ਕਿ ਕਣਕ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਇਸ ਮੌਕੇ ਤੇ ਐਸ ਡੀ ਐਮ ਫਿਲੌਰ ਅਮਨਪਾਲ ਸਿੰਘ, ਡੀ ਐਸ ਪੀ ਫਿਲੌਰ ਸਰਵਣ ਸਿੰਘ ਬੱਲ, ਐਸ ਐਚ ਓ ਸੰਜੀਵ ਕਪੂਰ, ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਸੁਖਦੀਪ ਅੱਪਰਾ, ਮਾਰਕੀਟ ਕਮੇਟੀ ਗੁਰਾਇਆਂ ਦੇ ਚੈਅਰਮੈਨ ਪ੍ਰਦੀਪ ਦੁੱਗਲ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਸਾਧਵੀ ਭਾਰਤੀ ਨੇ ਜਾਗਰਣ 'ਚ ਮਹਾਂਮਾਈ ਦਾ ਗੁਣਗਾਨ ਕੀਤਾ



**ਸੁਲਤਾਨਪੁਰ ਲੋਧੀ (ਹਨੀ)** ਸਮਾਜ ਸੇਵੀ ਅਤੇ ਮਾਤਾ ਰਾਣੀ ਦੇ ਭਗਤ ਵੇਦ ਪ੍ਰਕਾਸ਼ ਅਤੇ ਸਮੂਹ ਥਿੰਦ ਪਰਵਾਰ ਵੱਲੋਂ ਸਥਾਨਕ ਦੀਵਾਨਾ ਮੁਹੱਲਾ ਵਿਖੇ ਮਹਾਂਮਾਈ ਦਾ ਜਾਗਰਣ ਕਰਵਾਇਆ ਗਿਆ। ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਤੋਂ ਸਾਧਵੀ ਭਾਵਰਚਨਾ ਭਾਰਤੀ ਆਪਣੀ ਸਮੁੱਚੀ ਭਜਨ ਮੰਡਲੀ ਨਾਲ ਮਾਤਾ ਰਾਣੀ ਦੀ ਮਹਿਮਾ ਗਾਉਣ ਲਈ ਪਹੁੰਚੀ। ਜਾਗਰਣ ਦੀ ਸ਼ੁਰੂਆਤ ਗਣਪਤੀ ਵੰਦਨਾ ਨਾਲ ਕੀਤੀ ਗਈ। ਇਸ ਮੌਕੇ ਸਾਧਵੀ ਨੇ ਕਿਹਾ ਕਿ ਜਾਗਰਣ ਸ਼ਬਦ ਦਾ ਅਸਲ ਅਰਥ ਉੱਚ ਅੰਦਰੂਨੀ ਜਾਗਰਣ ਹੈ । ਇਹ ਜਾਗਰਣ ਸਾਰੇ ਮਨੁੱਖਾਂ ਦੀ ਸਕਾਰਾਤਮਕਤਾ, ਸ਼ਕਤੀ, ਊਰਜਾ ਅਤੇ ਭਲਾਈ ਲਈ ਪ੍ਰਾਰਥਨਾ ਵੀ ਬਣ ਜਾਂਦਾ ਹੈ ਅਤੇ ਤਾਰਾ ਰਾਣੀ ਦੀ ਕਥਾ ਸ਼ਰਧਾ ਨੂੰ ਵਧਾਉਂਦੀ ਹੈ। ਮਾਤਾ ਰਾਣੀ ਦੀਆਂ ਭੇਟਾਂ ਨਾਲ ਹਾਜਰੀਨ ਮਾਂ ਦੇ ਪਿਆਰ ਵਿਚ ਰੰਗੀ ਰਹੀ।ਕਪੂਰਥਲਾ ਸ਼ਾਖਾ ਪ੍ਰਮੁੱਖ ਸਾਧਵੀ ਗੁਰਪ੍ਰੀਤ ਭਾਰਤੀ ਆਪਣੀਆਂ ਹੋਰ ਸਾਧਵੀ ਭੈਣਾਂ ਦੇ ਨਾਲ ਮੌਜੂਦ ਸਨ।ਇਸ ਮੌਕੇ ਵੇਦ ਪ੍ਰਕਾਸ਼, ਜਤਿੰਦਰ ਥਿੰਦ, ਨਛੱਤਰ ਕੌਰ, ਰੁਪਿੰਦਰ ਕੌਰ, ਪ੍ਰੀਤੀ, ਅਮਰਿੰਦਰ ਥਿੰਦ, ਵਰਿੰਦਰ ਸਲਪੋਨਾ, ਪ੍ਰੋ. ਵਿਜੇ ਬਾਂਸਲ, ਤਿਲਕ ਰਾਜ ਜੋਸ਼ੀ, ਅਸ਼ੋਕ ਕੁਮਾਰ, ਵਰੁਣ ਕੰਡਾ, ਪ੍ਰਿੰਸੀਪਲ ਨਿਰਮਲ ਸਿੰਘ, ਚਰਨਜੀਤ ਸਿੰਘ ਪ੍ਰਧਾਨ ਡੀ.ਟੀ.ਐਫ ਕਪੂਰਥਲਾ, ਲਖਵਿੰਦਰ ਬੱਬੂ, ਕੁਲਦੀਪ ਸ਼ਰਮਾ, ਗੁਰਪ੍ਰੀਤ ਸਿੰਘ, ਜਗਜੀਤ ਸਿੰਘ, ਮੋਨੂੰ ਅਰੋੜਾ ਆਦਿ ਮੌਜੂਦ ਸਨ।

# ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਹੁਸ਼ਿਆਰਪੁਰ ਦੀ ਹੋਈ ਚੋਣ

**ਹੁਸ਼ਿਆਰਪੁਰ, (ਬਲਵੀਰ ਸੈਣੀ)** ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ, ਜ਼ਿਲ੍ਹਾ ਹੁਸ਼ਿਆਰਪੁਰ ਦੀ ਇਕੱਤਰਤਾ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੌਰ ਦੀ ਅਗਵਾਈ ਹੇਠ ਹੋਈ। ਇਸ ਮੌਕੇ ਜੱਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਂਗ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਬਾਕੀ ਮੁਲਾਜ਼ਮਾਂ ਵਾਂਗ ਮਿਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਅਤੇ ਮੁਸ਼ਲਕਾਂ ਨੂੰ ਹੱਲ ਨਹੀਂ ਕਰ ਰਹੀ ਹੈ। ਇਸ ਮੌਕੇ ਸੰਬੋਧਨ ਕਰਦਿਆਂ ਪ.ਸ.ਸ.ਫ. ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨੇ ਕਿਹਾ ਕਿ ਸੰਘਰਸ਼ਾਂ ਤੇ ਟੇਕ ਰੱਖਕੇ ਹੀ ਸਰਕਾਰ ਨੂੰ ਸਬਕ ਸਿਖਾਇਆ ਜਾ ਸਕਦਾ ਹੈ ਅਤੇ ਉਹਨਾਂ ਐਲਾਨ ਕੀਤਾ ਕਿ ਭਵਿੱਖ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰੀ ਉਮੀਦਵਾਰਾਂ ਨੂੰ ਹਰਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਸੁਨੀਤਾ, ਇੰਦਰਜੀਤ ਕੌਰ, ਕਮਲਾ ਦੇਵੀ, ਨੀਲਮ ਰਾਣੀ ਆਦਿ ਨੇ ਸਰਕਾ ਤੋਂ ਮੰਗ ਕੀਤੀ ਕਿ ਮਡ-ਡੇ ਮੀਲ-ਵਰਕਰਾਂ ਨੂੰ ਸਕਿੱਲਡ ਵਰਕਰ ਮੰਨਦੇ ਹੋਏ ਘੱਟੋ-ਘੱਟ ਉਜਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ, ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਮਿਡ-ਡੇ-ਮੀਲ ਵਰਕਰਾਂ ਨੂੰ 12 ਮਹੀਨੇ ਮਾਣ ਭੱਤਾ ਦਿੱਤਾ ਜਾਵੇ। ਮੀਟਿੰਗ ਦੇ ਅੰਤ ਵਿੱਚ ਜੱਥੇਬੰਦੀ ਦੇ ਮੁੱਖ ਸਲਾਹਕਾਰ ਵਲੋਂ ਨਵੀਂ ਜ਼ਿਲ੍ਹਾ ਕਮੇਟੀ ਦਾ ਪੈਨਲ ਪੇਸ਼ ਕੀਤਾ ਗਿਆ ਜਿਸ ਅਨੁਸਾਰ ਬਲਵਿੰਦਰ ਕੌਰ ਨੂੰ ਪ੍ਰਧਾਨ, ਨਰੇਸ਼ ਕੁਮਾਰੀ ਨੂੰ ਸੀਨੀਅਰ ਮੀਤ ਪ੍ਰਧਾਨ, ਜਸਵੀਰ ਕੌਰ ਸ਼ਾਮਚੁਰਾਸੀ, ਇੰਦਰਜੀਤ ਕੌਰ ਨੂੰ ਮੀਤ ਪ੍ਰਧਾਨ, ਸੀਮਾ ਰਾਣੀ ਅਸਲਾਮਾਬਾਦ ਨੂੰ ਜਨਰਲ ਸਕੱਤਰ, ਜਤਿੰਦਰ ਕੌਰ ਨੰਦਾਚੌਰ, ਕਮਲਜੀਤ ਕੌਰ ਪੁਰਹੀਰਾਂ ਨੂੰ ਸਹਾਇਕ ਸਕੱਤਰ, ਮਨਜੀਤ ਕੌਰ ਨੂੰ ਵਿੱਤ ਸਕੱਤਰ, ਨੀਲਮ ਰਾਣੀ ਬਜਵਾੜਾ ਸਹਾਇਕ ਵਿੱਤ ਸਕੱਤਰ, ਆਸ਼ਾ ਰਾਣੀ ਭੁਲੇਵਾਲ ਰਾਠਾਂ ਜੱਥੇਬੰਦਕ ਸਕੱਤਰ, ਕਮਲਾ ਦੇਵੀ ਆਦਮਵਾਲ, ਕੁਲਵਿੰਦਰ ਕੌਰ ਹਾਰਟਾ ਨੂੰ ਪ੍ਰਚਾਰ ਸਕੱਤਰ ਤੋਂ ਇਲਾਵਾ ਲਕਸ਼ਮੀ ਦੇਵੀ ਆਦਮਵਾਲ, ਸੁਨੀਤਾ ਕੁਮਾਰੀ, ਮੀਨਾ ਕੁਮਾਰੀ, ਮਕਵਾਸਾਂ ਨੂੰ ਮੈਂਬਰ ਚੁਣਿਆ ਗਿਆ। ਅੰਤ ਵਿੱਚ ਜ਼ਿਲ੍ਹਾ ਪ੍ਰਧਾਨ ਵਲੋਂ ਸਾਰੀ ਜ਼ਿਲ੍ਹਾ ਕਮੇਟੀ ਵਲੋਂ ਸਮੂਹ ਵਰਕਰਾਂ ਨੂੰ ਪੂਰੀ ਤਨਦੇਹੀ ਨਾਲ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਨ ਦਾ ਵਾਅਦਾ ਕੀਤਾ ਅਤੇ ਪ.ਸ.ਸ.ਫ. ਦੀ ਜਲੰਧਰ ਰੈਲੀ ਵਿੱਚ ਜ਼ਿਲ੍ਹੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਮਿਡ ਡੇ ਮੀਲ ਵਰਕਰਾਂ ਦਾ ਧੰਨਵਾਦ ਕੀਤਾ



## ਜਹੂਰਾ ਖੇਤਾਂ 'ਚ ਅੱਗ ਲੱਗਣ ਨਾਲ ਕਣਕ ਸੜੀ



**ਟਾਂਡਾ ਉੜਮੁੜ,(ਜਸਵਿੰਦਰ ਸੰਧੂ, ਓਂਕਾਰ ਸਿੰਘ)**-ਪਿੰਡ ਜਹੂਰਾ ਵਿਖੇ ਦੁਪਹਿਰ ਸਮੇਂ ਦੀਆਂ ਤਾਰਾਂ ਵਿੱਚ ਹੋਈ ਸਪਾਰਕਿੰਗ ਦੇ ਚਲਦਿਆਂ ਲੱਗੀ ਅੱਗ ਕਾਰਨ ਇੱਕ ਕਿਸਾਨ ਦੀ ਕਣਕ ਦੀ ਫਸਲ ਅਤੇ ਤੂੜੀ ਵਾਸਤੇ ਛੱਡਿਆ ਗਿਆ ਨਾੜ ਨੁਕਸਾਨਿਆ ਗਿਆ। ਪਿੰਡ ਵਾਸੀਆਂ ਨੇ ਕਾਫੀ ਜਦੋ ਜਹਿਦ ਉਪਰੰਤ ਭਿਆਨਕ ਅੱਗ 'ਤੇ ਕਾਬੂ ਪਾਇਆ ਅਤੇ ਹੋਰ ਫਸਲ ਦਾ ਨੁਕਸਾਨ ਹੋਣ ਤੋਂ ਬਚਾਅ ਕੀਤਾ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਅੱਗ ਲੱਗਣ ਕਾਰਨ ਪ੍ਰਭਾਵਿਤ ਹੋਏ ਕਿਸਾਨ ਭੁਪਿੰਦਰ ਸਿੰਘ ਪੁੱਤਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਇੱਕ ਦੂਰ ਸੰਚਾਰ ਕੰਪਨੀ ਵੱਲੋਂ ਜਾ ਰਹੇ ਕੰਮ ਦੌਰਾਨ ਅਚਾਨਕ ਬਿਜਲੀ ਦੀਆਂ ਤਾਰਾਂ ਵਿੱਚ ਸਪਾਰਕਿੰਗ ਹੋਈ ਅਤੇ ਕਣਕ ਦੇ ਖੇਤ ਨੂੰ ਅੱਗ ਲੱਗ ਗਈ।ਉਨ੍ਹਾਂ ਦੱਸਿਆ ਕਿ ਦੇਖਦਿਆਂ ਹੀ ਦੇਖਦਿਆਂ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ ਜਿਸ ਦੌਰਾਨ ਉਹਨਾਂ ਦੀ ਕਰੀਬ ਡੇਢ ਏਕੜ ਕਣਕ ਅਤੇ ਇਕ ਏਕੜ ਤੂੜੀ ਬਣਾਉਣ ਵਾਸਤੇ ਛੱਡਿਆ ਗਿਆ ਨਾਲ ਸੜਕੇ ਸੁਆਹ ਹੋ ਗਿਆ।ਇਸ ਮੌਕੇ ਪ੍ਰਭਾਵਤ ਕਿਸਾਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਨਾਂ ਦੇ ਨੁਕਸਾਨ ਦੀ ਪੂਰਤੀ ਲਈ ਮੁਆਵਜ਼ਾ ਦਿੱਤਾ ਜਾਵੇ ਅਤੇ ਦੂਰ ਸੰਚਾਰ ਕੰਪਨੀ ਖਿਲਾਫ ਕਾਰਵਾਈ ਕੀਤੀ ਜਾਵੇ।

# ਪੰਜਾਬ ਤੇ ਦੇਸ਼ ਨੂੰ ਇੱਕ ਲੋਕ-ਪੱਖੀ ਤੇ ਕੁਦਰਤ ਪੱਖੀ ਵਿਕਾਸ ਮਾਡਲ ਦੀ ਲੋੜ : ਮਾਣਕ

**ਫਗਵਾੜਾ, (ਡਾ. ਰਮਨ)** ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਨੇ ਪ੍ਰਸਿੱਧ ਪੰਜਾਬੀ ਲੇਖਕ ਅਤੇ ਕਾਲਮਨਵੀਸ ਡਾ. ਚਰਨਜੀਤ ਸਿੰਘ ਗੁਮਟਾਲਾ ਨੂੰ ਜੀਵਨ ਭਰ ਦੀਆਂ ਪ੍ਰਾਪਤੀਆਂ ਦਾ ਪੁਰਸਕਾਰ ਪ੍ਰਦਾਨ ਕੀਤਾ। ਐਤਵਾਰ ਨੂੰ ਇਥੇ ਹੋਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਉਹਨਾ ਨੂੰ ਮੰਮੈਂਟੋ, ਸਨਮਾਨ ਪੱਤਰ ਅਤੇ ਦੁਸ਼ਾਲਾ ਭੇਟ ਕੀਤਾ। 14 ਪੁਸਤਕਾਂ ਅਤੇ 300 ਲੇਖਾਂ ਦੇ ਰਿਚੇਤਾ ਗੁਮਟਾਲਾ ਨੂੰ ਇਹ ਸਨਮਾਨ ਸੀਨੀਅਰ ਪੱਤਰਕਾਰ ਅਤੇ ਲੇਖਕ ਸਤਨਾਮ ਸਿੰਘ ਮਾਣਕ, ਮੰਚ ਪ੍ਰਧਾਨ ਪ੍ਰਿੰ. ਗੁਰਮੀਤ ਸਿੰਘ ਪਲਾਹੀ, ਪ੍ਰੋ. ਜਸਵੰਤ ਸਿੰਘ ਗੰਡਮ, ਗਿਆਨ ਸਿੰਘ, ਡਾ. ਸੁਖਦੇਵ ਸਿੰਘ ਅਤੇ ਦੀਦਾਰ ਸਿੰਘ ਸ਼ੇਤਰਾ ਵੱਲੋਂ ਦਿੱਤਾ ਗਿਆ।ਇਸ ਮੌਕੇ ਪੰਜਾਬ ਦੇ ਹਾਲਾਤ ਸੰਬੰਧੀ ਇੱਕ ਖੁੱਲ੍ਹਾ ਵਿਚਾਰ-ਵਟਾਂਦਰਾ ਹੋਇਆ। ਇਸ ਵਿੱਚ ਆਪਣੇ ਕੁੰਜੀਵਤ ਸੰਬੋਧਨ ਵਿੱਚ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਪੰਜਾਬ ਸੰਕਟ ਅਸਲ ਵਿੱਚ ਖੇਤੀ ਸੰਕਟ ਦਾ ਹੀ ਵਿਸਥਾਰ ਹੈ । ਉਹਨਾਂ ਕਿਹਾ ਕਿ ਪਹਿਲਾਂ ਖੇਤੀ ਮਾਡਲ ਵਿਭਿੰਨਤਾ ਵਾਲਾ ਸੀ, ਪਰ ਹੁਣ ਇਸ ਪੁਰਾਣੇ ਮਾਡਲ ਉਤੇ ਪੁਨਰ ਵਿਚਾਰ ਕਰਨ ਦੀ ਲੋੜ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਵੇਲੇ ਪੰਜਾਬ ਤੇ ਦੇਸ਼ ਵਿੱਚ ਸਾਨੂੰ ਇੱਕ ਲੋਕ-ਪੱਖੀ ਅਤੇ ਕੁਦਰਤ ਪੱਖੀ ਵਿਕਾਸ ਮਾਡਲ ਦੀ ਲੋੜ ਹੈ। ਉਹਨਾਂ ਨੇ ਪੰਜਾਬ ਵਿਚਲੇ ਪਾਣੀ ਦੇ ਗੰਭੀਰ ਸੰਕਟ ਬਾਰੇ ਪੰਜਾਬੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇ ਅਸੀਂ ਇਸ ਵਿੱਚੋਂ ਬਾਹਰ ਨਿਕਲਣ ਦੇ ਫੌਰੀ ਢੰਗ ਤਰੀਕੇ ਨਾ ਅਪਨਾਏ ਤਾਂ ਲੋਕ ਪੀਣ ਵਾਲੇ ਪਾਣੀ ਲਈ ਵੀ ਲੜਾਈਆਂ ਕਰਨਗੇ ਅਤੇ ਇਹ ਨੇੜਲੇ ਭਵਿੱਖ 'ਚ ਵਾਪਰਨ ਵਾਲਾ ਹੈ। ਉਹਨਾ ਕਿਹਾ ਕਿ ਸ਼ੁੱਧ ਖੁਰਾਕ, ਸ਼ੁੱਧ ਹਵਾ, ਸ਼ੁੱਧ ਪਾਣੀ ਹਰ ਬੰਦੇ ਦੇ ਅਧਿਕਾਰ ਹੈ। ਉਹਨਾ ਨੇ ਕੇਂਦਰ ਨੂੰ ਪੁੱਛਿਆ ਕਿ ਉਹ ਝੋਨੇ ਦੀ ਫ਼ਸਲ ਦੇ ਬਦਲ ਵਜੋਂ ਤੇਲ ਬੀਜਾਂ ਅਤੇ ਦਾਲਾਂ ਉਪਰ ਘੱਟੋ-ਘੱਟ ਸਮਰਥਨ ਕੀਮਤ ਕਿਉਂ ਨਹੀਂ ਦਿੰਦੀ? ਜੇਕਰ ਇਹਨਾ ਤੇ ਸਮਰਥਨ ਮੁੱਲ ਦੇ ਦਿੱਤਾ ਜਾਵੇ ਤਾਂ ਕਿਸਾਨ ਝੋਨੇ ਦੀ ਫ਼ਸਲ ਵਿੱਚੋਂ ਆਪਣੇ ਆਪ ਬਾਹਰ ਨਿਕਲ ਅਵੇਗਾ, ਜਿਸ ਨਾਲ 70% ਪਾਣੀ ਦੀ ਬਚਤ ਹੋਏਗੀ। ਉਹਨਾ ਨੇ ਕਿਹਾ ਕਿ ਇਕੱਲੇ ਸਮਰਥਨ ਮੁੱਲ ਦੀ ਨਹੀਂ, ਇੱਕ ਨਵੀਂ ਖੇਤੀ ਨੀਤੀ ਦੀ ਅਤਿਅੰਤ ਲੋੜ ਹੈ। ਇਸ ਮੌਕੇ ਪ੍ਰਸਿੱਧ ਸਮਾਜਿਕ ਵਿਗਿਆਨੀ ਡਾ. ਸੁਖਦੇਵ ਸਿੰਘ ਨੇ ਕਿਹਾ ਕਿ ਪਹਿਲੀ ਜੂਨ ਤੋਂ ਝੋਨਾ ਲਗਵਾਉਣਾ ਆਤਮਘਾਤੀ ਹੈ। ਉਹਨਾਂ ਨੇ 15 ਜੂਨ ਤੋਂ ਝੋਨਾ ਲਾਏ ਜਾਣ ਦੀ ਵਕਾਲਤ ਕੀਤੀ। ਪੰਜਾਬ ਵਿੱਚ ਮੁਫ਼ਤਖੋਰੀ ਦੀ ਸਿਆਸੀ ਨੀਤੀ ਦੀ ਅਲੋਚਨਾ ਕਰਦਿਆਂ ਉਹਨਾ ਕਿਹਾ ਕਿ ਸਬਸਿਡੀਆਂ ਸਿਰਫ਼ ਲੋੜਬੰਦਾਂ ਨੂੰ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਇਸ ਸਮੇਂ ਪ੍ਰੋ. ਜਸਵੰਤ ਸਿੰਘ ਗੰਡਮ ਨੇ ਫਾਸ਼ੀਵਾਦੀ ਤਾਕਤਾਂ ਵਿਰੁੱਧ ਸੰਘਰਸ਼ਸ਼ੀਲ ਜਮਾਤਾਂ ਨੂੰ ਲਾਮਬੰਦ ਅਤੇ ਇੱਕਮੁੱਠ ਹੋਣਾ ਦਾ ਸੱਦਾ ਦਿੱਤਾ । ਵਿਚਾਰ ਚਰਚਾ ਵਿੱਚ ਦੀਦਾਰ ਸਿੰਘ ਸ਼ੇਤਰਾ, ਸੁਖਦੇਵ ਮਾਧੋਪੁਰੀਮ ਮਾਸਟਰ ਸੁਖਦੇਵ ਸਿੰਘ, ਕਮਲੇਸ਼ ਸੰਧੂ, ਦਰਸ਼ਨ ਸਿੰਘ ਰਿਆੜ, ਗੁਰਵਿੰਦਰ ਮਾਣਕ, ਗਿਆਨ ਸਿੰਘ, ਰਵਿੰਦਰ ਚੋਟ, ਪ੍ਰਿੰ. ਗੁਰਮੀਤ ਸਿੰਘ ਪਲਾਹੀ , ਪ੍ਰਿੰ. ਇੰਦਰਜੀਤ ਸਿੰਘ ਬਾਸੂ ਨੇ ਹਿੱਸਾ ਲਿਆ।ਸਟੇਜ ਸਕੱਤਰ ਦੀ ਭੂਮਿਕਾ ਰਵਿੰਦਰ ਚੋਟ ਨੇ ਬਾ-ਖ਼ੂਬੀ ਨਿਭਾਈ।ਇਸ ਸਮੇਂ ਪੱਤਰਕਾਰ ਟੀ.ਡੀ. ਚਾਵਲਾ, ਪਰਮਜੀਤ ਸਿੰਘ ਨਿੱਕੇ ਘੁੰਮਣ, ਰਕੇਸ਼ ਸ਼ਾਂਤੀ ਦੂਤ, ਪਰਵਿੰਦਰਜੀਤ ਸਿੰਘ, ਬਲਦੇਵ ਰਾਜ ਕੋਮਲ, ਕਰਮਜੀਤ ਸਿੰਘ ਸੰਧੂ, ਜਸਵਿੰਦਰ ਕੌਰ ਫਗਵਾੜਾ, ਗੁਰਬਿੰਦਰ ਸਿੰਘ ਮਾਣਕ, ਸੋਹਣ ਸਹਿਜਲ, ਐਡਵੋਕੇਟ ਪ੍ਰਿੰ. ਪਵਨਦੀਪ ਕੌਰ, ਮੈਡਮ ਚਰਨਜੀਤ ਕੌਰ, ਉਰਮਨਜੀਤ ਸਿੰਘ, ਅਸ਼ੋਕ ਸ਼ਰਮਾ ਪੱਤਰਕਾਰ, ਸੁਖਦੇਵ ਗੰਡਮਾ, ਬਲਵੀਰ ਕੌਰ, ਬੱਬੂ ਸੈਣੀ, ਹਰਜਿੰਦਰ ਸਿੰਘ ਨਿਆਣਾ, ਸੀਤਲ ਬੰਗਾ, ਗੁਰਮੀਤ ਰੱਤੂ, ਦਵਿੰਦਰ ਜੱਸਲ, ਸੋਹਣ ਸਹਿਜਲ ਅਤੇ ਸਾਹਿਬਾ ਜੀਟਨ ਕੌਰ ਅਤੇ ਬਹੁਤ ਸਾਰੇ ਲੇਖਕ ਸਰੋਤੇ ਹਾਜ਼ਰ ਸਨ।



# ਸਾਰੇ ਬਲਾਕਾਂ 'ਚ ਸੁਣਵਾਈ ਲਈ ਹੈਲਪ ਡੈਸਕ ਸਥਾਪਤ ਕੀਤੇ ਜਾਣਗੇ : ਅਨਿਲ ਵਿਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਕਿਰਤ ਮੰਤਰੀ ਅਨਿਲ ਵਿਜ ਨੇ ਹਰਿਆਣਾ ਭਵਨ ਤੇ ਹੋਰ ਨਿਰਮਾਣ ਕਾਮੇ ਭਲਾਈ ਬੋਰਡ ਤੋਂ ਕਾਮਿਆਂ ਨਾਲ ਸਬੰਧਿਤ ਸ਼ਿਕਾਇਤਾਂ ਤੇ ਉਨ੍ਹਾਂ ਦੇ ਰਜਿਸਟ੍ਰੇਸ਼ਨ ਵਿੱਚ ਅਨਿਯਮਤਤਾਵਾਂ ਤੇ ਖਾਮੀਆਂ ਦੀ ਜਾਂਚ ਲਈ ਤਿੰਨ ਮੈਂਬਰੀ ਕਮੇਟੀ ਗਠਨ ਕਰਨ ਦੇ ਨਿਰਦੇਸ਼ ਦਿੱਤੇ ਹਨ ਅਤੇ ਇਹ ਕਮੇਟੀ ਤਿੰਨ ਮਹੀਨੇ ਦੇ ਅੰਦਰ-ਅੰਦਰ ਆਪਣੀ ਰਿਪੋਰਟ ਵਿਭਾਗ ਨੂੰ ਸੌਂਪੇਗੀ।ਸ੍ਰੀ ਵਿਜ ਨੇ ਤਿੰਨ ਮੈਂਬਰੀ ਕਮੇਟੀ ਵਿੱਚ ਯੂਨੀਅਨ ਵੱਲੋਂ ਸੁਨੀਲ ਢਿੱਲੋਂ, ਰੁਜਗਾਰਦਾਤਾ ਵੱਲੋਂ ਭੁਪੇਂਦਰ ਸ਼ਰਮਾ ਅਤੇ ਵਿਭਾਗ ਵੱਲੋਂ ਸੰਯੁਕਤ ਸਕੱਤਰ ਏ.ਕੇ. ਦੇਸ਼ਵਾਲ ਨੂੰ ਸ਼ਾਮਲ ਕਰਨ ਦੇ ਨਿਰਦੇਸ਼ ਦਿੱਤੇ ਹਨ।ਉਨ੍ਹਾਂ ਸਾਰੇ ਬਲਾਕ ਪੱਧਰ 'ਤੇ ਕਾਮਿਆਂ ਦੀ ਸੁਣਵਾਈ ਲਈ ਹੈਲਪ ਡੇਸਕ ਸਥਾਪਿਤ ਕਰਨ ਦੇ ਨਿਰਦੇਸ਼ ਦਿੱਤੇ ਹਨ।ਮੀਟਿੰਗ ਵਿੱਚ ਜਾਣਕਾਰੀ ਦਿੱਤੀ ਗਈ ਕਿ ਪੰਚਕੂਲਾ, ਹਿਸਾਰ ਤੇ ਸੋਨੀਪਤ ਵਿੱਚ ਖੇਤਰੀ ਪੱਧਰ 'ਤੇ ਕਾਲ ਸੈਂਟਰ ਖੋਲ੍ਹੇ ਗਏ ਹਨ।ਸ੍ਰੀ ਵਿਜ ਨੇ ਸਪਸ਼ਟ ਕੀਤਾ ਕਿ ਜਿਨ੍ਹਾਂ ਕਾਮਿਆਂ ਨੇ ਬੋਰਡ ਵਿੱਚ ਰਜਿਸਟ੍ਰੇਸ਼ਨ ਲਈ ਬਿਨੈ ਕੀਤਾ ਹੈ ਅਤੇ ਕਿੰਨੀ ਕਾਰਨਾਂ ਨਾਲ ਉਸ ਦਾ ਬਿਨੈ ਰੱਦ ਹੋ ਜਾਂਦਾ ਹੈ ਤਾਂ ਉਸ ਦੀ ਫੀਸ ਜ਼ਰੂਰ ਵਾਪਸ ਕੀਤੀ ਜਾਣੀ ਚਾਹੀਦੀ ਹੈ।ਮੀਟਿੰਗ ਵਿੱਚ ਸਮਾਜਿਕ ਨਿਆਂ, ਅਧਿਕਾਰਤਾ, ਅਨੁਸੂਚਿਤ ਜਾਤੀ ਅਤੇ ਪਿਛੜੇ ਵਰਗ ਭਲਾਈ ਅਤੇ ਅੰਤੋਂਦੇਯ (ਸੇਵਾ) ਕ੍ਰਿਸ਼ਣ ਕੁਮਾਰ ਬੇਦੀ, ਕਿਰਤ ਅਤੇ ਰੁਜਗਾਰ ਵਿਭਾਗ ਦੇ ਪ੍ਰਧਾਨ ਸਕੱਤਰ ਰਾਜੀਵ ਰੰਜਨ, ਕਿਰਤ ਕਮਿਸ਼ਨਰ ਮਨੀਰਾਮ ਸ਼ਰਮਾ ਅਤੇ ਬੋਰਡ ਦੇ ਚੇਅਰਮੈਨ ਤੇ ਹੋਰ ਮੈਂਬਰ ਅਤੇ ਅਧਿਕਾਰੀ ਮੌਜੂਦ ਸਨ।

# ਸੀ ਐੱਮ ਦੀ ਯੋਗਸ਼ਾਲਾ ਅਧੀਨ ਲਾਈਆਂ ਜਾ ਰਹੀਆਂ ਹਨ 300 ਯੋਗਾ ਕਲਾਸਾਂ ਰੋਜ਼ਾਨਾ

**ਮੋਹਾਲੀ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਸੀ.ਐਮ ਦੀ ਯੋਗਸ਼ਾਲਾ ਅਧੀਨ ਯੋਗਾ ਕਲਾਸਾਂ ਸ਼ਹਿਰੀ ਖੇਤਰਾਂ ਅਤੇ ਜ਼ਿਲ੍ਹਾ ਮੋਹਾਲੀ ਦੇ ਵੱਖ-ਵੱਖ ਬਲਾਕਾਂ ਵਿੱਚ ਲਗਾਈਆਂ ਜਾ ਰਹੀਆਂ ਹਨ, ਜਿਸ ਵਿੱਚ ਲੋਕ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ। ਯੋਗਾ ਕਲਾਸਾਂ ਵਿੱਚ ਹਿੱਸਾ ਲੈਣ ਨਾਲ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਜ਼ਿਲ੍ਹੇ ਦੇ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਰਾਹਤ ਮਿਲੀ ਹੈ ਅਤੇ ਲੋਕਾਂ ਨੇ ਯੋਗ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਇਆ ਹੈ। ਜ਼ਿਲ੍ਹਾ ਮੋਹਾਲੀ ਵਿੱਚ ਲੋਕ ਸ਼ਹਿਰੀ ਖੇਤਰ ਦੇ ਨਾਲ-ਨਾਲ ਬਲਾਕਾਂ ਦੇ ਪੇਂਡੂ ਖੇਤਰਾਂ ਵਿੱਚ ਚਲਾਈਆਂ ਜਾ ਰਹੀਆਂ ਯੋਗਾ ਕਲਾਸਾਂ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ। ਜ਼ਿਲ੍ਹਾ ਮੋਹਾਲੀ ਦੇ ਕੋਆਰਡੀਨੇਟਰ ਪ੍ਰਤਿਮਾ ਡਾਵਰ ਦਾ ਕਹਿਣਾ ਹੈ ਕਿ ਜਦੋਂ ਉਹ ਕਲਾਸਾਂ ਦਾ ਨਿਰੀਖਣ ਕਰਨ ਜਾਂਦੇ ਹਨ, ਤਾਂ ਉਹ ਉੱਥੋਂ ਦੇ ਲੋਕਾਂ ਦੀ ਸ਼ਲਾਘਾਯੋਗ ਫੀਡਬੈਕ ਮਿਲਦੀ ਹੈ। ਫੀਡਬੈਕ ਤੋਂ ਪਤਾ ਲੱਗਾ ਕਿ ਲੋਕ ਲੰਬੇ ਸਮੇਂ ਤੋਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਪੀੜਤ ਸਨ, ਜਿਵੇਂ ਕਿ ਪਿੱਠ ਦਰਦ, ਮਾਈਗ੍ਰੇਨ, ਤਣਾਅ, ਸ਼ੂਗਰ, ਸਰਵਾਈਕਲ ਅਤੇ ਔਰਤਾਂ ਨਾਲ ਸਬੰਧਤ ਸਮੱਸਿਆਵਾਂ ਤੋਂ ਪੀੜਤ ਸਨ। ਯੋਗਾ ਕਰਨ ਨਾਲ ਉਨ੍ਹਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਹੁਤ ਰਾਹਤ ਮਿਲੀ ਹੈ ਅਤੇ ਉਹ ਇਸ ਮੁਹਿੰਮ ਨੂੰ ਸ਼ੁਰੂ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਬਹੁਤ ਧੰਨਵਾਦੀ ਹਨ।ਜ਼ਿਲ੍ਹਾ ਮੋਹਾਲੀ ਦੇ ਕੋਆਰਡੀਨੇਟਰ ਪ੍ਰਤਿਮਾ ਡਾਵਰ ਅਨੁਸਾਰ ਵੱਖ-ਵੱਖ ਵਰਗਾਂ ਤੋਂ ਲਏ ਗਏ ਫੀਡਬੈਕ ਵਿੱਚ, ਲੋਕਾਂ ਦੀ ਇੱਕੋ ਰਾਏ ਸੀ ਕਿ ਇਹ ਯੋਗਾ ਕਲਾਸਾਂ ਇਸੇ ਤਰ੍ਹਾਂ ਚਲਦੀਆ ਰਹਿਣ ਤਾਂ ਜੋ ਯੋਗਾ ਨਾਲ ਲੋਕ ਸਿਹਤਮੰਦ ਰਹਿ ਸਕਣ। ਉਨ੍ਹਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇਸ ਪਹਿਲ ਦੀ ਸ਼ਲਾਘਾ ਵੀ ਕੀਤੀ ਗਈ।



## ਫਰੈਂਡਜ਼ ਕਲੱਬ ਵੱਲੋਂ ਮੁਫਤ ਡੈਂਟਲ ਚੈੱਕਅੱਪ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਰੈਂਡਜ਼ ਕਲੱਬ ਫਿਰੋਜ਼ਪੁਰ ਨੇ ਸਟਰੀਮ ਲਾਈਨ ਵੈੱਲਫੇਅਰ ਸੋਸਾਇਟੀ ਫਿਰੋਜ਼ਪੁਰ ਦੇ ਸਹਿਯੋਗ ਨਾਲ ਕੁਸ਼ਟ ਆਸ਼ਰਮ ਫਿਰੋਜ਼ਪੁਰ ਵਿਖੇ ਦੰਦਾਂ ਦਾ ਮੁਫਤ ਚੈੱਕਅਪ ਕੈਂਪ ਲਾਇਆ।ਇਸ ਮੌਕੇ ਡਾਕਟਰ ਅਨੀਸ਼ਾ ਸੁਖੀਜਾ ਤੇ ਡਾਕਟਰ ਇਸਟਾਇਕ ਨੇ 45 ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਫਰੈਂਡਜ਼ ਕਲੱਬ ਵੱਲੋਂ ਦਿੱਤੀਆਂ ਗਈਆਂ।ਇਸ ਮੌਕੇ ਸਮਾਜ ਸੇਵੀ ਸੰਸਥਾ ਸਟੀਮ ਲਾਈਨ ਵੈੱਲਫੇਅਰ ਸੋਸਾਇਟੀ ਦੇ ਚੇਅਰਮੈਨ ਡਾਕਟਰ ਦੀਵਾਨ ਚੰਦ ਸੁਖੀਜਾ, ਸਤੀਸ਼ ਕੁਮਾਰ ਸੁਖੀਜਾ, ਗਗਨਦੀਪ ਸਿੰਘ, ਵਿਸ਼ਾਲ ਨਈਅਰ, ਅਮਨਦੀਪ ਤੇ ਫਰੈਂਡਜ਼ ਕਲੱਬ ਦੇ ਹੋਰ ਉੱਘੇ ਮੈਂਬਰ ਹਾਜ਼ਰ ਸਨ।ਆਖੀਰ ਵਿੱਚ ਸਟਰੀਮ ਲਾਈਨ ਵੈੱਲਫੇਅਰ ਸੋਸਾਇਟੀ ਵੱਲੋਂ ਡਾਕਟਰਾਂ ਤੇ ਵਲੰਟੀਅਰਜ਼ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਵਿਧਾਇਕ ਵੱਲੋਂ ਸਕੂਲਾਂ 'ਚ ਹੋਏ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਤ



**ਸ਼ੁਤਰਾਣਾ/ਪਟਿਆਲਾ (ਅਵਤਾਰ ਜਟਾਣਾ)**-ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਨੂੰ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਹੈ। ਇਹ ਪ੍ਰਗਟਾਵਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਹਲਕੇ ਦੇ ਛੇ ਸਕੂਲਾਂ 'ਚ ਹੋਏ ਇਕ ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਬਾਜ਼ੀਗਰ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕਣ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਤਿੰਨ ਸਾਲਾਂ ਦੌਰਾਨ ਸਰਕਾਰੀ ਸਕੂਲਾਂ 'ਚ ਅਧਿਆਪਕਾਂ ਦੀ ਭਰਤੀ, ਕਰੋੜਾਂ ਰੁਪਏ ਨਾਲ ਬੁਨਿਆਦੀ ਢਾਂਚੇ ਦਾ ਵਿਕਾਸ ਹੋਇਆ ਹੈ, ਇਸੇ ਤਰ੍ਹਾਂ ਆਉਣ ਵਾਲੇ ਸਮੇਂ ਵਿੱਚ ਵੀ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਜਾਰੀ ਰਹਿਣਗੇ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਸਰਕਾਰੀ ਹਾਈ ਤੇ ਪ੍ਰਾਇਮਰੀ ਸਕੂਲ ਖਾਨੇਵਾਲ, ਸਰਕਾਰੀ ਮਿਡਲ ਤੇ ਪ੍ਰਾਇਮਰੀ ਸਕੂਲ ਖਾਂਗ, ਸਰਕਾਰੀ ਪ੍ਰਾਇਮਰੀ ਸਕੂਲ ਮੌਲਵੀਵਾਲਾ ਤੇ ਸਰਕਾਰੀ ਹਾਈ ਸਕੂਲ ਹਾਮਝੇੜੀ ਵਿਖੇ ਕਰੀਬ ਇੱਕ ਕਰੋੜ ਰੁਪਏ ਦੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

## ਅੱਗ ਨਾਲ ਸੜੀ ਹਜ਼ਾਰਾਂ ਏਕੜ ਕਣਕ ਦਾ ਮੁਆਵਜ਼ਾ ਦਿੱਤਾ ਜਾਵੇ : ਦੌਲਤਪੁਰ, ਮਾਣੂੰਕੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਜਰਨਲ ਸਕੱਤਰ ਰਵਿੰਦਰ ਸਿੰਘ ਭੋਲਾ ਮਾਣੂੰਕੇ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੋਗਾ ਜ਼ਿਲ੍ਹੇ ਦੇ ਨਾਲ ਨਾਲ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਣਕ ਦੀ ਹਜ਼ਾਰਾਂ ਏਕੜ ਫਸਲ ਅੱਗ ਲੱਗਣ ਨਾਲ ਸੜ ਕੇ ਸਵਾਹ ਹੋ ਗਈ ਹੈ।ਉਨ੍ਹਾਂ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਜਲਦ ਤੋਂ ਜਲਦ ਗੁਰਦੌਰੀਆਂ ਕਰਾਈਆਂ ਜਾਣ ਤੇ ਉਨ੍ਹਾਂ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਜਲਦ ਤੋਂ ਜਲਦ ਦਿੱਤਾ ਜਾਵੇ, ਕਿਉਂਕਿ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਜ਼ਮੀਨ ਮਾਮਲੇ (ਠੇਕੇ) 'ਤੇ ਲੈ ਕੇ ਖੇਤੀ ਕੀਤੀ ਹੋਈ ਹੈ।ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਆਦੇਸ਼ ਜਾਰੀ ਕੀਤੇ ਜਾਣ ਤਾਂ ਜੋ ਡਿਪਟੀ ਕਮਿਸ਼ਨਰ ਅੱਗੇ ਤਹਿਸੀਲਦਾਰ ਤੇ ਪਟਵਾਰੀਆਂ ਨੂੰ ਆਦੇਸ਼ ਦੇ ਕੇ ਸਮਾਂ ਰਹਿੰਦੇ ਗੁਰਦੌਰੀਆਂ ਕਰਵਾ ਕੇ ਫਸਲ ਦਾ ਮੁਆਵਜ਼ਾ ਜਲਦ ਤੋਂ ਜਲਦ ਦਿੱਤਾ ਜਾਵੇ ਤਾਂ ਜੋ ਕਿਸਾਨ ਕਰਜ਼ੇ ਦੀ ਮਾਰ ਹੇਠ ਆਉਣ ਤੋਂ ਬਚ ਸਕੇ।ਪ੍ਰਧਾਨ ਨੇ ਦੱਸਿਆ ਕਿ ਆਉਣ ਵਾਲੇ ਇੱਕ ਦੋ ਦਿਨਾਂ ਵਿੱਚ ਹੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦਾ ਜ਼ਿਲ੍ਹਾ ਵਫਦ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮੋਗਾ ਨਾਲ ਮੁਲਾਕਾਤ ਕਰੇਗਾ।

## 5994 ਅਧਿਆਪਕਾਂ 'ਤੇ ਲਾਠੀਚਾਰਜ ਮੰਦਭਾਗਾ : ਅਮਨਦੀਪ ਸ਼ਰਮਾ



**ਬਰੇਟਾ (ਰੀਤਵਾਲ)**-5994 ਅਧਿਆਪਕਾਂ 'ਤੇ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਕਿਹਾ ਕਿ 'ਆਪ' ਦੀ ਸਰਕਾਰ ਆਮ ਲੋਕਾਂ ਵਿੱਚੋਂ ਚੁਣੀ ਗਈ ਸੀ।ਸਰਕਾਰ ਚੁਣਨ ਵਿੱਚ ਬੇਰੁਜ਼ਗਾਰਾਂ ਦਾ ਵੱਡਾ ਰੋਲ ਸੀ।ਉਨ੍ਹਾਂ ਕਿਹਾ ਕਿ ਬਾਕੀ ਸਰਕਾਰਾਂ ਵਾਂਗ ਇਸ ਸਰਕਾਰ ਵੱਲੋਂ ਵੀ ਬੇਰੁਜ਼ਗਾਰ ਅਧਿਆਪਕਾਂ 'ਤੇ ਲਾਠੀ ਚਾਰਜ ਕਰਨਾ ਮੰਦਭਾਗੀ ਗੱਲ ਹੈ।ਜਥੇਬੰਦੀ ਪੰਜਾਬ ਦੇ ਸੂਬਾ ਜੋਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਰਹਿੰਦੇ 5994 ਅਧਿਆਪਕਾਂ ਨੂੰ ਤੁਰੰਤ ਨਿਯੁਕਤੀ ਪੱਤਰ ਦੇ ਕੇ ਸਕੂਲਾਂ 'ਚ ਹਾਜ਼ਰ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਵੱਲੋਂ ਅਧਿਆਪਕਾਂ ਦੀ ਕੁੱਟਮਾਰ ਕਰਨਾ ਬਹੁਤ ਹੀ ਨਿੰਦਣਯੋਗ ਹੈ।ਜਥੇਬੰਦੀ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਜਸ਼ਨਦੀਪ ਸਿੰਘ ਕੁਲਾਣਾ, ਰਗਵਿੰਦਰ ਸਿੰਘ ਧੂਲਕਾ, ਭਗਵੰਤ ਭਟੇਜਾ, ਪਰਮਜੀਤ ਤੂਰ, ਲਵਨੀਸ਼ ਗੋਇਲ ਨਾਭਾ, ਜਸਵੀਰ ਸਿੰਘ, ਸਤਿੰਦਰ ਸਿੰਘ ਦੁਆਬੀਆ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ ਹਾਕਮ ਵਾਲਾ, ਗੁਰਜੰਟ ਸਿੰਘ ਸੂਬਾ ਪ੍ਰਚਾਰ ਸਕੱਤਰ, ਦਿਲਜੀਤ ਖਾਰਾ, ਸੁਖਵੀਰ ਸਿੰਘ ਸੰਗਰੂਰ, ਅਮਨਦੀਪ ਸਿੰਘ ਪਾਤੜਾਂ, ਸੁਖਜਿੰਦਰ ਸਿੰਘ ਪੰਛੀ ਅਲੀਸ਼ੇਰ, ਸੁਰਿੰਦਰ ਸਿੰਘ ਗਾਗਾ, ਅੰਮ੍ਰਿਤਪਾਲ ਸਿੰਘ ਪਟਿਆਲਾ, ਕ੍ਰਿਸ਼ਨ ਕੁਮਾਰ ਬੁਢਲਾਡਾ, ਦੀਪਕ ਮਿੱਤਲ ਮੋਹਾਲੀ, ਅਮਿਤ ਕੁਮਾਰ ਲਹਿਰਾ, ਰਾਜੇਸ਼ ਕੁਮਾਰ ਲਹਿਰਾ, ਗੁਲਜ਼ਾਰ ਸਿੰਘ ਚੂੜਲ ਕਲਾਂ, ਸੁਖਵਿੰਦਰ ਸਿੰਗਲਾ ਬਰੇਟਾ, ਹਰਵਿੰਦਰ ਸਿੰਘ ਡਸਕਾ, ਮਨੀਸ਼ ਕੁਮਾਰ ਬੁਢਲਾਡਾ, ਲਖਮੀਰ ਬਰੇਟਾ, ਬਾਬਰ ਬਰੇਟਾ, ਸੁਖਦੇਵ ਸਿੰਘ ਆਦਿ ਸਾਥੀਆਂ ਨੇ ਅਧਿਆਪਕਾਂ 'ਤੇ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

## ਚੰਗੀ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ : ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਧਾਇਕ ਸ. ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਏ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸੂਬੇ ਭਰ 'ਚ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ ਹੈ।ਜਿੱਥੇ ਵਿਦਿਆਰਥੀਆਂ ਲਈ ਨਵੀਆਂ ਇਮਾਰਤਾਂ ਬਣਾਈ ਜਾ ਰਹੀਆਂ ਹਨ ਉੱਥੇ ਪੁਰਾਣੀ ਖ਼ਰਾਬ ਹੋਈਆਂ ਇਮਾਰਤਾਂ ਦੀ ਵੀ ਮੁਰੰਮਤ ਕੀਤੀ ਜਾ ਰਹੀ ਹੈ।ਇਸ ਦੇ ਨਾਲ ਕਈ ਸਕੂਲਾਂ ਵਿੱਚ ਸਾਇੰਸ ਲੈਬ ਤੇ ਖੇਡ ਗ੍ਰਾਊਂਡ ਵੀ ਬਣਾਏ ਜਾ ਰਹੇ ਹਨ।ਸ. ਢਿੱਲੋਂ ਨੇ ਵੱਖ-ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ।ਸਰਕਾਰੀ ਮਿਡਲ ਸਕੂਲ ਬਬਾਣੀਆਂ ਵਿਖੇ ਕੁੱਲ 22 ਲੱਖ 53 ਹਜ਼ਾਰ ਰੁਪਏ ਦੀ ਲਾਗਤ ਨਾਲ ਤਿੰਨ ਕਲਾਸ ਰੂਮ ਬਣਾਏ ਗਏ।ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਬਬਾਣੀਆਂ ਵਿਖੇ 7.51 ਲੱਖ ਰੁਪਏ ਇੱਕ ਨਵੇਂ ਕਮਰੇ ਉਸਾਰਨ 'ਤੇ ਖਰਚ ਕੀਤੇ ਗਏ ਹਨ।ਸਰਕਾਰੀ ਪ੍ਰਾਇਮਰੀ ਸਕੂਲ, ਗੁਰੂਸਰ ਬ੍ਰਾਂਚ ਵਿਖੇ 25.03 ਲੱਖ ਦੀ ਲਾਗਤ ਨਾਲ ਕਲਾਸ ਰੂਮ ਅਤੇ ਚਾਰਦੀਵਾਰੀ ਕੀਤੀ ਗਈ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁਰੂਸਰ ਵਿਖੇ 2 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਕੀਤੀ ਗਈ।ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ, ਕੁਰਾਈਵਾਲਾ ਵਿਖੇ 18.02 ਲੱਖ ਰੁਪਏ ਦੀ ਲਾਗਤ ਨਾਲ 2 ਕਲਾਸ ਰੂਮ ਅਤੇ ਚਾਰਦੀਵਾਰੀ ਦਾ ਕੰਮ ਕਰਵਾਇਆ ਗਿਆ।

## ਮੀਰਾ ਪਬਲਿਕ ਸਕੂਲ ਵਿਖੇ ਅੰਗਰੇਜ਼ੀ ਸੁੰਦਰ ਲਿਖਾਈ ਮੁਕਾਬਲਾ ਆਯੋਜਿਤ



**ਸਰਦੂਲਗੜ੍ਹ (ਅਵਤਾਰ ਜਟਾਣਾਂ)**-ਮੀਰਾ ਪਬਲਿਕ ਸਕੂਲ, ਸਰਦੂਲੇਵਾਲਾ ਵਿੱਚ ਅੰਗ੍ਰੇਜ਼ੀ ਸੁੰਦਰ ਲਿਖਾਈ ਮੁਕਾਬਲਾ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸ 'ਚ 3ਜੀ ਤੋਂ 6ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਆਪਣੀ ਸੁੰਦਰ ਲਿਖਤ ਭਾਸ਼ਾ ਕੌਸ਼ਲ ਦਾ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਦਾ ਮਕਸਦ ਨੌਜਵਾਨ ਵਿਦਿਆਰਥੀਆਂ 'ਚ ਸਾਫ਼-ਸੁਥਰੀ ਤੇ ਪੜ੍ਹਨਯੋਗ ਲਿਖਾਈ ਦੇ ਮਹੱਤਵ ਉਭਾਰਨਾ ਸੀ।ਮੁਕਾਬਲੇ ਵਿੱਚ ਚਾਰ ਜਮਾਤਾਂ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਲਿਖਾਈ ਨੂੰ ਨਿਖਾਰਣ ਲਈ ਆਪਣੀ ਲਗਨ ਨੂੰ ਦਰਸਾਇਆ।ਇਹ ਸਮਾਗਮ ਅਧਿਆਪਕਾਂ ਅਤੇ ਮਾਪਿਆਂ ਵੱਲੋਂ ਕਾਫ਼ੀ ਪਸੰਦ ਕੀਤਾ ਗਿਆ।ਸਭ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਭਾਗੀਦਾਰੀ ਅਤੇ ਪ੍ਰਸ਼ੰਸਾ ਦੇ ਸਰਟੀਫਿਕੇਟ ਮਾਣਯੋਗ ਪ੍ਰਿੰਸੀਪਲ ਡਾ. ਰਾਮ ਕ੍ਰਿਸ਼ਨ ਯਾਦਵ ਜੀ ਵੱਲੋਂ ਦਿੱਤੇ ਗਏ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਲਿਖਤ ਯੋਗਤਾਵਾਂ ਨੂੰ ਹੋਰ ਨਿਖਾਰਣ ਲਈ ਉਤਸ਼ਾਹਿਤ ਕੀਤਾ ਤੇ ਸਮਾਗਮ ਦੀ ਸਫਲਤਾ ਲਈ ਵਿਦਿਆਰਥੀਆਂ ਅਤੇ ਅਧਿਆਪਕਾਂ ਦੋਹਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਸਮਾਗਮ ਦਾ ਸੁਚੱਜਾ ਆਯੋਜਨ ਅਤੇ ਸਮਰਥ ਨਿਰਵਾਹਣ ਮਿਸ ਸ਼ਾਲੂ ਸਚਦੇਵਾ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਮੁਕਾਬਲੇ ਦੀ ਪ੍ਰਬੰਧਕੀ 'ਚ ਮਹੱਤਵਪੂਰਨ ਭੂਮਿਕਾ ਨਿਭਾਈ।

## ਨਸ਼ਾ ਵੇਚਣ ਵਾਲੇ ਦੀ ਜਾਣਕਾਰੀ ਦੇਣ ਵਾਲੇ ਦੀ ਪਛਾਣ ਗੁਪਤ ਰੱਖਾਂਗੇ : ਡੀ ਐੱਸ ਪੀ

■ ਤੁਹਾਡੇ ਵੱਲੋਂ ਦਿੱਤੀ ਜਾਣਕਾਰੀ ਕਈ ਘਰਾਂ ਨੂੰ ਬਰਬਾਦ ਹੋਣ ਤੋਂ ਬਚਾ ਸਕਦੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਡੀ.ਐੱਸ.ਪੀ. ਬਾਘਾ ਪੁਰਾਣਾ ਦਲਵੀਰ ਸਿੰਘ ਸਿੱਧੂ ਨੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ, ਡੀ.ਜੀ.ਪੀ. ਗੌਰਵ ਯਾਦਵ ਤੇ ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ 'ਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵੱਡੇ ਪੱਧਰ 'ਤੇ ਚਲਾਈ ਜਾ ਰਹੀ ਹੈ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।ਡੀ.ਐੱਸ.ਪੀ. ਦਲਵੀਰ ਸਿੰਘ ਨੇ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਬਾਅਦ ਨਸ਼ਿਆਂ ਦੀ ਰੋਕਥਾਮ 'ਚ ਕਾਫ਼ੀ ਠੱਲ੍ਹ ਪਈ ਹੈ। ਪੱਤਰਕਾਰਾਂ ਰਾਹੀਂ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਜੜ੍ਹ ਨੂੰ ਮੁੱਢੋਂ ਖਤਮ ਕਰਨ ਲਈ ਲੋਕਾਂ ਦਾ ਸਹਿਯੋਗ ਬਹੁਤ ਹੀ ਜ਼ਰੂਰੀ ਹੈ ਤਾਂ ਹੀ ਅਸੀਂ ਇਸ ਸਮਾਜ ਵਿਰੋਧੀ ਅਲਾਮਤ ਨੂੰ ਜੜ੍ਹੋਂ ਖਤਮ ਕਰ ਸਕਦੇ ਹਾਂ।ਉਨ੍ਹਾਂ ਕਿਹਾ ਕਿ ਸ਼ਹਿਰ ਪੱਧਰ 'ਤੇ ਵਾਰਡ ਕੌਂਸਲਰਾਂ ਤੇ ਵਾਰਡ ਇੰਚਾਰਜਾਂ ਨੂੰ ਚਾਹੀਦਾ ਹੈ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਮਹਿਲਾ ਨਸ਼ੇ ਦੀ ਤਸਕਰੀ ਜਾਂ ਨਸ਼ੇ ਦਾ ਸੇਵਨ ਕਰਦੀ ਹੈ ਤਾਂ ਇਸ ਦੀ ਜਾਣਕਾਰੀ ਤੁਰੰਤ ਪੁਲਸ ਨੂੰ ਦਿੱਤੀ ਜਾਵੇ, ਜਿਸ ਦਾ ਨਾਮ ਤੇ ਪਤਾ ਗੁਪਤ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕਾਂ ਨੂੰ ਇਸ ਦੀ ਜਾਣਕਾਰੀ ਹੁੰਦੀ ਹੈ ਕਿ ਉਸ ਦੇ ਮੁਹੱਲੇ, ਪਿੰਡ, ਗਲੀ ਜਾਂ ਵਾਰਡ ਵਿੱਚ ਕੌਣ-ਕੌਣ ਨਸ਼ੇ ਦੀ ਤਸਕਰੀ ਕਰਦਾ ਹੈ ਅਤੇ ਕਿਹੜੇ-ਕਿਹੜੇ ਲੋਕ ਮਾੜੀ ਸੰਗਤ ਦਾ ਸ਼ਿਕਾਰ ਹਨ, ਪਰ ਉਹ ਲੋਕ ਪੁਲਸ ਦਾ ਸਹਿਯੋਗ ਇਸ ਲਈ ਨਹੀਂ ਕਰਦੇ, ਕਿਉਂਕਿ ਉਨ੍ਹਾਂ ਦੇ ਮਨ ਵਿੱਚ ਡਰ ਹੁੰਦਾ ਹੈ ਕਿ ਜੇਕਰ ਅਸੀਂ ਇਸ ਦੀ ਜਾਣਕਾਰੀ ਪੁਲਸ ਨੂੰ ਦਿੱਤੀ ਤਾਂ ਉਨ੍ਹਾਂ ਨਾਲ ਸਾਡਾ ਵੈਰ ਵਿਰੋਧ ਪੈ ਜਾਵੇਗਾ ਅਤੇ ਉਹ ਕਿਸੇ ਵੀ ਸਮੇਂ ਸਾਡਾ ਨੁਕਸਾਨ ਕਰ ਸਕਦੇ ਹਨ, ਜਿਸ ਕਰ ਕੇ ਅਜਿਹੇ ਮਾੜੇ ਲੋਕਾਂ ਦੇ ਹੌਸਲੇ ਹੋਰ ਵੀ ਤੇਜ ਹੁੰਦੇ ਹਨ।ਮੈਂ ਡੀ.ਐੱਸ.ਪੀ. ਦਲਵੀਰ ਸਿੰਘ ਬਾਘਾ ਪੁਰਾਣਾ ਆਪ ਸਭ ਨੂੰ ਇਸ ਗੱਲ ਦਾ ਵਿਸ਼ਵਾਸ ਦਿਵਾਉਂਦਾ ਹੈ ਕਿ ਜੇਕਰ ਤੁਹਾਨੂੰ ਲੱਗਦਾ ਹੈ ਕਿ ਸਾਡੇ ਮੁਹੱਲੇ, ਗਲੀ, ਵਾਰਡ ਜਾਂ ਪਿੰਡ ਵਿੱਚ ਕੋਈ ਬੰਦਾ ਨਸ਼ੇ ਦੀ ਤਸਕਰੀ ਕਰਦਾ ਹੈ ਜਾਂ ਉਹ ਨੌਜਵਾਨਾਂ ਨੂੰ ਨਸ਼ੇ 'ਤੇ ਲਗਾਉਂਦਾ ਹੈ ਤਾਂ ਤੁਸੀਂ ਇਸ ਦੀ ਜਾਣਕਾਰੀ ਮੈਨੂੰ ਨਿੱਜੀ ਤੌਰ 'ਤੇ ਦਿਉ, ਤੁਹਾਡੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਤੇ ਤੁਹਾਡੇ ਵੱਲੋਂ ਦਿੱਤੀ ਗਈ ਜਾਣਕਾਰੀ ਨੂੰ ਬਿਲਕੁੱਲ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਡੀ ਐੱਸ ਪੀ ਦਲਵੀਰ ਸਿੰਘ ਨੇ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਨੰਬਰਦਾਰਾਂ ਤੇ ਬਾਘਾ ਪੁਰਾਣਾ ਸ਼ਹਿਰ ਦੇ ਕੌਂਸਲਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਪੱਧਰ 'ਤੇ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਮੁਹਿੰਮ ਦਾ ਹਿੱਸਾ ਬਣਦੇ ਹੋਏ ਲੋਕਾਂ ਨੂੰ ਨਸ਼ਿਆਂ ਦੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਤੇ ਜੇਕਰ ਕਿਤੇ ਵੀ ਪੁਲਸ ਦੀ ਲੋੜ ਹੈ ਤਾਂ ਉਹ ਹਮੇਸ਼ਾ ਤੁਹਾਡੇ ਨਾਲ ਖੜ੍ਹੇ ਹਨ।ਉਨ੍ਹਾਂ ਅਖੀਰ ਵਿਚ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਪੱਧਰ ਅਤੇ ਵਾਰਡ ਪੱਧਰ 'ਤੇ ਨਸ਼ਾ ਵਿਰੋਧੀ ਕਮੇਟੀਆਂ ਬਣਾ ਕੇ ਲੋਕਾਂ ਨੂੰ ਜਾਗਰੂਕ ਕਰਨ।

## ਤਨਖਾਹਾਂ ਨੂੰ ਤਰਸੇ ਅਧਿਆਪਕ : ਅਮਨਦੀਪ ਸ਼ਰਮਾ

### ਖ਼ਜ਼ਾਨਾ ਅਫ਼ਸਰ ਨੂੰ ਮਿਲਿਆ ਅਧਿਆਪਕਾਂ ਦਾ ਵਫ਼ਦ : ਗੁਰਜੰਟ ਸਿੰਘ ਬੱਛੋਆਣਾ

**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਅਧਿਆਪਕ ਜਥੇਬੰਦੀ, ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਅਪ੍ਰੈਲ ਦਾ ਸਾਰਾ ਮਹੀਨਾ ਲੰਘਣ ਨੂੰ ਆਇਆ ਹੈ ਪਰ ਅਜੇ ਵੀ ਅਧਿਆਪਕ ਤਨਖਾਹਾਂ ਤੋਂ ਵਾਂਝੇ ਹਨ। ਉਨ੍ਹਾਂ ਪੰਜਾਬ ਸਰਕਾਰ ਤੋਂ ਅਧਿਆਪਕਾਂ ਦੀਆਂ ਰੁਕੀਆਂ ਤਨਖਾਹਾਂ ਦੇ ਬਿਲ ਜਲਦੀ ਪਾਸ ਕਰਨ ਦੀ ਮੰਗ ਕੀਤੀ ਹੈ। ਜੱਥੇਬੰਦੀ ਦੇ ਸੂਬਾਈ ਪ੍ਰਚਾਰ ਸਕੱਤਰ ਗੁਰਜੰਟ ਸਿੰਘ ਬੱਛੋਆਣਾ ਨੇ ਕਿਹਾ ਕਿ ਅੱਜ ਜਥੇਬੰਦੀ ਦਾ ਇੱਕ ਵਫ਼ਦ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਨੂੰ ਮਿਲਿਆ। ਅਧਿਕਾਰੀ ਨੇ ਕਿਹਾ ਕਿ 15 ਅਪ੍ਰੈਲ ਤੱਕ ਦੇ ਟੋਕਨ ਲੱਗੇ ਸਾਰੇ ਬਿੱਲ ਕਲੀਅਰ ਹੋ ਗਏ ਹਨ ਅਤੇ ਬਾਕੀ ਬਿੱਲ ਕੱਲ੍ਹ ਕਲੀਅਰ ਹੋਣ ਦੀ ਸੰਭਾਵਨਾ ਹੈ।ਮੁੱਖ ਅਧਿਆਪਕ ਜਥੇਬੰਦੀ ਪੰਜਾਬ ਵੱਲੋਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਹੈ ਕਿ ਅਧਿਆਪਕਾਂ ਦੀਆਂ ਤਨਖਾਹਾਂ ਦੇ ਬਿਲ ਜਲਦੀ ਕਲੀਅਰ ਕੀਤੇ ਜਾਣ।ਇਸ ਸਮੇਂ ਹਰਭਜਨ ਸਿੰਘ, ਜਗਤਾਰ ਸਿੰਘ ਔਲਖ, ਰਾਮਨਾਥ ਧੀਰਾ, ਦਰਸ਼ਨ ਸਿੰਘ ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।

## ਸੱਤ ਵਿਦਿਆਰਥੀਆਂ ਜੇ ਈ ਈ ਐਡਵਾਂਸਡ ਲਈ ਯੋਗਤਾ ਪ੍ਰਾਪਤ ਕਰ ਵਿਵੇਕਾਨੰਦ ਸਕੂਲ ਦਾ ਨਾਂਅ ਰੌਸ਼ਨ ਕੀਤਾ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਇਹ ਸਕੂਲ ਲਈ ਮਾਣ ਦੇ ਪਲ ਹਨ, ਜਦੋਂ ਕਿ ਵਿਵੇਕਾਨੰਦ ਵਰਲਡ ਸਕੂਲ ਦੇ ਸੱਤ ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼-2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜੇਈਈ ਐਡਵਾਂਸਡ-2025 ਲਈ ਯੋਗਤਾ ਹਾਸਲ ਕਰ ਸਕੂਲ ਨੂੰ ਸਨਮਾਨ ਦਿੱਤਾ ਹੈ।ਸਕੂਲ ਦੇ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਦੱਸਿਆ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਸਖ਼ਤ ਅਨੁਸ਼ਾਸਨ ਤੇ ਸਕੂਲ ਵੱਲੋਂ ਮੁਹੱਈਆ ਕਰਵਾਏ ਗਏ ਮਜ਼ਬੂਤ ਅਕਾਦਮਿਕ ਮਾਹੌਲ ਦਾ ਨਤੀਜਾ ਹੈ।ਵਿਵੇਕਾਨੰਦ ਵਰਲਡ ਸਕੂਲ ਹਮੇਸ਼ਾ ਹੀ ਉੱਚ ਗੁਣਵੱਤਾ ਵਾਲੀ ਸਿੱਖਿਆ ਤੇ ਮੁਕਾਬਲਾਤਮਕ ਪ੍ਰੀਖਿਆਵਾਂ ਦੀ ਤਿਆਰੀ ਲਈ ਪ੍ਰਸਿੱਧ ਰਿਹਾ ਹੈ।ਇਸ ਸਾਲ ਦੀ ਇਹ ਉਪਲਬਧੀ ਉਸੇ ਰਵਾਇਤ ਨੂੰ ਅੱਗੇ ਵਧਾਉਂਦੀ ਹੈ।ਡਾ. ਰੁਦਰਾ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ 'ਤੇ ਖ਼ੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਸਾਡੇ ਲਈ ਵੱਡੇ ਮਾਣ ਦੀ ਗੱਲ ਹੈ ਕਿ ਸਾਡੇ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ ਦੀ ਇਸ ਮੁਸ਼ਕਲ ਪ੍ਰੀਖਿਆ ਵਿੱਚ ਉੱਚ ਪ੍ਰਦਰਸ਼ਨ ਕੀਤਾ ਹੈ।ਇਹ ਸਫਲਤਾ ਸਿਰਫ਼ ਉਨ੍ਹਾਂ ਦੇ ਆਤਮ ਵਿਸ਼ਵਾਸ ਤੇ ਮਿਹਨਤ ਦਾ ਹੀ ਨਤੀਜਾ ਨਹੀਂ, ਸਗੋਂ ਸਾਡੇ ਅਧਿਆਪਕਾਂ ਦੀ ਮਾਰਗਦਰਸ਼ਨ ਤੇ ਸਕੂਲ ਦੀ ਲਗਨ ਦਾ ਵੀ ਸਾਫ਼ ਪ੍ਰਮਾਣ ਹੈ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ ਤੇ ਕਿਹਾ ਕਿ ਸਕੂਲ ਜੇਈਈ ਐਡਵਾਂਸਡ ਦੀ ਤਿਆਰੀ ਵਿੱਚ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਜਿਹੜੇ ਵਿਦਿਆਰਥੀਆਂ ਨੇ ਜੇਈਈ ਐਡਵਾਂਸਡ ਲਈ ਯੋਗਤਾ ਹਾਸਲ ਕੀਤੀ ਹੈ, ਉਹ ਹਨ ਅੰਸ਼ਿਕਾ (99.4 ਪ੍ਰਤੀਸ਼ਤ), ਵੈਭਵ ਚੰਧੋਕ (99.21 ਪ੍ਰਤੀਸ਼ਤ), ਹਾਰਦਿਕ (99.08 ਪ੍ਰਤੀਸ਼ਤ), ਹਿਰਾਂਸ਼ ਚਾਵਲਾ (97.6 ਪ੍ਰਤੀਸ਼ਤ), ਯਸ਼ (97 ਪ੍ਰਤੀਸ਼ਤ), ਨਮਨ ਸਿੰਗਲਾ (96.38 ਪ੍ਰਤੀਸ਼ਤ) ਤੇ ਭਵਿਆ, ਜਿਸ ਨੇ ਪਿਛਲੇ ਯਤਨ ਵਿੱਚ 93.34 ਪ੍ਰਤੀਸ਼ਤ ਹਾਸਲ ਕਰਕੇ ਯੋਗਤਾ ਪ੍ਰਾਪਤ ਕੀਤੀ ਸੀ।

## ਪੀ ਜੀ ਆਈ ਦੇ ਪ੍ਰੋ. ਪਿਨਾਕੀ ਦੱਤਾ ਨੂੰ ਸਮੰਤ ਚੰਦਰ ਸ਼ੇਖਰ ਐਵਾਰਡ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਦੇ ਐਂਡੋਕ੍ਰਾਈਨੋਲੋਜੀ ਵਿਭਾਗ ਵਿੱਚ ਤਾਇਨਾਤ ਪ੍ਰੋ. ਪਿਨਾਕੀ ਦੱਤਾ ਨੂੰ ਉੜੀਸਾ ਸਰਕਾਰ ਵੱਲੋਂ 'ਸਮੰਤ ਚੰਦਰ ਸ਼ੇਖਰ' ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਪ੍ਰਤਿਸ਼ਠਿਤ ਇਨਾਮ ਉੜੀਸਾ ਸਰਕਾਰ ਵੱਲੋਂ ਉਨ੍ਹਾਂ ਮਸ਼ਹੂਰ ਓੜੀਆ ਵਿਗਿਆਨੀਆਂ ਨੂੰ ਦਿੱਤਾ ਜਾਂਦਾ ਹੈ, ਜੋ ਰਾਜ ਦੇ ਬਾਹਰ ਵਿਗਿਆਨ ਤੇ ਤਕਨਾਲੋਜੀ ਦੇ ਖੇਤਰ ਵਿੱਚ ਜ਼ਿਕਰਯੋਗ ਯੋਗਦਾਨ ਪਾਉਂਦੇ ਹਨ।ਪ੍ਰੋ. ਦੱਤਾ ਨੇ 2000 ਵਿੱਚ ਪੀ ਜੀ ਆਈ ਚੰਡੀਗੜ੍ਹ ਤੋਂ ਐੱਮ ਡੀ (ਇੰਟਰਨਲ ਮੈਡੀਸਨ) ਤੇ 2003 ਵਿੱਚ ਡੀ ਐੱਮ (ਐਂਡੋਕ੍ਰਾਈਨੋਲੋਜੀ) ਕੀਤਾ।ਪ੍ਰਾਪਤ ਸਮਾਚਾਰ ਅਨੁਸਾਰ ਉਨ੍ਹਾਂ ਸਾਲ 2004 ਵਿੱਚ ਪੀ ਜੀ ਆਈ ਚੰਡੀਗੜ੍ਹ ਵਿੱਚ ਅਸਿਸਟੈਂਟ ਪ੍ਰੋਫੈਸਰ ਵਜੋਂ ਆਪਣਾ ਅਕਾਦਮਿਕ ਕੈਰੀਅਰ ਸ਼ੁਰੂ ਕੀਤਾ ਤੇ 2015 ਵਿੱਚ ਐਸੋਸੀਏਟ ਪ੍ਰੋਫੈਸਰ, 2018 ਵਿੱਚ ਐਡੀਸ਼ਨਲ ਪ੍ਰੋਫੈਸਰ ਬਣੇ। ਉਨ੍ਹਾਂ ਨੇ 24 ਸਾਲਾਂ ਤੋਂ ਵੱਧ ਸਮਰਪਤ ਸੇਵਾ ਦੌਰਾਨ ਐਂਡੋਕ੍ਰਾਈਨੋਲੋਜੀ ਖੇਤਰ, ਖਾਸ ਕਰਕੇ ਪਿਚੂਟਰੀ ਬਿਮਾਰੀਆਂ 'ਤੇ ਮਹੱਤਵਪੂਰਨ ਕੰਮ ਕੀਤਾ ਹੈ।ਉਨ੍ਹਾਂ ਨੇ ਪਿਚੂਟਰੀ ਟਿਊਮਰਾਂ ਦੇ ਇਲਾਜ ਦੀ ਰਣਨੀਤੀ ਨੂੰ ਰਿਵਾਇਤੀ ਢੰਗ ਤੋਂ ਬਦਲ ਕੇ ਨਵਾਂ ਰੂਪ ਦਿੱਤਾ।ਉਨ੍ਹਾਂ ਨੂੰ ਪਹਿਲਾਂ ਵੀ ਕਈ ਸਨਮਾਨਯੋਗ ਇਨਾਮਾਂ ਨਾਲ ਨਵਾਜਿਆ ਜਾ ਚੁੱਕਿਆ ਹੈ।ਉਹ ਅੰਤਰਰਾਸ਼ਟਰੀ ਪੱਧਰ 'ਤੇ ਕਈ ਦੇਸ਼ਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰ ਚੁੱਕੇ ਹਨ।

## ਸੀ ਪੀ ਆਈ (ਐੱਮ) ਜ਼ਿਲ੍ਹਾ ਮਾਨਸਾ ਦੀ ਜਨਰਲ ਬਾਡੀ ਮੀਟਿੰਗ 27 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**

ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਜ਼ਿਲ੍ਹਾ ਮਾਨਸਾ ਦੀ ਜਨਰਲ ਬਾਡੀ ਮੀਟਿੰਗ 27 ਅਪ੍ਰੈਲ ਦਿਨ ਐਤਵਾਰ ਨੂੰ ਸਵੇਰੇ 11 ਵਜੇ ਕਾਮਰੇਡ ਗੱਜਣ ਸਿੰਘ ਟਾਂਡੀਆਂ ਭਵਨ ਮਾਨਸਾ ਵਿਖੇ ਹੋਵੇਗੀ।ਮੀਟਿੰਗ 'ਚ ਜ਼ਿਲ੍ਹਾ ਕਮੇਟੀ ਦੇ ਮੈਂਬਰਾਂ ਸਮੇਤ ਪਾਰਟੀ ਦੀਆਂ ਤਿੰਨਾਂ ਤਹਿਸੀਲਾਂ ਬੁਢਲਾਡਾ, ਸਰਦੂਲਗੜ੍ਹ ਅਤੇ ਮਾਨਸਾ ਦੀਆਂ ਕਮੇਟੀਆਂ ਦੇ ਮੈਂਬਰ, ਸਾਰੀਆਂ ਬ੍ਰਾਂਚਾਂ ਦੇ ਸਕੱਤਰ ਵੀ ਸ਼ਾਮਲ ਹੋਣਗੇ। ਜਾਣਕਾਰੀ ਦਿੰਦਿਆਂ ਸੀ ਪੀ ਆਈ (ਐੱਮ) ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਦੱਸਿਆ ਕਿ ਮੀਟਿੰਗ ਨੂੰ ਸੰਬੋਧਨ ਕਰਨ ਲਈ ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਦਲਿਓ ਨੇ ਦੱਸਿਆ ਕਿ ਕਾਮਰੇਡ ਸੇਖੋਂ ਮੁੱਖ ਤੌਰ 'ਤੇ ਪਾਰਟੀ ਦੀ ਮਦੁਰਾਈ (ਤਾਮਿਲਨਾਡੂ) ਵਿੱਖੇ ਸੰਪੰਨ ਪਾਰਟੀ ਕਾਂਗਰਸ ਦੇ ਫੈਸਲਿਆਂ ਅਤੇ ਅਗਾਮੀ ਸਮੇਂ ਦੌਰਾਨ ਉਲੀਕੇ ਜਾਣ ਵਾਲੇ ਪ੍ਰੋਗਰਾਮਾਂ ਬਾਰੇ ਵੀ ਵਿਸਥਾਰ 'ਚ ਚਾਨਣਾ ਪਾਉਣਗੇ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕੌਮਾਂਤਰੀ, ਰਾਸ਼ਟਰੀ ਅਤੇ ਪੰਜਾਬ ਦੀ ਸਥਿਤੀ ਤੇ ਵੀ ਚਰਚਾ ਕੀਤੀ ਜਾਵੇਗੀ। ਕਮਿਊਨਿਸਟ ਆਗੂ ਨੇ ਅਪੀਲ ਕੀਤੀ ਹੈ ਕਿ ਸਾਰੇ ਸਾਥੀ ਮੀਟਿੰਗ ਵਿੱਚ 27 ਅਪ੍ਰੈਲ ਨੂੰ ਸਵੇਰੇ 11 ਵਜੇ ਪਹੁੰਚਣ ਦੀ ਖੇਚਲ ਕਰਨ।

## ਟੀ ਐੱਸ ਯੂ ਵੱਲੋਂ ਨਿੱਜੀਕਰਨ ਖਿਲਾਫ ਰੋਸ ਰੈਲੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਟੈਕਨੀਕਲ ਸਰਵਿਸ ਯੂਨੀਅਨ ਭੀਖੀ ਵੱਲੋਂ ਸੂਬਾ ਕਮੇਟੀ ਦੇ ਸੱਦੇ 'ਤੇ ਬਿਜਲੀ ਬੋਰਡ ਦੀਆਂ ਡਵੀਜ਼ਨਾਂ ਲਾਲੜੂ ਤੇ ਖਰੜ ਨੂੰ ਮੁਕੰਮਲ ਨਿੱਜੀਕਰਨ ਦੇ ਵਿਰੋਧ ਵਿੱਚ ਰੋਸ ਰੈਲੀ ਕੀਤੀ ਗਈ।ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਭਰਾਤਰੀ ਜਥੇਬੰਦੀ ਪ੍ਰਗਤੀਸ਼ੀਲ ਦੁਕਾਨਦਾਰ ਯੂਨੀਅਨ ਦੇ ਆਗੂ ਕਾ. ਧਰਮਪਾਲ ਨੀਟਾ ਨੇ ਕਿਹਾ ਕਿ ਸਰਕਾਰਾਂ ਇਕੱਲੇ ਬਿਜਲੀ ਬੋਰਡ ਦਾ ਹੀ ਨਿੱਜੀਕਰਨ ਨਹੀਂ ਕਰ ਰਹੀਆਂ, ਸਗੋਂ ਅੱਜ ਸਰਕਾਰਾਂ ਕਾਰਪੋਰੇਟਾਂ ਦੇ ਹਿੱਤਾਂ ਨੂੰ ਧਿਆਨ 'ਚ ਰੱਖਦੇ ਹੋਏ ਵੱਡੇ ਵੱਡੇ ਸ਼ਾਪਿੰਗ ਮਾਲ ਖੁੱਲ੍ਹ ਰਹੇ ਹਨ, ਜਿਨ੍ਹਾਂ ਦਾ ਦੁਕਾਨਦਾਰੀ 'ਤੇ ਮਾਰੂ ਪ੍ਰਭਾਵ ਪਵੇਗਾ।ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਦਿਨੇਸ਼ ਸੋਨੀ ਨੇ ਕਿਹਾ ਕਿ ਸਰਕਾਰ ਸਰਕਾਰੀ ਸੈਕਟਰ ਦੇ ਅਦਾਰਿਆਂ ਦੇ ਨਿੱਜੀਕਰਨ ਨਾਲ ਬਿਜਲੀ ਉਪਭੋਗਤਾਵਾਂ ਨੂੰ ਆਉਣ ਵਾਲੇ ਸਮੇਂ ਵਿੱਚ ਮਹਿੰਗੀ ਬਿਜਲੀ ਦੇ ਬਿਲ ਭਰਨੇ ਪੈਣਗੇ।ਟੀਐੱਸਯੂ ਦੇ ਆਗੂ ਰਾਮ ਸਿੰਘ ਤੇ ਜਸਪਾਲ ਸਿੰਘ ਅਤਲਾ ਨੇ ਕਿਹਾ ਕਿ ਸਰਕਾਰ ਤੇ ਬਿਜਲੀ ਬੋਰਡ ਮੈਨੇਜਮੈਂਟ ਰਲ ਕੇ ਬਿਜਲੀ ਬੋਰਡ ਨੂੰ ਇੱਕੋ ਵਾਰੀ ਨਿੱਜੀਕਰਨ ਨਾ ਕਰਕੇ ਉਸ ਦੇ ਛੋਟੇ ਛੋਟੇ ਟੁਕੜੇ ਕਰਕੇ ਨਿੱਜੀਕਰਨ ਕਰਨ ਦੇ ਰਾਹ ਤੋਂ ਨਹੀਂ ਹਟ ਰਹੇ।ਟੈਕਨੀਕਲ ਸਰਵਿਸ ਯੂਨੀਅਨ ਮੰਡਲ ਪ੍ਰਧਾਨ ਰਮਨ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਬੁਢਲਾਡਾ ਸਬ ਡਵੀਜ਼ਨ ਵਿੱਚ ਵੀ ਰੋਸ ਰੈਲੀਆਂ ਕੀਤੀਆਂ ਗਈਆਂ ਹਨ।ਇਸ ਰੋਸ ਰੈਲੀ ਨੂੰ ਪਾਵਰ ਟ੍ਰਾਂਸਕੋ ਦੇ ਸਕੱਤਰ ਕਾਲਾ ਸਿੰਘ ਸਮਾਓਂ, ਗੁਰਸੇਵਕ ਸਿੰਘ ਪੈਨਸ਼ਨਰਜ਼ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਮੰਡਲ ਦੇਸ ਰਾਜ ਮੰਗਾਣੀਆਂ, ਪੈਨਸ਼ਨਰਜ਼ ਯੂਨੀਅਨ (ਅਜ਼ਾਦ) ਦੇ ਜਗਤਾਰ ਸਿੰਘ ਬੱਪੀਆਣਾ ਤੇ ਮਹਿੰਦਰ ਸਿੰਘ ਭੀਖੀ ਆਦਿ ਨੇ ਕਿਹਾ ਕਿ ਜੇਕਰ ਸਰਕਾਰਾਂ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਤੋੜਦੇ ਹਨ ਤਾਂ ਸਾਡਾ ਸਾਰਿਆਂ ਦਾ ਫਰਜ਼ ਬਣਦਾ ਕਿ ਅਸੀਂ ਲੋਕਾਂ ਦੇ ਖ਼ੂਨ ਪਸੀਨੇ ਦੀ ਕਮਾਈ ਨਾਲ ਉਸਾਰੇ ਗਏ ਸਰਕਾਰੀ ਅਦਰਿਆਂ ਨੂੰ ਬਚਾਉਣ ਲਈ ਸਰਕਾਰ ਤੇ ਮੈਨੇਜਮੈਂਟ ਖਿਲਾਫ ਇੱਕਜੁਟ ਹੋ ਕੇ ਲੜੀਏ।

## ਬੇਰੁਜ਼ਗਾਰ ਅਧਿਆਪਕਾਂ 'ਤੇ ਕੀਤੇ ਪੁਲਸ ਤਸ਼ੱਦਦ ਦੀ ਨਿਖੇਧੀ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਦੇਸ਼ ਭਗਤ ਯਾਦਗਾਰ ਕਮੇਟੀ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਨੇ ਬੇਰੁਜ਼ਗਾਰ ਅਧਿਆਪਕਾਂ 5994 ਭਰਤੀ ਵਾਲਿਆਂ 'ਤੇ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਅੰਨ੍ਹੇ ਅਣਮਨੁੱਖੀ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਦੇਸ਼ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਭਗਤ ਸਿੰਘ ਲਾਇਬ੍ਰੇਰੀ ਦੇ ਕਮਲਜੀਤ ਵਿੱਕੀ, ਲਖਵੀਰ ਲੱਖੀ ਨੇ ਪੰਜਾਬ ਨੂੰ ਪੁਲਸ ਰਾਜ 'ਚ ਤਬਦੀਲ ਕਰਨ ਦੀਆਂ ਕਰਵਾਈਆਂ ਨੂੰ ਕਰੜੇ ਹੱਥੀਂ ਲੈਂਦਿਆਂ ਇਸ ਨੂੰ ਲੋਕ ਧ੍ਰੋਹ ਗਰਦਾਨਿਆ।ਉਨ੍ਹਾਂ ਕਿਹਾ ਕਿ ਸੱਤਾ 'ਚ ਆਉਣ ਵੇਲੇ 'ਆਪ' ਦੀ ਭਗਵੰਤ ਮਾਨ ਸਰਕਾਰ ਨੇ ਬੇਰੁਜ਼ਗਾਰੀ ਦਾ ਨਾਮੋਨਿਸ਼ਾਨ ਮਿਟਾ ਕੇ ਨੌਜਵਾਨਾਂ ਨੂੰ ਫੌਰੀ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ ਅਤੇ ਹੋਰ ਅਨੇਕ ਵਾਅਦੇ, ਜਿਸ ਵਿੱਚ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ, ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਆਦਿ ਦੇ ਵਾਅਦੇ ਵੀ ਕੀਤੇ ਸਨ, ਜਿਨ੍ਹਾਂ ਨੂੰ ਤੁਰੰਤ ਪੂਰਾ ਕੀਤਾ ਜਾਣਾ ਚਾਹੀਦਾ ਹੈ। ਜੋ ਲੋਕ ਜਥੇਬੰਦੀਆਂ ਰਾਹੀਂ ਇਨ੍ਹਾਂ ਚੋਣ ਵਾਅਦਿਆਂ ਨੂੰ ਪੂਰਾ ਕਰਨ ਲਈ ਮੰਤਰੀਆਂ, ਡੀ ਸੀ ਦਫਤਰਾਂ ਦਾ ਘਿਰਾਓ ਕਰਦੇ ਹਨ, ਉਹਨਾਂ ਨੂੰ ਪੁਲਸ ਦੀ ਅੰਨੀ ਕੁੱਟ ਅਤੇ ਗ਼ੈਰ ਮਨੁੱਖੀ ਪੁਲਸ ਤਸ਼ੱਦਦ ਪਿੰਡਿਆਂ 'ਤੇ ਝੱਲਣਾ ਪੈਂਦਾ ਹੈ। ਇਹ ਲੋਕਤੰਤਰ ਦਾ ਸ਼ਰੇਆਮ ਘਾਣ ਹੈ।ਇਸ ਮੌਕੇ ਸੰਸਥਾ ਦੇ ਖਜ਼ਾਨਚੀ ਅਨਿਲ ਕੁਮਾਰ, ਬੀਰਬਲ ਸਿੰਘ, ਮਾ. ਚੰਦਰ ਸ਼ੇਖਰ, ਸੁਖਪਾਲ ਸਿੰਘ, ਰਣਜੀਤ ਸਿੰਘ, ਸੰਦੀਪ ਸਿੰਘ, ਗੁਰਮੇਲ ਸਿੰਘ, ਕੇਵਲ ਸਿੰਘ, ਸੁਖਵੀਰ ਸਿੰਘ, ਭਾਗ ਸਿੰਘ, ਚਰਨਾ ਸਿੰਘ ਆਦਿ ਆਗੂ ਹਾਜ਼ਰ ਸਨ।

## ਯੁਵਕ ਸੇਵਾਵਾਂ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਲੱਖੋਵਾਲ ਕਲਾਂ ਵਿਖੇ ਯੁਵਕ ਸੇਵਾਵਾਂ ਕਲੱਬ ਵੱਲੋਂ ਯੁਵਕ ਸੇਵਾਵਾਂ ਵਿਭਾਗ ਪੰਜਾਬ, ਡਾਇਰੈਕਟੋਰੇਟ ਯੁਵਕ ਸੇਵਾਵਾਂ ਲੁਧਿਆਣਾ, ਗ੍ਰਾਮ ਪੰਚਾਇਤ ਲੱਖੋਵਾਲ ਕਲਾਂ, ਡਾ. ਭੀਮ ਰਾਓ ਅੰਬੇਡਕਰ ਸੇਵਾ ਸੁਸਾਇਟੀ, ਇਲਾਕੇ ਦੀਆਂ ਸੰਸਥਾਵਾਂ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਦੌਰਾਨ ਮਾਤਾ ਗੁਜਰੀ ਪਬਲਿਕ ਸਕੂਲ ਪਿੰਡ ਮਾਣੇਵਾਲ ਦੇ ਵਿਦਿਆਰਥੀਆਂ ਤੇ ਲੱਖੋਵਾਲ ਕਲਾਂ ਦੇ ਬੱਚਿਆਂ ਨੇ ਭਾਗ ਲੈ ਕੇ ਆਪਣੀ ਕਲਾ ਦਿਖਾਈ ਤੇ ਪਤਵੰਤਿਆਂ ਨੇ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ। ਇਸ ਮੌਕੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਨੋਨੀ ਨੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਅਜਿਹੇ ਸੈਮੀਨਾਰਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਸਮਾਜ ਵਿੱਚੋਂ ਮਾੜੀਆਂ ਕੁਰੀਤੀਆਂ ਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ।

ਇਸ ਮੌਕੇ ਪ੍ਰੀਤ ਕੌਰ ਸਰਪੰਚ, ਗੁਰਦੀਪ ਲਾਲ ਪੰਚ, ਮੋਹਣ ਸਿੰਘ ਪੰਚ, ਮਾਸਟਰ ਛਿੰਦਰਪਾਲ ਸਿੰਘ, ਦੇਵਰਾਜ, ਜਸਵਿੰਦਰ ਸਿੰਘ, ਹਰਲੀਨ ਭੰਗੂ, ਬਲਜਿੰਦਰ ਢਿੱਲੋਂ, ਮੁੱਖ ਅਧਿਆਪਕ ਬਿਕਰਮ ਸਿੰਘ, ਰਮਨ ਲੁਧਿਆਣਾ, ਆਕਾਸ਼ ਲੁਧਿਆਣਾ, ਬਲਜਿੰਦਰ, ਗਿਆਨ ਸਿੰਘ, ਨਵਦੀਪ ਸਿੰਘ ਮੌਜੂਦ ਸਨ।

## ਸੂਚਨਾ ਕਮਿਸ਼ਨ ਵੱਲੋਂ 3 ਲੋਕ ਸੂਚਨਾ ਅਧਿਕਾਰੀ ਤਲਬ



ਜਾਣਕਾਰੀ ਦਿੰਦੇ ਬ੍ਰਿਸ਼ ਭਾਨ ਬੁਜਰਕ

**ਪਾਤੜਾਂ (ਨਿਸਾਨ ਸਿੰਘ ਬਣਵਾਲਾ)**-ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਆਰ ਟੀ ਆਈ 'ਚ ਮੰਗਿਆ ਗਿਆ ਰਿਕਾਰਡ ਮੁੱਹਈਆ ਨਾ ਕਰਵਾਏ ਜਾਣ ਦੇ 3 ਮਾਮਲਿਆਂ 'ਚ ਲੋਕ ਸੂਚਨਾ ਅਧਿਕਾਰੀਆਂ ਨੂੰ ਚੰਡੀਗੜ੍ਹ ਤਲਬ ਕੀਤਾ ਹੈ।ਆਰ ਟੀ ਆਈ ਮਾਹਿਰ ਅਤੇ ਸਮਾਜ ਸੇਵੀ ਭਾਨ ਬੁਜਰਕ ਨੇ ਦੱਸਿਆ ਕਿ ਬਲਾਕ ਸਮਾਣਾ ਦੇ ਜੰਗਲਾਤ ਅਫ਼ਸਰ ਕੋਲੋਂ ਇੱਕ ਕਲੋਨੀ ਨੂੰ ਰਸਤਾ ਦੇਣ ਸਬੰਧੀ ਭਰਵਾਈ ਗਈ ਫ਼ੀਸ ਦੇ ਰਿਕਾਰਡ ਦੀ ਮੰਗ ਕੀਤੀ ਗਈ ਸੀ ਪਰ ਉਨ੍ਹਾਂ ਵੱਲੋਂ ਢੁਕਵੀਂ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਇਸੇ ਤਰ੍ਹਾਂ ਹੀ ਜ਼ਿਲ੍ਹੇ ਦੇ ਮਾਈਨਿੰਗ ਅਫਸਰ ਕੋਲੋਂ ਵੀ ਮਿੱਟੀ ਚੁੱਕੇ ਜਾਣ ਦੀ ਫੀਸ ਸਬੰਧੀ ਪੁੱਛਿਆ ਗਿਆ ਸੀ।ਉਸ ਦਾ ਵੀ ਰਿਕਾਰਡ ਪ੍ਰਾਪਤ ਨਹੀਂ ਹੋਇਆ।ਤੀਸਰੇ ਮਾਮਲੇ 'ਚ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸੂਚਨਾ ਅਧਿਕਾਰੀ ਨੂੰ ਚੰਡੀਗੜ੍ਹ ਤਲਬ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮਾਮਲਿਆਂ ਦੀ ਸੁਣਵਾਈ ਮਾਣਯੋਗ ਸੂਚਨਾ ਕਮਿਸ਼ਨਰ ਇੰਦਰ ਪਾਲ ਸਿੰਘ ਅਤੇ ਹਰਪ੍ਰੀਤ ਸਿੰਘ ਸੰਧੂ ਵੱਲੋਂ ਕੀਤੀ ਜਾਣੀ ਹੈ।ਇਹ ਸਾਰੇ ਮਾਮਲੇ ਘੱਟੋ-ਘੱਟ ਦੋ ਸਾਲ ਪੁਰਾਣੇ ਹਨ। ਜਿਨ੍ਹਾਂ ਦੀ ਸੂਚਨਾ ਕਮਿਸ਼ਨ ਦੀਆਂ ਅਸਾਮੀਆਂ ਖ਼ਾਲੀ ਹੋਣ ਕਾਰਨ ਸੁਣਵਾਈ ਨਹੀਂ ਹੋ ਸਕੀ।

## ਗੁਰੂ ਰਾਮਦਾਸ ਕਾਲਜ ਆਫ਼ ਫਾਰਮੇਸੀ 'ਚ ਰਾਸ਼ਟਰੀ ਕਾਨਫਰੰਸ



**ਮਲੋਟ (ਗੁਰਮੀਤ ਸਿੰਘ ਮੱਕੜ)**-ਇੰਡੀਅਨ ਫਾਰਮੇਸੀ ਗ੍ਰੈਜ਼ੂਏਟਸ ਐਸੋਸ਼ੀਏਸ਼ਨ (ਆਈ ਪੀ ਜੀ ਏ) ਦੀ ਪੰਜਾਬ ਰਾਜ ਸ਼ਾਖਾ ਵੱਲੋਂ ਗੁਰੂ ਰਾਮਦਾਸ ਗਰੁੱਪ ਆਫ਼ ਕਾਲਜ 'ਚ ਆਪਣੀ ਪਹਿਲੀ ਰਾਸ਼ਟਰੀ ਕਾਨਫਰੰਸ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਕਾਨਫਰੰਸ ਦਾ ਵਿਸ਼ਾ 'ਫਾਰਮਾਸਿਊਟਿਕਲ ਸਿੱਖਿਆ ਅਤੇ ਆਰਟੀਫ਼ੀਸ਼ਲ ਇੰਟੈਲੀਜੈਂਸ ਦਾ ਸਮਨਵੈ ਇੱਕ ਨਵੇਂ ਯੁੱਗ ਦੀ ਸ਼ੁਰੂਆਤ'। ਇਸ ਕਾਨਫਰੰਸ 'ਚ ਹਜ਼ਾਰਾਂ ਦੀ ਗਿਣਤੀ ਵਿੱਚ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਡਾ. ਅਤੁੱਲ ਨਾਸਾ (ਵਾਇਸ ਚਾਂਸਲਰ, ਐੱਸ ਜੀ ਟੀ ਯੂਨੀਵਰਸਿਟੀ ਪ੍ਰਧਾਨ, ਆਈ ਪੀ ਜੀ ਏ ਕੇਂਦਰੀ ਅਤੇ ਮੈਂਬਰ, ਫਾਰਮੇਸੀ ਕੌਂਸਲ ਆਫ਼ ਇੰਡੀਆ) ਨੇ ਸ਼ਿਰਕਤ ਕੀਤੀ। ਡਾ. ਨਾਸਾ ਨੇ ਕੋਵਿਡ-19 ਦੇ ਸਮੇਂ ਦੌਰਾਨ ਕੋ-ਵੈਕਸੀਨ ਦੀ ਖੋਜ ਵਿੱਚ ਮੁੱਖ ਭੂਮਿਕਾ ਨਿਭਾਈ ਸੀ ਅਤੇ ਉਨ੍ਹਾਂ ਦੀ ਅਗਵਾਈ ਹੇਠ ਕੋਰੋਨਾ ਮਹਾਂਮਾਰੀ ਦੌਰਾਨ ਲੱਖਾਂ ਲੋਕਾਂ ਨੂੰ ਟੀਕਾਕਰਨ ਰਾਹੀਂ ਲਾਭ ਮਿਲਿਆ। ਉਨ੍ਹਾਂ ਦੇ ਯੋਗਦਾਨ ਨੂੰ ਸਿਹਤ ਸੇਵਾਵਾਂ ਦੇ ਖੇਤਰ 'ਚ ਇੱਕ ਮਜ਼ਬੂਤ ਕਦਮ ਮੰਨਿਆ ਜਾਂਦਾ ਹੈ। ਇਸ ਕਾਨ.ਫਰੰਸ ਵਿੱਚ ਡਾ. ਦੀਪਿੰਦਰ ਸਿੰਘ, ਪ੍ਰਧਾਨ, ਸਿੱਖਿਆ ਨਿਯਮਨ ਕਮੇਟੀ, ਫਾਰਮੇਸੀ ਕੌਂਸਲ ਆਫ਼ ਇੰਡੀਆ, ਸ਼੍ਰੀ ਸੁਸ਼ੀਲ ਬੰਸਲ, ਪ੍ਰਧਾਨ-ਰਾਜ ਫਾਰਮੇਸੀ ਕੌਂਸਲ, ਡਾ. ਅਰੁਣ ਗਰਗ, ਮਹਾਂਸਚਿਵ-ਆਈ ਪੀ ਜੀ ਏ ਕੇਂਦਰੀ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡਾ. ਬਲਜੀਤ ਸਿੰਘ ਖੁਰਾਣਾ (ਨਿਰਦੇਸ਼ਕ ਪ੍ਰਿੰਸੀਪਲ, ਗੁਰੂ ਰਾਮਦਾਸ ਗਰੁੱਪ ਆਫ਼ ਕਾਲਜਸ ਅਤੇ ਮਹਾਂਸਚਿਵ-ਆਈ ਪੀ ਜੀ ਏ ਪੰਜਾਬ ਸ਼ਾਖਾ) ਨੇ ਕਾਨਫਰੰਸ ਦੇ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਮੁੱਖ ਸੈਸ਼ਨ ਦੀ ਅਧਿਅਕਸ਼ਤਾ ਵੀ ਕੀਤੀ। ਇਸ ਮੌਕੇ ਸ. ਮਾਨ ਸਿੰਘ ਮੱਕੜ (ਸਰਪ੍ਰਸਤ), ਸ. ਮਨਪ੍ਰੀਤ ਸਿੰਘ ਮੱਕੜ (ਪ੍ਰਧਾਨ), ਸ. ਸੁਰਿੰਦਰ ਪਾਲ ਸਿੰਘ ਮੱਕੜ (ਉਪ ਪ੍ਰਧਾਨ) ਅਤੇ ਸ. ਪੁਸ਼ਪਲੀਨ ਸਿੰਘ ਮੱਕੜ (ਸਚਿਵ) ਹਾਜ਼ਰ ਸਨ।

## ਸੀਬਾ ਸਕੂਲ 'ਚ ਸਾਇਬਰ-ਕ੍ਰਾਈਮ, ਟ੍ਰੈਫਿਕ ਨਿਯਮਾਂ ਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸੈਮੀਨਾਰ




**ਲਹਿਰਾਗਾਗਾ (ਪਵਨ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਸੀਬਾ ਸਕੂਲ ਲਹਿਰਾਗਾਗਾ ਵਿਖੇ ਸਾਇਬਰ-ਕ੍ਰਾਈਮ, ਟ੍ਰੈਫਿਕ ਨਿਯਮਾਂ ਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡੀਐੱਸਪੀ ਦੀਪ ਇੰਦਰਪਾਲ ਸਿੰਘ ਜੇਜੀ ਨੇ ਕਿਹਾ ਕਿ ਨਸ਼ੇ ਦੀ ਸ਼ੁਰੂਆਤ ਭਾਵੇਂ ਨਕਲ, ਸ਼ੌਕ ਜਾਂ ਫੁਕਰਾਪਣ ਵਿੱਚ ਕੀਤੀ ਜਾਂਦੀ ਹੈ, ਪਰ ਬਾਅਦ ਵਿੱਚ ਇਹ ਆਦਤ ਬਣ ਜਾਂਦੀ ਹੈ ਤੇ ਉਸ ਵਕਤ ਲੱਗੀ ਨਸ਼ੇ ਦੀ ਲੱਤ ਅੱਖਾਂ ਅੱਗੇ ਹਨੇਰਾ ਕਰ ਦਿੰਦੀ ਹੈ, ਜਦੋਂ ਨਸ਼ੇ ਦੀ ਪੂਰਤੀ ਨਹੀਂ ਹੁੰਦੀ ਤਾਂ ਨੌਜਵਾਨ ਤੇ ਕਿਸ਼ੋਰ ਬੇਖੌਫ ਚੋਰੀ, ਡਾਕਾ ਤੇ ਲੁੱਟਾਂ-ਖੋਹਾਂ ਦਾ ਰਸਤਾ ਅਖਤਿਆਰ ਕਰ ਲੈਂਦੇ ਹਨ।ਉਨ੍ਹਾਂ ਸਮਾਜ ਵਿੱਚ ਨਫ਼ਰਤ ਫੈਲਾਉਣ ਵਾਲੇ ਅਨਸਰਾਂ ਤੋਂ ਸੁਚੇਤ ਰਹਿਣ ਤੇ ਵਤਨਪ੍ਰਸਤੀ ਦੀ ਗੱਲ ਕੀਤੀ।

ਸਾਇਬਰ ਸੈੱਲ ਦੇ ਇੰਚਾਰਜ ਇੰਸਪੈਕਟਰ ਹਰਜੀਤ ਕੌਰ ਨੇ ਸੋਸ਼ਲ-ਮੀਡੀਆ ਦੀ ਵਰਤੋਂ ਉਸਾਰੂ ਮੰਤਵ ਲਈ ਕਰਨ ਤੇ ਆਨਲਾਈਨ ਠੱਗੀਆਂ ਤੋਂ ਬਚਣ ਲਈ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸਾਈਬਰ ਕ੍ਰਾਈਮ ਦੇ ਮਾਮਲਿਆਂ ਵਿੱਚ ਵਾਧਾ ਹੋ ਰਿਹਾ ਹੈ।21ਵੀਂ ਸਦੀ ਦੇ ਮੌਜੂਦਾ ਯੁੱਗ ਵਿੱਚ ਤੁਹਾਡਾ ਡੇਟਾ ਸੁਰੱਖਿਅਤ ਨਹੀਂ ਹੈ।ਇਹ ਤੁਹਾਡੇ ਹੱਥ ਵਿੱਚ ਰੱਖੇ ਮੋਬਾਈਲ ਵਿੱਚ ਪਾਸਵਰਡ ਤੋਂ ਬਾਅਦ ਵੀ ਉੱਡਾ ਦਿੱਤਾ ਜਾ ਰਿਹਾ ਹੈ। ਜਿਸ ਰਫ਼ਤਾਰ ਨਾਲ ਟੈਕਨੋਲੋਜੀ ਨੇ ਤਰੱਕੀ ਕੀਤੀ ਹੈ, ਉਸੇ ਰਫ਼ਤਾਰ ਨਾਲ, ਇੰਟਰਨੈਟ ਉੱਤੇ ਮਨੁੱਖੀ ਨਿਰਭਰਤਾ ਵੀ ਵਧੀ ਹੈ।ਇੰਟਰਨੈੱਟ ਦੇ ਵਿਕਾਸ ਤੇ ਇਸ ਨਾਲ ਜੁੜੇ ਲਾਭਾਂ ਨਾਲ ਸਾਈਬਰ ਅਪਰਾਧ ਵੀ ਵਧਿਆ ਹੈ।ਸਾਈਬਰ ਕ੍ਰਾਈਮ ਵਿਅਕਤੀ ਦੀ ਜਾਣਕਾਰੀ ਚੋਰੀ ਕਰਨਾ, ਜਾਣਕਾਰੀ ਨੂੰ ਮਿਟਾਉਣਾ, ਜਾਣਕਾਰੀ ਵਿੱਚ ਫੇਰ ਬਦਲ ਕਰਨਾ, ਕਿਸੇ ਹੋਰ ਦੀ ਜਾਣਕਾਰੀ ਦੇਣਾ ਜਾਂ ਨਸ਼ਟ ਕਰਨਾ ਹੈ।ਸਪੈਮ ਈਮੇਲ, ਹੈਕਿੰਗ, ਫਿਸ਼ਿੰਗ, ਕਿਸੇ ਦੀ ਜਾਣਕਾਰੀ ਆਨਲਾਈਨ ਪ੍ਰਾਪਤ ਕਰਨਾ ਜਾਂ ਹਰ ਸਮੇਂ ਕਿਸੇ ਦਾ ਟਰੈਕ ਰੱਖਣਾ ਇੱਕ ਸਾਈਬਰ ਅਪਰਾਧ ਹੈ।

ਇੰਸਪੈਕਟਰ ਸਿਮਰਨਜੋਤ ਸਿੰਘ ਨੇ ਵੱਧ ਰਹੇ ਸੜਕ ਹਾਦਸਿਆਂ ਨੂੰ ਰੋਕਣ ਲਈ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਦੇਸ਼ ਵਿਚ ਹਰ ਇਕ ਮਿੰਟ ਬਾਅਦ ਇਕ ਸੜਕ ਹਾਦਸਾ ਵਾਪਰਦਾ ਹੈ ਤੇ ਹਰ 3 ਮਿੰਟ ਬਾਅਦ ਇੱਕ ਵਿਅਕਤੀ ਦੀ ਸੜਕ ਹਾਦਸੇ ਵਿੱਚ ਮੌਤ ਹੁੰਦੀ ਹੈ।ਉਨ੍ਹਾ ਕਿਹਾ ਕਿ ਸਾਨੂੰ ਸੜਕ ਉੱਪਰ ਚੜ੍ਹਨ ਲੱਗਿਆਂ ਚਾਰੇ ਪਾਸੇ ਧਿਆਨ ਰੱਖਣ ਤੇ ਦੋ-ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਪਾ ਕੇ ਰੱਖਣਾ ਚਾਹੀਦਾ ਹੈ।

ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਪੁਲਸ ਟੀਮ ਦਾ ਧੰਨਵਾਦ ਕਰਦਿਆਂ ਆਰਟੀਫਿਸ਼ੀਅਲ ਇੰਟੈਲੀਜੈਂਸ ਬਾਰੇ ਤੱਥ ਸਾਂਝੇ ਕੀਤੇ।ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਆਏ ਵਿਦਿਆਰਥੀ ਜੁਝਾਰ ਸਿੰਘ ਨੇ ਸੋਲੋ-ਨਾਟਕ 'ਸੁਲਗਦੀ ਧਰਤੀ' ਰਾਹੀਂ ਪੰਜਾਬ ਦੀ ਜਵਾਨੀ ਬਚਾਉਣ ਲਈ ਸਮੂਹਕ ਯਤਨਾਂ ਦੀ ਗੱਲ ਕੀਤੀ।ਇਸ ਮੌਕੇ ਏਐੱਸਆਈ ਹਰਪਾਲ ਸਿੰਘ, ਮੇਵਾ ਸਿੰਘ ਤੇ ਕੰਵਰਜੀਤ ਸਿੰਘ ਲੱਕੀ ਧਾਲੀਵਾਲ ਆਦਿ ਹਾਜ਼ਰ ਸਨ।ਮੰਚ ਸੰਚਾਲਨ ਰਣਦੀਪ ਸੰਗਤਪੁਰਾ ਨੇ ਕੀਤਾ।

## ਗੰਗਾ ਇੰਟਰਨੈਸਨਲ ਦੇ ਵਿਦਿਆਰਥੀਆਂ ਦੀ ਐੱਨ ਸੀ ਸੀ ਟੀਮ 'ਚ ਚੋਣ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੰਗਾ ਇੰਟਰਨੈਸਨਲ ਸਕੂਲ, ਢਾਬੀ ਗੁੱਜਰਾਂ ਵਿੱਚ ਅਗਾਮੀ ਸੈਸਨ ਲਈ ਐੱਨ ਸੀ ਸੀ ਦੀ ਭਰਤੀ ਕਰਵਾਈ ਗਈ, ਜਿਸ ਵਿੱਚ 8ਵੀਂ ਅਤੇ 9ਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਭਰਤੀ ਦਾ ਕਾਰਜ ਐੱਨ ਸੀ ਸੀ ਦੇ ਅਧਿਕਾਰੀ ਨਾਇਬ ਸੂਬੇਦਾਰ ਵਿਜੇ ਕੁਮਾਰ ਅਤੇ ਹਵਲਦਾਰ ਹਰਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਕੀਤਾ ਗਿਆ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਚੋਣ ਦੇ ਵੱਖ-ਵੱਖ ਰਾਹਾਂ 'ਤੇ ਦਿਸ਼ਾ-ਨਿਰਦੇਸ਼ ਦਿੱਤੇ। ਸੈਸ਼ਨ ਦੀ ਸ਼ੁਰੂਆਤ ਐੱਨ ਸੀ ਸੀ ਦੇ ਮੰਤਵ "ਏਕਤਾ ਅਤੇ ਅਨੁਸਾਸਨ" ਦੀ ਜਾਣਕਾਰੀ ਨਾਲ ਕੀਤੀ ਗਈ, ਜਿਸ 'ਚ ਦੇਸ਼ਭਗਤੀ, ਦੇਸ਼ ਸੇਵਾ ਅਤੇ ਰਾਸ਼ਟਰੀ ਏਕਤਾ ਵਰਗੀਆਂ ਮੁੱਲਾਂ 'ਤੇ ਜ਼ੋਰ ਦਿੱਤਾ ਗਿਆ। ਭਰਤੀ ਦੀ ਪ੍ਰਕਿਰਿਆ ਦੇ ਹਿੱਸੇ ਵਜੋਂ ਵਿਦਿਆਰਥੀਆਂ ਦੀ ਲਿਖਤੀ ਪ੍ਰੀਖਿਆ ਲਈ ਗਈ, ਜਿਸ ਰਾਹੀਂ ਉਨ੍ਹਾਂ ਦੀ ਸਧਾਰਣ ਜਾਣਕਾਰੀ ਅਤੇ ਯੋਗਤਾ ਦੀ ਜਾਂਚ ਕੀਤੀ ਗਈ। ਇਸ ਤੋਂ ਬਾਅਦ ਸਰੀਰਕ ਜਾਂਚ ਹੋਈ, ਜਿਸ ਵਿੱਚ ਆਧਾਰਭੂਤ ਸਹਿਨਸ਼ੀਲਤਾ ਦੀ ਜਾਂਚ ਕੀਤੀ ਗਈ। ਸਕੂਲ ਦੀ ਐਸੋਸੀਏਟ ਅਫਸਰ ਮਿਸ ਅਫਸਾਨਾ ਖਾਨ ਨੇ ਅਧਿਕਾਰੀਆਂ ਦੀ ਚੋਣ ਪ੍ਰਕਿਰਿਆ ਵਿੱਚ ਸਹਿਯੋਗ ਦਿੱਤਾ ਅਤੇ ਵਿਦਿਆਰਥੀਆਂ ਨੂੰ ਪੂਰੇ ਪ੍ਰਕਿਰਿਆ ਦੌਰਾਨ ਮਾਰਗਦਰਸ਼ਨ ਦਿੱਤਾ। ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਗੀਨਾ ਚੀਮਾ ਨੇ ਪੁੱਜੇ ਅਧਿਕਾਰੀਆਂ ਅਤੇ ਸਟਾਫ ਦੀ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ ਅਤੇ ਨਵੇਂ ਚੁਣੇ ਗਏ ਕੈਡਟਸ ਨੂੰ ਅਨੁਸ਼ਾਸਨ, ਸਮਰਪਣ ਅਤੇ ਦੇਸ਼ ਸੇਵਾ ਦੇ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਦੀ ਉਤਸਾਹਪੂਰਕ ਅਤੇ ਅਨੁਸ਼ਾਸਨਤਮਕ ਭਾਗੀਦਾਰੀ ਨੇ ਇਸ ਸਮਾਰੋਹ ਨੂੰ ਸਫਲ ਬਣਾਇਆ।

## ਆਜ਼ਾਦ ਯਾਦਗਾਰੀ ਸਮਾਰੋਹ ਨੇ ਬਿਖੇਰਿਆ ਸ਼ਬਦ, ਕਲਾ ਤੇ ਚੇਤਨਾ ਦਾ ਚਾਨਣ

■ ਮੁੱਢ-ਕਦੀਮ ਤੋਂ ਲੇਖਕਾਂ ਸਮਾਜ ਦਾ ਰਾਹ ਰੌਸ਼ਨ ਕੀਤਾ : ਸੜਕਨਾਮਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਬਾਵਾ ਨਿਹਾਲ ਸਿੰਘ ਕਾਲਜ ਆਫ ਐਜੂਕੇਸ਼ਨ ਵਿੱਚ ਉੱਘੇ ਮਰਹੂਮ ਵਿਅੰਗ ਲੇਖਕ ਪ੍ਰਿੰਸੀਪਲ ਬਲਦੇਵ ਸਿੰਘ ਆਜ਼ਾਦ ਦੀ ਯਾਦ ਵਿੱਚ ਕਰਵਾਇਆ ਗਿਆ ਸਲਾਮ ਜ਼ਿੰਦਗੀ ਸਾਹਿਤਕ ਸਮਾਰੋਹ ਸ਼ਬਦ, ਕਲਾ ਤੇ ਚੇਤਨਾ ਦਾ ਚਾਨਣ ਬਿਖੇਰ ਗਿਆ।ਸਮਾਰੋਹ ਵਿੱਚ ਪ੍ਰਿੰ. ਬਲਦੇਵ ਸਿੰਘ ਆਜ਼ਾਦ ਦੀ ਹਾਸ ਵਿਅੰਗ ਖ਼ੇਤਰ ਵਿੱਚ ਦੇਣ 'ਤੇ ਚਰਚਾ ਕਰਦਿਆਂ ਉੱਘੇ ਭਾਸ਼ਾ ਵਿਗਿਆਨੀ ਤੇ ਸਾਹਿਤਕਾਰ ਡਾ. ਪਰਮਜੀਤ ਸਿੰਘ ਢੀਂਗਰਾ ਨੇ ਆਖਿਆ ਕਿ ਪੰਜਾਬੀ ਲੇਖਣੀ ਵਿੱਚ ਹਾਸ ਵਿਅੰਗ ਇੱਕ ਅਜਿਹੀ ਵਿਧਾ ਹੈ, ਜਿਸ ਵਿਚਲੀ ਚੋਭ ਤੇ ਚੇਤਨਾ ਪਾਠਕ ਦਾ ਮਨ ਮਸਤਕ ਰੌਸ਼ਨ ਕਰਦੀ ਹੈ।ਇਸ ਵਿਧਾ ਵਿੱਚ ਚਰਨ ਸਿੰਘ ਸ਼ਹੀਦ ਤੋਂ ਲੈ ਕੇ ਪ੍ਰਿੰਸੀਪਲ ਬਲਦੇਵ ਸਿੰਘ ਆਜ਼ਾਦ ਦੇ ਵਿਅੰਗ ਸਾਹਿਤ ਦੇ ਉਹ ਸਾਰਥਿਕ ਪਹਿਲੂ ਹਨ, ਜਿਹੜੇ ਜ਼ਿੰਦਗੀ ਤੇ ਸਮਾਜ ਦੀ ਖੁਸ਼ਹਾਲੀ ਲੋਚਦੇ ਹਨ।ਉਨ੍ਹਾਂ ਆਖਿਆ ਕਿ ਪ੍ਰਿੰਸੀਪਲ ਆਜ਼ਾਦ ਦੇ ਲੇਖਣੀ ਵਿਚਲੇ ਬਿੰਬ ਹਾਸ ਵਿਅੰਗ ਖ਼ੇਤਰ ਦੀ ਵਿਰਾਸਤ ਹਨ।ਸਮਾਰੋਹ ਵਿੱਚ ਸਾਹਿਤ ਤੇ ਕਲਾ ਦੇ ਮਹੱਤਵ ਬਾਰੇ ਬੋਲਦਿਆਂ ਪ੍ਰਸਿੱਧ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੇ ਆਖਿਆ ਕਿ ਸਾਹਿਤ ਤੇ ਕਲਾ ਦਾ ਚੰਗੇਰੀ ਜ਼ਿੰਦਗੀ ਤੇ ਬਰਾਬਰੀ ਦੇ ਸਮਾਜ ਲਈ ਬਹੁਤ ਮਹੱਤਵਪੂਰਨ ਯੋਗਦਾਨ ਰਿਹਾ ਹੈ।ਮੁੱਢ ਕਦੀਮ ਤੋਂ ਹੀ ਲੇਖਕ ਆਪਣੀਆਂ ਲਿਖਤਾਂ ਸੱਤਾ ਲਈ ਚੁਣੌਤੀ ਬਣਦੇ ਹੋਏ ਸਮਾਜ ਦਾ ਰਾਹ ਰੌਸ਼ਨ ਕਰਦੇ ਰਹੇ ਹਨ।ਸਮਾਰੋਹ ਵਿੱਚ ਉੱਘੇ ਆਲੋਚਕ ਤੇ ਸਾਹਿਤਕਾਰ ਡਾ. ਸੁਰਜੀਤ ਬਰਾੜ ਘੋਲੀਆ ਨੇ ਵਿਅੰਗ ਵਿਧਾ ਵਿੱਚ ਪ੍ਰਿੰਸੀਪਲ ਆਜ਼ਾਦ ਵੱਲੋਂ ਪਾਏ ਭਰਵੇਂ ਯੋਗਦਾਨ ਨੂੰ ਪੰਜਾਬੀ ਸਾਹਿਤ ਦੀ ਅਮਾਨਤ ਆਖਿਆ।

ਸਾਹਿਤਕ ਸਮਾਰੋਹ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੋਥਾ ਦੇ ਵਿਦਿਆਰਥੀਆਂ ਵੱਲੋਂ ਤਜਿੰਦਰ ਸੋਥਾ ਦੀ ਨਿਰਦੇਸ਼ਨਾ ਹੇਠ ਪੇਸ਼ ਕੀਤੀਆਂ ਕੋਰੀਓਗ੍ਰਾਫੀਆਂ ਕਲਮਕਾਰਾਂ ਨੂੰ ਸਲਾਮ ਤੇ ਮਸ਼ਾਲਾਂ ਬਾਲ ਕੇ ਚੱਲਣਾ ਜਦੋਂ ਤੱਕ ਰਾਤ ਬਾਕੀ ਹੈ ਨੇ ਕਲਮ, ਕਿਰਤ ਤੇ ਸੰਘਰਸ਼ਾਂ ਦੀ ਉਚੇਰੀ ਸਾਂਝ ਨੂੰ ਮੰਚ 'ਤੇ ਸਾਕਾਰ ਕੀਤਾ।ਸਮਾਰੋਹ ਦੌਰਾਨ ਲੋਕ ਪੱਖੀ ਗਾਇਕ ਜਗਸੀਰ ਜੀਦਾ ਤੇ ਗੀਤਕਾਰ ਹਰਦਰਸ਼ਨ ਨੈਬੀ ਨੇ ਆਪਣੇ ਗੀਤਾਂ ਨਾਲ ਹਾਜ਼ਰੀ ਲਵਾਈ।ਆਖਰੀ ਸੈਸ਼ਨ ਵਿੱਚ ਹੋਏ ਕਵੀ ਦਰਬਾਰ ਵਿੱਚ ਮਹਿਮਾਨ ਕਵੀਆਂ ਚਰਨਜੀਤ ਸਮਾਲਸਰ, ਕੁਲਦੀਪ ਬੰਗੀ, ਰਣਬੀਰ ਰਾਣਾ, ਗੁਰਸੇਵਕ ਬੀੜ, ਜਸਵੀਰ ਸ਼ਰਮਾ ਤੇ ਸੁਖ ਸੰਧੂ ਆਪਣੀਆਂ ਰਚਨਾਵਾਂ ਨਾਲ ਕਾਵਿ ਕਲਾ ਦੇ ਬੁਲੰਦ ਬੋਲਾਂ ਦਾ ਚਾਨਣ ਬਿਖੇਰਿਆ।ਸਮਾਰੋਹ ਦੇ ਦੋਵੇਂ ਸੈਸ਼ਨਾਂ ਵਿੱਚ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਰਾਮ ਸਵਰਨ ਲੱਖੇਵਾਲੀ ਤੇ ਬੂਟਾ ਸਿੰਘ ਵਾਕਫ਼ ਨੇ ਨਿਭਾਈ।

ਸਮਾਰੋਹ ਦੀ ਸਫਲਤਾ ਲਈ ਅਮੋਲਕ ਸਿੰਘ ਆਜ਼ਾਦ, ਵਿਜੇ ਸਿਡਾਨਾ, ਤਜਿੰਦਰ ਸਿੰਘ, ਪਰਮਿੰਦਰ ਖੋਖਰ, ਕੁਲਜੀਤ ਡੰਗਰ ਖੇੜਾ, ਗੁਰਮੀਤ ਭਲਵਾਨ ਖੋਖਰ, ਪ੍ਰਵੀਨ ਜੰਡਵਾਲਾ ਨੇ ਭਰਵਾਂ ਯੋਗਦਾਨ ਪਾਇਆ।ਸਮਾਰੋਹ ਵਿੱਚ ਮਿੰਨੀ ਕਹਾਣੀ ਲੇਖਕ ਕੁਲਦੀਪ ਮਾਣੂੰਕੇ, ਕਹਾਣੀਕਾਰ ਗੁਰਜੀਤ ਐਮੀ, ਗੁਰਮੇਲ ਸੱਗੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੇਖਕ, ਸਾਹਿਤ ਪ੍ਰੇਮੀ ਤੇ ਪਾਠਕ ਮੌਜੂਦ ਸਨ।

# ਸਰਕਾਰੀ ਮਿਡਲ ਸਕੂਲ ਗਿੱਲ ਮੰਝ ਤੇ ਛੀਨਾ ਰੇਤਲਾ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ

## ਮਾਨ ਸਰਕਾਰ ਨੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ 'ਚ ਵੱਡੇ ਸੁਧਾਰ ਕੀਤੇ: ਸੇਖਵਾਂ



ਧਾਰੀਵਾਲ,(ਮਨਦੀਪ ਸਿੰਘ ਵਿੱਕੀ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਹੁਣ ਸਰਕਾਰੀ ਸਕੂਲਾਂ ਵਿਚ ਵੀ ਬੱਚਿਆਂ ਨੂੰ ਆਧੁਨਿਕ ਢੰਗ ਨਾਲ ਸਿੱਖਿਆ ਦੇਣ ਲਈ ਆਧੁਨਿਕ ਕਲਾਸ ਰੂਮ ਬਣਾਏ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਕਾਰੀ ਮਿਡਲ ਸਕੂਲ ਗਿੱਲ ਮੰਝ ਅਤੇ ਸਰਕਾਰੀ ਮਿਡਲ ਸਕੂਲ ਛੀਨਾ ਰੇਤਲਾ ਵਿਖੇ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਆਪਣੇ ਸੰਬੋਧਨ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡੇ ਸੁਧਾਰ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਕੂਲਾਂ ਦੇ ਬੁਨਿਆਦੀ ਢਾਂਚੇ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਰਕੇ ਸਰਕਾਰੀ ਸਕੂਲਾਂ ਵਿਚ ਬੱਚਿਆਂ ਦੀ ਗਿਣਤੀ ਕਾਫੀ ਘੱਟ ਗਈ ਸੀ। ਚੇਅਰਮੈਨ ਸ੍ਰੀ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਸਕੂਲਾਂ ਵਿਚ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਵੱਡੀ ਗਿਣਤੀ ਵਿਚ ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾ ਰਹੇ ਹਨ।ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਸਰਕਾਰੀ ਮਿਡਲ ਸਕੂਲ ਗਿੱਲ ਮੰਝ ਵਿਖੇ ਖੇਡਾਂ ਦਾ ਟਰੈਕ ਬਣਾ ਕੇ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ ਇੱਕ ਵਾਲੀਬਾਲ ਦੀ ਗਰਾਊਂਡ ਮਨਜ਼ੂਰ ਹੋ ਗਈ ਹੈ ਅਤੇ ਜਲਦੀ ਹੀ ਇਸ ਉਪਰ ਕੰਮ ਸ਼ੁਰੂ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਪਿੰਡ ਦੇ ਛੱਪੜ ਦੀ ਸਫ਼ਾਈ ਤੇ ਨਵੀਨੀਕਰਨ ਦਾ ਪ੍ਰੋਜੈਕਟ ਵੀ ਜਲਦ ਹੀ ਸ਼ੁਰੂ ਕੀਤਾ ਜਾਵੇਗਾ। ਸ. ਸੇਖਵਾਂ ਨੇ ਕਿਹਾ ਕਿ ਪਿੰਡ ਗਿੱਲ ਮੰਝ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਇਸ ਮੌਕੇ ਉਨ੍ਹਾਂ ਪਿੰਡ ਤੇ ਇਲਾਕਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਆਪਣਾ ਸਾਥ ਦੇ ਕੇ ਆਪਣੇ ਸੂਬੇ ਨੂੰ ਨਸ਼ਾ ਮੁਕਤ ਤੇ ਰੰਗਲਾ ਪੰਜਾਬ ਬਣਾਉਣ ਵਿੱਚ ਯੋਗਦਾਨ ਪਾਉਣ।ਇਸ ਮੌਕੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਅਤੇ ਇਸ ਉਪਰੰਤ ਸਕੂਲ ਸਟਾਫ਼ ਵੱਲੋਂ ਚੇਅਰਮੈਨ ਸੇਖਵਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਨਸ਼ਾ ਮੁਕਤੀ ਪ੍ਰੋਗਰਾਮ ਤਹਿਤ ਐਬਲੌਨ ਸਕੂਲ ਤੋਂ ਰੈਲੀ ਭਲਕੇ : ਏ ਡੀ ਸੀ



ਪਠਾਨਕੋਟ (ਦਵਿੰਦਰ ਸਿੰਘ)-ਨਸ਼ਾ ਮੁਕਤੀ ਪ੍ਰੋਗਰਾਮ ਤਹਿਤ ਜ਼ਿਲ੍ਹਾ ਪਠਾਨਕੋਟ ਅੰਦਰ ਇੱਕ ਵਿਸ਼ਾਲ ਰੈਲੀ 24 ਅਪ੍ਰੈਲ ਨੂੰ ਸਵੇਰੇ 08:00 ਵਜੇ ਐਬਲੌਨ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ ਤੋਂ ਕੱਢੀ ਜਾਵੇਗੀ ਅਤੇ ਇਸ ਰੈਲੀ ਨੂੰ ਡਿਪਟੀ ਕਮਿਸ਼ਨਰ ਪਠਾਨਕੋਟ ਅਦਿਤਿਆ ਉਪਲ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ।ਇਹ ਜਾਣਕਾਰੀ ਹਰਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਜ਼ਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ।ਇਸ ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਸ੍ਰੀ ਐਮ. ਐਸ. ਐਮ. ਪਠਾਨਕੋਟ, ਵਿਕਰਮਜੀਤ ਸਹਾਇਕ ਕਮਿਸ਼ਨਰ ਜਨਰਲ, ਰਾਜੇਸ਼ ਕੁਮਾਰ ਡੀਈਓ, ਧਰਮਿੰਦਰ ਸਿੰਘ ਐੱਸਡੀਓ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।ਵਧੀਕ ਡਿਪਟੀ ਕਮਿਸ਼ਨਰ ਨੇ ਮੀਟਿੰਗ ਦੌਰਾਨ ਇਸ ਰੈਲੀ ਦੇ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਲਗਾਈ।ਉਨ੍ਹਾਂ ਕਿਹਾ ਕਿ ਇਹ ਰੈਲੀ ਐਬਲੌਨ ਸੀਨੀਅਰ ਸੈਕੰਡਰੀ ਸਕੂਲ ਤੋਂ ਸ਼ੁਰੂ ਕੀਤੀ ਜਾਵੇਗੀ ਜੋ ਰਾਮਲੀਲਾ ਗਰਾਊਂਡ, ਕਾਲੀ ਮਾਤਾ ਮੰਦਿਰ, ਪਟੇਲ ਚੌਕ, ਪੀਰ ਬਾਬਾ ਚੌਕ, ਲਾਈਟਾਂ ਵਾਲਾ ਚੌਕ, ਗਾਂਧੀ ਚੌਕ, ਡਾਕਖਾਨਾ ਚੌਕ ਤੋਂ ਹੁੰਦੇ ਹੋਏ ਮਿਸ਼ਨ ਚੌਕ ਵਿਖੇ ਸਮਾਪਤ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫਸਰ (ਸ) ਨੂੰ ਨਸ਼ਿਆਂ ਦੇ ਦੂਰ ਪ੍ਰਭਾਵਾਂ ਤੋਂ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਸਕੂਲਾਂ ਵਿੱਚ ਸਲੋਗਨ, ਪੋਸਟਰ ਮੁਕਾਬਲੇ ਕਰਵਾਉਣ ਲਈ ਕਿਹਾ।ਉਨ੍ਹਾਂ ਸਿਹਤ ਵਿਭਾਗ ਤੇ ਕਾਰਪੋਰੇਸ਼ਨ ਨੂੰ ਦੀਵਾਰਾਂ ਤੇ ਪੇਂਟਿੰਗ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਸਫਲ ਬਣਾਉਣ ਲਈ ਸਭ ਨੂੰ ਇਕੱਠੇ ਹੋ ਕੇ ਨੌਜਵਾਨਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ।ਉਨ੍ਹਾਂ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਰੈਲੀ ਲਈ ਢੁੱਕਵੇਂ ਪ੍ਰਬੰਧ ਕਰਨ ਦੀ ਹਦਾਇਤ ਕੀਤੀ।

# ਪਾਵਰਕੌਮ ਨੂੰ ਨਿੱਜੀ ਹੱਥਾਂ 'ਚ ਦੇਣ ਦੀਆਂ ਤਿਆਰੀਆਂ ਵਿਰੁੱਧ ਅਰਥੀ ਫੂਕ ਮੁਜ਼ਾਹਰਾ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਵੱਲੋਂ ਪਾਵਰਕੌਮ ਅੰਦਰ ਲੁਕ ਛਿਪੀ ਨਿੱਜੀਕਰਨ ਕਰਨ ਦੀਆਂ ਤੇਜ਼ ਕੀਤੀਆਂ ਗਈਆਂ ਸਰਗਰਮੀਆਂ ਵਿਰੁੱਧ ਸਬ ਡਵੀਜ਼ਨ ਹਰਸ਼ਾ ਛੀਨਾ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਕਰਨ ਉਪਰੰਤ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 2023 ਵਿੱਚ ਮੁੱਖ ਮੰਤਰੀ ਦੀ ਅਗਵਾਈ ਹੇਠ ਬਣਾਏ ਗਏ ਪੰਜਾਬ ਵਿਕਾਸ ਕਮਿਸ਼ਨ ਦੀ ਦਖਲਅੰਦਾਜ਼ੀ ਨਾਲ ਪਾਵਰਕਾਮ ਅੰਦਰ ਖਰੜ ਅਤੇ ਲਾਲੜੂ ਡਵੀਜ਼ਨਾਂ ਦਾ ਮੁਕੰਮਲ ਨਿੱਜੀਕਰਨ ਕਰਕੇ ਨਿੱਜੀ ਕੰਪਨੀ ਨੂੰ ਸੌਂਪਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਦੇ ਦਫਤਰਾਂ ਦਾ ਮੁਕੰਮਲ ਨਿੱਜੀਕਰਨ ਕਰਕੇ ਜਿੱਥੇ ਤਜਰਬਾ ਕੀਤਾ ਜਾਣਾ ਹੈ, ਉੱਥੇ ਬਿਜਲੀ ਕਾਮਿਆਂ, ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਸੰਘਰਸ਼ਸ਼ੀਲ ਲੋਕਾਂ ਦੇ ਸੰਘਰਸ਼ ਨੂੰ ਵੀ ਭਾਂਪਿਆ ਜਾਣਾ ਹੈ। ਆਗੂਆਂ ਨੇ ਸਮੁੱਚੇ ਬਿਜਲੀ ਕਾਮਿਆਂ ਨੂੰ ਅਪੀਲ ਕੀਤੀ ਕਿ ਇਸ ਨਿੱਜੀਕਰਨ ਵਿਰੁੱਧ ਸੰਘਰਸ਼ ਨੂੰ ਤਿੱਖਾ ਅਤੇ ਵਿਸ਼ਾਲ ਕਰਕੇ ਹੀ ਇਸ ਮਹਿਕਮੇ ਦੀ ਰਾਖੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਹ ਕੰਪਨੀ ਸਿਰਫ ਭਾਰਤ ਵਿੱਚ ਹੀ ਨਹੀਂ ਇਹ ਚੰਡੀਗੜ੍ਹ ਯੂ. ਟੀ. ਪਾਵਰ ਕਾਰਪੋਰੇਸ਼ਨ ਦੀ ਤਰ੍ਹਾਂ ਮੁਕੰਮਲ ਤੌਰ ਤੇ ਹੀ ਮਹਿਕਮਾ ਦਾ ਭੋਗ ਪਾਇਆ ਜਾਣਾ ਹੈ, ਜਿਸ ਨਾਲ ਸਮੁੱਚੇ ਰੈਗੂਲਰ, ਆਊਟਸੋਰਸ ਕਾਮਿਆਂ ਦੇ ਰੁਜ਼ਗਾਰ ਦਾ ਉਜਾੜਾ ਹੋਣਾ ਹੈ। ਆਗੂਆਂ ਨੇ ਕਿਹਾ ਕਿ ਪੈਨਸ਼ਨ ਕਰਮਚਾਰੀਆਂ ਦੀ ਪੈਨਸ਼ਨ ਨੂੰ ਵੀ ਖਤਰੇ ਮੂੰਹ ਜਾਣਾ ਹੈ ਅਤੇ ਵੱਖ-ਵੱਖ ਖਪਤਕਾਰਾਂ ਨੂੰ ਮਿਲਦੀ ਬਿਜਲੀ ਸਬਸਿਡੀ ਦਾ ਵੀ ਖਾਤਮਾ ਹੋਣਾ ਹੈ, ਜਿਸ ਨਾਲ ਛੋਟੀ ਸਨਅਤ, ਖੇਤੀ ਕਿੱਤਾ ਜਿਹੜਾ ਕਿ ਪਹਿਲਾਂ ਹੀ ਘਾਟੇਵੰਦੀ ਦਾ ਸੌਦਾ ਹੈ, ਨੇ ਹੋਰ ਗੰਭੀਰ ਸੰਕਟ ਵੱਲ ਵਧਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਵੱਲੋਂ ਨਿੱਜੀਕਰਨ ਦੇ ਹੱਲੇ ਨੂੰ ਅੱਗੇ ਵਧਾਉਣ ਲਈ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਬਹਾਨੇ ਹੇਠ, ਬਿਜਲੀ ਕਾਮਿਆਂ ਵੱਲੋਂ ਨਿੱਜੀਕਰਨ ਖ਼ਿਲਾਫ਼ ਲੜੇ ਜਾ ਰਹੇ ਸੰਘਰਸ਼ ਨੂੰ ਫੇਲ੍ਹ ਕਰਨ ਦੇ ਮਨਸ਼ੇ ਨਾਲ ਡਵੀਜ਼ਨ ਪੱਧਰ ਤੇ ਆਊਟਸੋਰਸ ਰਾਹੀਂ ਕਾਮੇ ਭਰਤੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਬੁਲਾਰਿਆਂ ਨੇ ਮੰਗ ਕੀਤੀ ਕਿ ਬਿਜਲੀ ਐਕਟ 2003 ਅਤੇ 2022 ਰੱਦ ਕੀਤਾ ਜਾਵੇ, ਨਿੱਜੀਕਰਨ ਕਰਨ ਦੇ ਸਾਰੇ ਅਮਲ ਰੱਦ ਕੀਤੇ ਜਾਣ, ਪੰਜਾਬ ਵਿਕਾਸ ਕਮਿਸ਼ਨ ਦੀ ਬੇਲੋੜੀ ਦਖਲ ਅੰਦਾਜ਼ੀ ਬੰਦ ਕੀਤੀ ਜਾਵੇ, ਖਪਤਕਾਰਾਂ ਨੂੰ ਨਿਰਵਿਘਨ ਸਪਲਾਈ ਦੇਣ ਦੇ ਬਹਾਨੇ ਹੇਠ ਪ੍ਰਾਈਵੇਟ ਗੈਂਗਾਂ ਬਣਾਉਣ ਦੇ ਦਿੱਤੇ ਨਿਰਦੇਸ਼ ਵਾਪਸ ਲਏ ਜਾਣ, ਸੰਘਰਸ਼ ਕਰਨ ਦੇ ਜਮਹੂਰੀ ਹੱਕਾਂ ਦੇ ਲਾਈਆਂ ਪਾਬੰਦੀਆਂ ਖਤਮ ਕੀਤੀਆਂ ਜਾਣ। ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਪਰਮਿੰਦਰ ਸਿੰਘ ਅਦਲੀਵਾਲ, ਜਰਨੈਲ ਸਿੰਘ ਸੈਂਸਰਾ, ਸਵਿੰਦਰ ਸਿੰਘ, ਜਸਪਾਲ ਸਿੰਘ ਅਤੇ ਨਰਿੰਦਰ ਕੁਮਾਰ ਆਦਿ ਬੁਲਾਰਿਆਂ ਨੇ ਸੰਬੋਧਨ ਕੀਤਾ।

# ਜਗਦੇਵ ਕਲਾਂ ਵਿਖੇ ਲਾਹੌਰ ਬ੍ਰਾਂਚ 'ਤੇ ਬਣੇ ਨਵੇਂ ਪੁਲ ਦਾ ਧਾਲੀਵਾਲ ਵੱਲੋਂ ਉਦਘਾਟਨ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਜਗਦੇਵ ਕਲਾਂ ਵਿਖੇ ਲਾਹੌਰ ਬਰਾਂਚ ਨਹਿਰ ਉਤੇ ਨਵੇਂ ਉਸਾਰੇ ਗਏ ਪੁੱਲ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਇਹ ਪੁਲ 100 ਸਾਲ ਤੋਂ ਵੱਧ ਪੁਰਾਣਾ ਹੋ ਚੁੱਕਾ ਸੀ, ਦੂਸਰਾ ਪੁਲ ਦੀ ਚੌੜਾਈ ਬਹੁਤ ਘੱਟ ਸੀ, ਜਿਸ ਕਾਰਨ ਇਹ ਖ਼ਤਰਾ ਬਣਿਆ ਰਹਿੰਦਾ ਸੀ ਕਿ ਕਿਧਰੇ ਕੋਈ ਅਣਹੋਣੀ ਨਾ ਵਾਪਰ ਜਾਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਜਦ ਇਸ ਬਾਬਤ ਗੱਲ ਕੀਤੀ ਤਾਂ ਉਨ੍ਹਾਂ ਨੇ ਇਸ ਲਈ ਲੋਕ ਨਿਰਮਾਣ ਵਿਭਾਗ ਵੱਲੋਂ ਭੇਜੇ ਗਏ ਪ੍ਰਸਤਾਵ ਨੂੰ ਪਾਸ ਕਰਦੇ ਹੋਏ 3.23 ਕਰੋੜ ਰੁਪਏ ਦੀ ਰਾਸ਼ੀ ਪ੍ਰਵਾਨ ਕਰ ਦਿੱਤੀ।ਉਨ੍ਹਾਂ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਨੇ ਥੋੜੇ ਅਰਸੇ ਵਿੱਚ 3.3 ਕਰੋੜ ਨਾਲ ਇਹ ਪੁਲ ਬਹੁਤ ਵਧੀਆ ਬਣਾ ਕੇ ਪ੍ਰਵਾਨਤ ਰਾਸ਼ੀ ਵਿੱਚੋਂ ਵੀ 20 ਲੱਖ ਰੁਪਏ ਦੀ ਬਚਤ ਕੀਤੀ ਹੈ।ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਦਾ ਇਸ ਗੱਲੋਂ ਧੰਨਵਾਦ ਕੀਤਾ।ਧਾਲੀਵਾਲ ਨੇ ਕਿਹਾ ਕਿ ਇਹ ਪੁਲ ਬਣਨ ਨਾਲ ਹਲਕੇ ਦੇ ਲਗਭਗ 100 ਤੋਂ ਵੱਧ ਪਿੰਡਾਂ ਨੂੰ ਸਿੱਧਾ ਫਾਇਦਾ ਹੋਵੇਗਾ ਕਿਉਂਕਿ ਇੱਕ ਤਾਂ ਇਸ ਨਾਲ ਆਵਾਜਾਈ ਆਸਾਨ ਹੋਵੇਗੀ ਦੂਸਰਾ ਮਨ ਵਿੱਚੋਂ ਹਾਦਸਾ ਵਾਪਰਨ ਦਾ ਖੌਫ ਵੀ ਘਟੇਗਾ।ਉਨ੍ਹਾਂ ਕਿਹਾ ਕਿ ਛੇਤੀ ਹੀ ਇਸ ਤੇ ਦੋਵੇਂ ਪਾਸੇ ਦੀਆਂ ਸੜਕਾਂ ਮੁਕੰਮਲ ਕਰਕੇ ਲੋਕਾਂ ਨੂੰ ਸੁਖ ਦਾ ਸਾਹ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੈਂ ਮੁੱਖ ਮੰਤਰੀ ਪੰਜਾਬ ਦਾ ਇਸ ਗੱਲੋਂ ਵੀ ਰਿਣੀ ਹਾਂ ਕਿ ਮੈਂ ਅਜੇ ਤੱਕ ਵੀ ਜੋ ਵੀ ਪ੍ਰਸਤਾਵ ਉਨ੍ਹਾਂ ਨੂੰ ਹਲਕੇ ਦੇ ਵਿਕਾਸ ਲਈ ਭੇਜਿਆ ਹੈ, ਉਨ੍ਹਾਂ ਨੇ ਉਸੇ ਵੇਲੇ ਪ੍ਰਵਾਨ ਕਰਕੇ ਅਜਨਾਲਾ ਹਲਕੇ ਦਾ ਮਾਣ ਵਧਾਇਆ ਹੈ।

# ਦਾਣਾ ਮੰਡੀਆਂ 'ਚ ਕਣਕ ਦੀ ਆਮਦ ਤੇ ਖ਼ਰੀਦ ਨੇ ਫੜੀ ਤੇਜ਼ੀ

## 61856 ਮੀਟਰਿਕ ਟਨ ਕਣਕ ਦੀ ਹੋਈ ਖ਼ਰੀਦ, 96.98 ਕਰੋੜ ਰੁਪਏ ਕੀਤਾ ਭੁਗਤਾਨ-ਡੀ. ਸੀ.

ਗੁਰਦਾਸਪੁਰ, (ਦਿਨੇਸ਼ ਕੁਮਾਰ)-ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਤੇ ਖ਼ਰੀਦ ਨੇ ਤੇਜ਼ੀ ਫੜ ਲਈ ਹੈ। ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 68363 ਮੀਟਰਿਕ ਟਨ ਕਣਕ ਦੀ ਆਮਦ ਹੋਈ, ਜਿਸ ਵਿੱਚੋਂ 61856 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਹੁਣ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਆਮਦ ਵਿੱਚ ਤੇਜ਼ੀ ਆਈ ਹੈ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ ਕਣਕ ਦੀ ਫ਼ਸਲ ਨੂੰ ਬਿਨਾਂ ਕਿਸੇ ਦੇਰੀ ਤੋਂ ਖ਼ਰੀਦਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਖ਼ਰੀਦ ਏਜੰਸੀ ਪਨਗਰੇਨ ਨੇ 21535 ਮੀਟਰਿਕ ਟਨ, ਮਾਰਕਫੈੱਡ ਨੇ 17175 ਮੀਟਰਿਕ ਟਨ, ਪਨਸਪ ਨੇ 10044 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 9250 ਮੀਟਰਿਕ ਟਨ ਅਤੇ ਐੱਫ਼. ਸੀ. ਆਈ. ਨੇ 3852 ਮੀਟਰਿਕ ਟਨ ਕਣਕ ਖ਼ਰੀਦੀ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 96.98 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ।ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਖ਼ਰੀਦੀ ਗਈ ਫ਼ਸਲ ਦੀ ਲਿਫ਼ਟਿੰਗ ਵੀ ਸ਼ੁਰੂ ਕਰਵਾ ਦਿੱਤੀ ਗਈ ਹੈ ਅਤੇ ਬੀਤੇ ਕੱਲ੍ਹ ਤੱਕ 8389 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਲਿਫ਼ਟਿੰਗ ਨੂੰ ਹੋਰ ਤੇਜ਼ ਕਰਨ ਦੀਆਂ ਹਦਾਇਤਾਂ ਦੇ ਦਿੱਤੀਆਂ ਗਈਆਂ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਵਾਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 6.68 ਲੱਖ ਐੱਮ. ਟੀ. ਕਣਕ ਦੀ ਫ਼ਸਲ ਆਉਣ ਦੀ ਸੰਭਾਵਨਾ ਹੈ ਅਤੇ ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ ਲਈ 92 ਮੰਡੀਆਂ ਬਣਾਈਆਂ ਗਈਆਂ ਹਨ, ਜਦਕਿ 2 ਆਰਜ਼ੀ ਖ਼ਰੀਦ ਕੇਂਦਰ ਸਥਾਪਿਤ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖ਼ਰੀਦ ਸਬੰਧੀ ਹੋਰ ਪ੍ਰਬੰਧ ਵੀ ਮੁਕੰਮਲ ਹਨ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਸਫ਼ਾਈ, ਬਿਜਲੀ, ਪਾਣੀ, ਛਾਂ, ਬਾਥਰੂਮ ਆਦਿ ਦੇ ਪ੍ਰਬੰਧ ਵੀ ਕੀਤੇ ਗਏ ਹਨ।

# 7ਵੇਂ ਪੋਸ਼ਣ ਪੱਖਵਾੜਾ ਅਭਿਆਨ ਦੇ ਤਹਿਤ ਹਰਸ਼ਾ ਛੀਨਾ ਵਿਖੇ ਨੁੱਕੜ ਨਾਟਕ ਖੇਡਿਆ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਕੇਂਦਰ ਸੰਚਾਰ ਬਿਊਰੋ ਸੂਚਨਾ ਤੇ ਪ੍ਰਸਾਰਨ ਮੰਤਰਾਲਾ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਤੇ ਬੱਚਿਆਂ ਅਤੇ ਇਸਤਰੀਆਂ ਦੇ ਸਮਾਜਿਕ ਸੁਰੱਖਿਆ ਅਤੇ ਵਿਕਾਸ ਵਿਭਾਗ ਨਾਲ ਮਿਲ ਕੇ ਭਾਰਤ ਸਰਕਾਰ ਦੇ 7ਵੇਂ ਪੋਸ਼ਣ ਪਖਵਾੜਾ ਅਭਿਆਨ ਦੇ ਤਹਿਤ ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਨੁੱਕੜ ਨਾਟਕ ਕਰਵਾਏ ਜਾ ਰਹੇ ਹਨ ।ਇਨ੍ਹਾਂ ਨਾਟਕਾਂ ਦਾ ਮੁੱਖ ਉਦੇਸ਼ ਔਰਤਾਂ ਨੂੰ ਗਰਭ ਅਵਸਥਾ ਸਮੇਂ ਧਿਆਨ ਨਾਲ ਸਾਫ ਸੁਥਰਾ ਖਾਣਾ ਪੀਣਾ ਅਤੇ ਪੋਸ਼ਣ ਦੀ ਮਹੱਤਤਾ ਬਾਰੇ ਜਾਣਕਾਰੀ ਦੇਣਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰੋਗਰਾਮ ਅਫਸਰ ਮੀਨਾ ਦੇਵੀ ਨੇ ਦੱਸਿਆ ਕਿ ਬੱਚੇ ਦੇ ਦਿਮਾਗ ਦਾ ਵਿਕਾਸ 90 ਫੀਸਦੀ ਦੋ ਸਾਲ ਦੀ ਉਮਰ ਤੱਕ ਹੋ ਜਾਂਦਾ ਹੈ,ਇਸ ਲਈ ਬੱਚੇ ਦੇ ਪੋਸ਼ਣ ਅਤੇ ਸਿਹਤ ਵੱਲ ਇਸ ਉਮਰ ਵਿਚ ਵਿਸ਼ੇਸ ਧਿਆਨ ਦੇਣ ਦੀ ਲੋੜ ਹੈ।ਉਨ੍ਹਾਂ ਦੱਸਿਆ ਕਿ ਔਰਤਾਂ ਨੂੰ ਇਸ ਸਬੰਧੀ ਜਾਣਕਾਰੀ ਮੁਹਈਆ ਕਰਵਾਉਣ ਦੇ ਉਦੇਸ਼ ਨਾਲ ਟੀਮ ਪੰਜਾਬੀ ਸੰਵਾਦ, ਅੰਮ੍ਰਿਤਸਰ ਨਾਟਕ ਦੀ ਪੇਸ਼ਕਾਰੀ ਲਈ ਪਿੰਡ ਹਰਸ਼ਾ ਛੀਨਾ ਦੇ ਸਰਕਾਰੀ ਹਾਈ ਸੀਨੀਅਰ ਸੈਕੰਡਰੀ ਸਕੂਲ ਵਿਚ ਪਹੁੰਚੀ ਜਿੱਥੇ ਟੀਮ ਵੱਲੋਂ ਨਾਟਕ ਦੀ ਧਮਾਕੇਦਾਰ ਪੇਸ਼ਕਾਰੀ ਕੀਤੀ ਗਈ ।ਇਸ ਨਾਟਕ ਵਿਚ ਗਰਭ ਅਵਸਥਾ ਤੋਂ ਲੈ ਕੇ ਬੱਚੇ ਦੇ ਦੋ ਸਾਲ ਦੇ ਹੋਣ ਤੱਕ ਦੇ 1000 ਦਿਨਾਂ ਵਿਚ ਪੋਸ਼ਣ ਦੀ ਮਹੱਤਤਾ ਨੂੰ ਦਰਸਾਇਆ ਗਿਆ ਹੈ ।ਗਰਭਵਤੀ ਔਰਤਾਂ ਨੂੰ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਕਿਹੜੀਆਂ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ ਉਹ ਨਾਟਕ ਵਿਚ ਬੜੇ ਹੀ ਦਿਲਚਸਪ ਢੰਗ ਨਾਲ ਦਿਖਾਇਆ ਗਿਆ ਹੈ ।ਪੋਸ਼ਣ ਟਰੈਕਰ ਐਪ ਬਾਰੇ ਵੀ ਸਭ ਨੂੰ ਜਾਣਕਾਰੀ ਦਿੱਤੀ ਗਈ ।ਨਾਟਕ ਵਿਚ ਜੋਤੀ ਬਾਵਾ, ਮਨਿੰਦਰ ਸਿੰਘ, ਫਕੀਰਚੰਦ, ਹਰਪ੍ਰੀਤ ਕੌਰ, ਜਸਲੀਨ ਕੌਰ, ਸੁਰਿੰਦਰ ਸਿੰਘ, ਰਾਜਵਿੰਦਰ ਕੌਰ ਅਤੇ ਜਸਮੀਤ ਸਿੰਘ ਨੇ ਬਤੌਰ ਅਦਾਕਾਰ ਕੰਮ ਕੀਤਾ ।ਦੂਜਾ ਨਾਟਕ ਪਿੰਡ ਆਦਿਲਵਾਲਾ ਦੇ ਗੁਰੂਦਵਾਰਾ ਸਾਹਿਬ ਦੇ ਹਾਲ ਵਿਚ ਅੰਗਣਵਾੜੀ ਵਰਕਰਾਂ ਅਤੇ ਔਰਤਾਂ ਦੇ ਸਾਹਮਣੇ ਨਾਟਕ ਦੀ ਪੇਸ਼ਕਾਰੀ ਹੋਈ ।ਸਭ ਨੇ ਨਾਟਕ ਨੂੰ ਬਹੁਤ ਪਸੰਦ ਕੀਤਾ ਅਤੇ ਨਾਟਕ ਵਿਚ ਦਿੱਤੀ ਗਈ ਜਾਣਕਾਰੀ ਨੂੰ ਗੌਰ ਨਾਲ ਸਮਝਿਆ ।

# ਲੈਨਿਨ ਦੇ ਸਾਮਰਾਜ ਤੇ ਸੱਜ ਪਛਾਖੜੀ ਤਾਕਤਾਂ ਬਾਰੇ ਕਥਨ ਸੱਚ ਸਾਬਿਤ ਹੋ ਰਹੇ:ਸ਼ਿਵ ਕੁਮਾਰ



**ਪਠਾਨਕੋਟ (ਦਵਿੰਦਰ ਸਿੰਘ)**-ਸੰਸਾਰ ਦੇ ਪਹਿਲੇ ਸਮਾਜਵਾਦੀ ਕਿਰਤੀ ਰਾਜ ਦੇ ਸੰਸਥਾਪਕ ਰੂਸੀ ਕ੍ਰਾਂਤੀ ਦੇ ਮਹਾਨ ਕਮਿਊਨਿਸਟ ਆਗੂ ਕਾਮਰੇਡ ਲੈਨਿਨ ਦੇ 155ਵੇਂ ਜਨਮਦਿਨ ਉਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਤਹਿਸੀਲ ਪਠਾਨਕੋਟ ਵੱਲੋਂ ਸੁਜਾਨਪੁਰ ਪੰਜ ਨੰਬਰ ਪੁਲ ਪਾਰਟੀ ਦਫਤਰ ਵਿਖੇ ਕਾਮਰੇਡ ਲੈਨਿਨ ਦੇ ਜੀਵਨ ਨਾਲ ਸਬੰਧਤ ਮਾਰਕਸਵਾਦੀ ਵਿਚਾਰ ਚਰਚਾ ਅਧਾਰਿਤ ਸੈਮੀਨਾਰ ਮਾਸਟਰ ਸੁਭਾਸ਼ ਸ਼ਰਮਾਂ ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਪਾਰਟੀ ਆਗੂ ਕਾਮਰੇਡ ਸ਼ਿਵ ਕੁਮਾਰ, ਮਾਸਟਰ ਸੁਭਾਸ਼ ਸ਼ਰਮਾ ਅਤੇ ਬਲਵੰਤ ਸਿੰਘ ਘੋਹ ਨੇ ਕਿਹਾ ਕਿ ਇੱਕ ਸੌ ਵੀਹ ਸਾਲ ਪਹਿਲਾਂ ਕਾਮਰੇਡ ਲੈਨਿਨ ਨੇ ਪੂੰਜੀਵਾਦ ਬਾਰੇ ਕਿਹਾ ਸੀ ਕਿ ਪੂੰਜੀਵਾਦ ਸਾਮਰਾਜ ਵੱਲ ਵਧ ਰਿਹਾ ਹੈ ਅਤੇ ਸੰਸਾਰ ਭਰ ਦੀਆਂ ਸੱਜ ਪਛਾਖੜੀ ਤਾਕਤਾਂ ਸਾਮਰਾਜ ਦਾ ਗੱਲਬਾ ਵਧਾਉਣ ਲਈ ਹਰ ਹਰਬਾ ਵਰਤਣਗੀਆਂ ਜੋ ਅੱਜ ਸੱਚ ਸਾਬਿਤ ਹੋ ਰਿਹਾ ਹੈ।ਸਾਮਰਾਜੀ ਤਾਕਤਾਂ ਲੁੱਟ ਵਧਾਉਣ ਲਈ ਸੰਸਾਰ ਮੰਡੀ ਤੇ ਕਬਜ਼ਾ ਕਰਨ ਲਈ ਦੁਨੀਆ ਨੂੰ ਸੰਸਾਰ ਜੰਗ ਵੱਲ ਧੱਕਣ ਦੀਆਂ ਵਿਉਂਤਾਂ ਬੁਣ ਰਹੀਆਂ ਹਨ।ਕੇਂਦਰ ਦੀ ਮੋਦੀ ਸਰਕਾਰ ਅਮਰੀਕਨ ਸਾਮਰਾਜ ਦੀਆਂ ਅਣਮਨੁੱਖੀ ਅੱਤਿਆਚਾਰ ਭਰੀਆਂ ਅੱਤ ਨਿੰਦਣਯੋਗ ਕਾਰਵਾਈਆਂ ਅਤੇ ਭਾਰਤ ਦੀ ਆਰਥਿਕ ਲੁੱਟ ਕਰਨ ਦੇ ਮਨਸੂਬਿਆਂ ਨੂੰ ਖਿੜੇ ਮੱਥੇ ਪ੍ਰਵਾਨ ਕਰਕੇ ਦੇਸ਼ ਨੂੰ ਤਬਾਹ ਕਰਨ ਵਾਲੇ ਪਾਸੇ ਤੁਰੀ ਹੋਈ ਹੈ।ਆਗੂਆਂ ਨੇ ਅੱਗੇ ਕਿਹਾ ਕਿ ਭਾਰਤ ਦੇ ਜਲ ਜੰਗ ਜ਼ਮੀਨ ਤੇ ਹੋਰ ਬੇਸ਼ੁਮਾਰ ਕੀਮਤੀ ਖਣਿਜ ਪਦਾਰਥਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਭਾਜਪਾ ਦੀ ਮੋਦੀ ਸਰਕਾਰ ਦੇ ਦੇਸੀ ਵਿਦੇਸ਼ੀ ਬਹੁ ਰਾਸ਼ਟਰੀ ਨੂੰ ਖੁੱਲ੍ਹ ਦੇਣ ਦੇ ਫੈਸਲਿਆਂ ਤੋਂ ਦੇਸ਼ ਵਾਸੀਆਂ ਦਾ ਧਿਆਨ ਲਾਂਭੇ ਕਰਨ ਲਈ ਆਰਐੱਸਐੱਸ ਦੀ ਅਗਵਾਈ ਹੇਠ ਦੇਸ਼ ਅੰਦਰ ਸੈਂਕੜੇ ਤੇ ਪੰਜਾਬ ਅੰਦਰ ਦਰਜਨਾਂ ਦੇ ਕਰੀਬ ਵੱਖ-ਵੱਖ ਨਾਵਾਂ ਹੇਠ ਸੰਗਠਨ ਬੜੇ ਯੋਜਨਾਬੱਧ ਢੰਗ ਨਾਲ ਕੰਮ ਕਰਦਿਆਂ ਧਰਮ ਜਾਤ-ਪਾਤ ਅਧਾਰਿਤ ਵੰਡਣ ਦਾ ਕੋਝਾ ਯਤਨ ਕਰ ਰਹੀ ਹੈ।ਆਗੂਆਂ ਨੇ ਕਿਰਤੀ ਵਰਗ ਮਹਾਨ ਆਗੂ ਕਾਮਰੇਡ ਲੈਨਿਨ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ ਰਾਹੀਂ ਮਿਹਨਤਕਸ਼ ਵਰਗ ਨੂੰ ਅਪੀਲ ਕੀਤੀ ਕਿ ਹਾਕਮਾਂ ਦੇ ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਕਿਰਦਾਰ ਨੂੰ ਪਛਾਣ ਕੇ ਲਗਾਤਾਰ ਲੋਕ ਲਾਮਬੰਦੀ ਕਰਕੇ ਸਾਂਝੇ ਤੌਰ ਤੇ ਸੰਘਰਸ਼ ਤਿੱਖਾ ਕੀਤਾ ਜਾਵੇ।ਇਸ ਮੌਕੇ ਉਪਰੋਕਤ ਤੋਂ ਇਲਾਵਾ ਬਲਦੇਵ ਰਾਜ ਭੋਆ, ਬਲਬੀਰ ਸਿੰਘ ਬੇੜੀਆਂ, ਦੇਵ ਰਾਜ, ਅਜੀਤ ਰਾਮ ਗੰਦਲਾਂ ਲਾਹੜੀ, ਰਘਬੀਰ ਸਿੰਘ ਧਲੌਰੀਆਂ, ਸਕੱਤਰ ਸਿੰਘ, ਬਲਕਾਰ ਚੰਦ ਭਰਿਆਲ ਲਾਹੜੀ, ਨਿਰਮਲਾ ਦੇਵੀ, ਮਨਹਰਨ, ਰਣਜੋਧ ਸਿੰਘ, ਅਵਤਾਰ ਸਿੰਘ, ਯਸਪਾਲ, ਦਰਸ਼ਨ ਸਿੰਘ, ਹਰਭਜਨ ਸਿੰਘ ਅਤੇ ਹੋਰ ਸਾਥੀ ਹਾਜ਼ਰ ਸਨ।

# ਨਾਜਾਇਜ਼ ਪਿਸਤੌਲਾਂ ਸਣੇ ਦੋ ਹਥਿਆਰ ਤਸਕਰ ਗ੍ਰਿਫ਼ਤਾਰ




ਤਰਨਤਾਰਨ (ਪ੍ਰਿਤਪਾਲ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੇ ਪੰਜਾਬ ਨੂੰ ਅਪਰਾਧ-ਮੁਕਤ ਰਾਜ ਬਣਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ ਦੌਰਾਨ ਪੰਜਾਬ ਪੁਲਸ ਨੇ ਮੰਗਲਵਾਰ ਨੂੰ ਸਰਾਏ ਅਮਾਨਤ ਖਾਨ ਦੇ ਪਿੰਡ ਭੂਸੇ ਨੇੜੇ ਹੋਈ ਇੱਕ ਸੰਖੇਪ ਗੋਲੀਬਾਰੀ ਤੋਂ ਬਾਅਦ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ, ਸੀਨੀਅਰ ਪੁਲਸ ਸੁਪਰਡੈਂਟ (ਐੱਸਐੱਸਪੀ) ਤਰਨ ਤਾਰਨ ਅਭਿਮਨਿਊ ਰਾਣਾ ਨੇ ਕਿਹਾ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਖਦੇਵ ਸਿੰਘ ਉਰਫ਼ ਦੇਵ, ਵਾਸੀ ਰਤਨ ਕਲਾਂ, ਅਟਾਰੀ, ਅੰਮ੍ਰਿਤਸਰ ਦਿਹਾਤੀ ਅਤੇ ਸਵਰਨ ਸਿੰਘ, ਵਾਸੀ ਕੋਨੇਵਾਲਾ, ਰਾਮਦਾਸ ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ।ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਆਧੁਨਿਕ ਪਿਸਤੌਲ ਵੀ ਬਰਾਮਦ ਕੀਤੇ ਹਨ। ਐੱਸਐੱਸਪੀ ਅਭਿਮਨਿਊ ਰਾਣਾ ਨੇ ਕਿਹਾ ਕਿ ਸਰਾਏ ਅਮਾਨਤ ਖਾਨ ਦੇ ਖੇਤਰ ਵਿੱਚ ਘੁੰਮ ਰਹੇ ਬਾਈਕ ਸਵਾਰ ਸ਼ੱਕੀਆਂ ਬਾਰੇ ਸੂਚਨਾ ਤੇ ਕਾਰਵਾਈ ਕਰਦੇ ਹੋਏ ਸੀਆਈਏ ਸਟਾਫ, ਤਰਨਤਾਰਨ ਦੀ ਪੁਲਸ ਟੀਮ ਨੇ ਪਿੱਛਾ ਕੀਤਾ ਅਤੇ ਪਿੰਡ ਭੂਸੇ ਨੇੜੇ ਇੱਕ ਨਾਕੇ ਤੇ ਉਨ੍ਹਾਂ ਨੂੰ ਲੱਭਣ ਵਿੱਚ ਕਾਮਯਾਬੀ ਹਾਸਲ ਕੀਤੀ।ਐੱਸਐੱਸਪੀ ਨੇ ਕਿਹਾ ਕਿ ਜਦੋਂ ਪੁਲਸ ਪਾਰਟੀਆਂ ਨੇ ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮ ਸੁਖਦੇਵ ਸਿੰਘ ਦੇਵ ਨੇ ਪੁਲਿਸ ਪਾਰਟੀ ਤੇ ਗੋਲੀਬਾਰੀ ਕੀਤੀ। ਜਦੋਂ ਪੁਲਸ ਪਾਰਟੀਆਂ ਨੇ ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ ਤਾਂ ਦੋਸ਼ੀ ਸੁਖਦੇਵ ਸਿੰਘ ਦੇਵ ਨੇ ਪੁਲਸ ਪਾਰਟੀ ਤੇ ਗੋਲੀਬਾਰੀ ਕੀਤੀ। ਐੱਸਐੱਸਪੀ ਨੇ ਕਿਹਾ ਕਿ ਪੁਲਸ ਨੇ ਸਵੈ-ਰੱਖਿਆ ਵਿੱਚ ਜਵਾਬੀ ਕਾਰਵਾਈ ਕੀਤੀ ਜਿਸਦੇ ਨਤੀਜੇ ਵਜੋਂ ਸੁਖਦੇਵ ਜ਼ਖਮੀ ਹੋ ਗਿਆ।ਬਾਅਦ ਵਾਲੇ ਨੂੰ ਡਾਕਟਰੀ ਇਲਾਜ ਲਈ ਸਥਾਨਕ ਹਸਪਤਾਲ ਲਿਜਾਇਆ ਗਿਆ।ਐੱਸਐੱਸਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਵੇਂ ਮੁਲਜ਼ਮ ਪਾਕਿਸਤਾਨ ਸਥਿਤ ਤਸਕਰਾਂ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਪਾਕਿਸਤਾਨ ਤੋਂ ਡਰੋਨ ਰਾਹੀਂ ਤਸਕਰੀ ਸਮੱਗਰੀ ਪ੍ਰਾਪਤ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੇ ਪੂਰੇ ਨੈੱਟਵਰਕ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

# ਟੀ ਸੀ ਇੰਟਰਨੈਸ਼ਨਲ ਸਕੂਲ 'ਚ ਧਰਤੀ ਦਿਵਸ ਮਨਾਇਆ



ਗੁਰਦਾਸਪੁਰ (ਦਿਨੇਸ਼ ਕੁਮਾਰ)-ਟੀ. ਸੀ. ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਧਰਤੀ ਦਿਵਸ ਮਨਾਇਆ ਗਿਆ।

ਇਸ ਮੌਕੇ ਵਿਦਿਆਰਥੀਆਂ ਨੇ ਧਰਤੀ ਮਾਤਾ ਦਾ ਧੰਨਵਾਦ ਕਰਦੇ ਪੱਤਰ ਲਿਖੇ।ਕਿੰਡਰਗਾਰਟਨ ਦੇ ਬੱਚੇ 'ਸੇਵ ਅਰਥ' ਗੀਤ 'ਤੇ ਨੱਚੇ ਅਤੇ ਇਸਦੀ ਮਹੱਤਤਾ ਬਾਰੇ ਜਾਣੂ ਕਰਵਾਇਆ।

ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਧਰਤੀ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਆਪਣੀ ਧਰਤੀ ਦੀ ਰੱਖਿਆ ਕਰਨਾ ਸਾਡਾ ਸਭ ਦਾ ਫਰਜ਼ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਧਰਤੀ ਦੀ ਮਹੱਤਤਾ ਅਤੇ ਇਸਦੀ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਸਮਾਗਮ ਰਾਹੀਂ ਸਕੂਲ ਪ੍ਰਸ਼ਾਸਨ ਨੇ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਅਤੇ ਸੰਵੇਦਨਸ਼ੀਲਤਾ ਵਧਾਉਣ ਦੀ ਕੋਸ਼ਿਸ਼ ਕੀਤੀ।

# ਐੱਨਡੀਆਰਐੱਫ ਨੇ ਹਰੀਕੇ ਹੈੱਡ ਵਰਕਸ ਨੋਜ਼ ਪੁਆਇੰਟ 'ਤੇ ਕੀਤੀ ਮੌਕ ਡਰਿੱਲ



ਭਿੱਖੀਵਿੰਡ/ਖਾਲੜਾ ਲਖਵਿੰਦਰ ਸਿੰਘ ਗੋਲਣ ਰਣਬੀਰ ਸਿੰਘ ਗੋਲਣ)-ਐੱਨਡੀਆਰਐੱਫ ਵੱਲੋਂ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਹਰੀਕੇ ਪੱਤਣ ਵਿਖੇ ਨੋਜ਼ ਪੁਆਇੰਟ ਹਰੀਕੇ ਹੈੱਡਵਰਕਸ 'ਤੇ ਹੜ੍ਹ ਮੌਕੇ ਕੀਤੇ ਜਾਣ ਵਾਲੇ ਬਚਾਓ ਕਾਰਜਾਂ ਦੀ ਮੌਕ ਡਰਿੱਲ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐੱਸਡੀਐੱਮ ਪੱਟੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਮੌਕ ਡਰਿੱਲ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਵਿੱਚ ਆਪਸੀ ਤਾਲਮੇਲ ਮਜ਼ਬੂਤ ਹੁੰਦਾ ਹੈ ਅਤੇ ਬਚਾਓ ਕਾਰਜਾਂ ਸੰਬੰਧੀ ਸਾਰਿਆਂ ਨੂੰ ਸਿਖਲਾਈ ਮਿਲ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਦੇ ਕਈ ਇਲਾਕੇ ਬਿਆਸ ਅਤੇ ਸਤਲੁਜ ਦਰਿਆ ਦੇ ਬਿਲਕੁਲ ਨਜ਼ਦੀਕ ਹਨ ਜਿਸ ਕਾਰਨ ਇਨ੍ਹਾਂ ਥਾਵਾਂ ਤੇ ਹੜ੍ਹਾਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਸਿਖਲਾਈ ਨਾਲ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੀ ਕਾਰਜ ਕੁਸ਼ਲਤਾ ਵਿੱਚ ਵਾਧਾ ਹੋਵੇਗਾ। ਇਸ ਮੌਕੇ ਐੱਨਡੀਆਰਐੱਫ ਤੋਂ ਅਸਿਸਟੈਂਟ ਕਮਾਂਡੈਂਟ ਪੰਕਜ ਸ਼ਰਮਾ ਨੇ ਦੱਸਿਆ ਕਿ ਐੱਨਡੀਆਰਐੱਫ ਦੀਆਂ ਦੇਸ਼ ਵਿੱਚ 16 ਬਟਾਲੀਅਨਾਂ ਹਨ ਅਤੇ ਇਹ ਮੌਕ ਡਰਿੱਲ ਸੱਤਵੀਂ ਬਟਾਲੀਅਨ ਵੱਲੋਂ ਕਰਵਾਈ ਗਈ ਹੈ। ਇਸ ਮੌਕੇ ਐੱਨਡੀਆਰਐੱਫ ਦੀ ਟੀਮ ਵੱਲੋਂ ਬਚਾਓ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਔਜ਼ਾਰਾਂ ਅਤੇ ਮਸ਼ੀਨਾਂ ਦੀ ਪ੍ਰਦਰਸ਼ਨੀ ਲਗਾਈ ਗਈ ਅਤੇ ਜ਼ਿਲਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਨਾਲ-ਨਾਲ ਆਮ ਲੋਕਾਂ ਨੂੰ ਪਾਣੀ ਵਿੱਚ ਫਸੇ ਵਿਅਕਤੀਆਂ ਨੂੰ ਬਾਹਰ ਕੱਢਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐੱਨਡੀਆਰਐੱਫ ਦੀ ਟੀਮ ਨੇ ਘਰੇਲੂ ਸਾਮਾਨ ਤੋਂ ਬਣਾਈਆਂ ਗਈਆਂ ਵਸਤੂਆਂ ਜਿਨ੍ਹਾਂ ਦੀ ਵਰਤੋਂ ਕਰਕੇ ਆਮ ਲੋਕ ਬੜੀ ਆਸਾਨੀ ਨਾਲ ਹੜ੍ਹ ਦੇ ਪਾਣੀ ਵਿੱਚੋਂ ਆਪਣਾ ਬਚਾਅ ਕਰ ਸਕਦੇ ਹਨ,ਵੀ ਪ੍ਰਦਰਸ਼ਿਤ ਕੀਤੀਆਂ।ਇਸ ਮੌਕੇ ਐੱਨਡੀਆਰਐੱਫ ਦੀ 7ਵੀਂ ਬਟਾਲੀਅਨ ਬਠਿੰਡਾ ਤੋਂ ਇੰਸਪੈਕਟਰ ਯੁੱਧਵੀਰ ਸਿੰਘ, ਸਬ-ਇੰਸਪੈਕਟਰ ਸ਼ਸ਼ੀ ਤੇ ਸਤਪਾਲ ਸਿੰਘ, ਏਐੱਸਆਈ ਰਾਮ ਪ੍ਰਕਾਸ਼ ਸਮੇਤ ਟੀਮ ਮੈਂਬਰ ਅਤੇ ਐੱਸਐੱਮਓ ਡਾ. ਨੀਤੂ, ਹਰੀਕੇ ਤੋਂ ਸਰਪੰਚ ਇਕਬਾਲ ਸਿੰਘ ਸਿੱਧੂ, ਰਣਜੀਤ ਸਿੰਘ ਪਟਵਾਰੀ,ਲਲਿਤ ਅਰੋੜਾ,ਆਰਸੀ ਹਰੀਕੇ ਬਲਜੀਤ ਕੌਰ ਅਤੇ ਆਮ ਲੋਕਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਇੰਪਲਾਈਜ਼ ਫੈਡਰੇਸ਼ਨ ਨੇ ਬੰਡਾਲਾ ਸਬ-ਡਵੀਜ਼ਨ ਦਫਤਰ ਵਿਖੇ ਕੇਸਰੀ ਝੰਡਾ ਚੜ੍ਹਾਇਆ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਇੰਪਲਾਈਜ਼ ਫੈਡਰੇਸ਼ਨ ਦੀ ਇੱਕ ਅਹਿਮ ਮੀਟਿੰਗ ਪੀਐੱਸਪੀਸੀਐੱਲ ਦੀ ਸਬ ਡਵੀਜ਼ਨ ਬੰਡਾਲਾ ਦੇ ਦਫਤਰ ਵਿਖੇ ਹੋਈ ਜਿਸ ਵਿੱਚ ਜਥੇਬੰਦੀ ਦਾ ਕੇਸਰੀ ਝੰਡਾ ਚੜ੍ਹਾਉਣ ਦੀ ਰਸਮ ਕਰਨ ਸਿੰਘ ਤੇ ਮਨਿੰਦਰ ਸਿੰਘ ਮਨੀ ਪ੍ਰਧਾਨ ਡਵੀਜ਼ਨ ਜੰਡਿਆਲਾ ਗੁਰੂ ਵੱਲੋਂ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ ਤੇ ਪ੍ਰਤਾਪ ਸਿੰਘ ਪ੍ਰਧਾਨ ਬਾਡਰ ਜੋਨ, ਸੁਖਦੇਵ ਸਿੰਘ ਸਰਕਲ ਪ੍ਰਧਾਨ ਨੇ ਜਥੇਬੰਦੀ ਦੇ ਸਾਥੀਆਂ ਨਾਲ ਵਿਚਾਰ ਸਾਂਝੇ ਕੀਤੇ ਤੇ ਜਥੇਬੰਦੀ ਨੂੰ ਬੁਲੰਦੀਆਂ ਤੇ ਲੈ ਕੇ ਜਾਣ ਲਈ ਮੁਲਾਜ਼ਮ ਸਾਥੀਆਂ ਨੂੰ ਵਿਸ਼ਵਾਸ ਦਿੱਤਾ।

ਇਸ ਮੌਕੇ ਮਨਿੰਦਰ ਸਿੰਘ ਮਨੀ ਪ੍ਰਧਾਨ ਨੇ ਜਥੇਬੰਦੀ ਦੇ ਅਹੁਦੇਦਾਰਾਂ ਤੇ ਸਾਥੀਆਂ ਨੂੰ ਯਕੀਨ ਦਿੱਤਾ ਕਿ ਉਹ ਹਰ ਸਮੇਂ ਉਨ੍ਹਾਂ ਦੀ ਕੋਈ ਵੀ ਡਿਊਟੀ ਦੌਰਾਨ ਮੁਸ਼ਕਲ ਹੋਵੇਗੀ, ਉਸ ਨੂੰ ਜਲਦੀ ਤੋਂ ਜਲਦੀ ਹੱਲ ਕਰਵਾਇਆ ਜਾਵੇਗਾ ਤੇ ਜਥੇਬੰਦੀ ਦੀ ਤਰੱਕੀ ਲਈ ਵੱਧ ਚੜ੍ਹ ਕੇ ਕੰਮ ਕਰਾਂਗਾ।ਇਸ ਮੌਕੇ ਨਿਰਮਲ ਸਿੰਘ, ਗੁਰਸੇਵਕ ਸਿੰਘ, ਹਰਮੀਤ ਸਿੰਘ, ਵਰਿੰਦਰ ਸਿੰਘ, ਮਨਪ੍ਰੀਤ ਸਿੰਘ, ਗੁਰਦੇਵ ਸਿੰਘ, ਵਿਕਰਮਜੀਤ ਸਿੰਘ, ਕੰਧਾਰ ਸਿੰਘ, ਜਸਪਾਲ ਸਿੰਘ, ਦਵਿੰਦਰ ਸਿੰਘ ਭੰਗੂ, ਗੁਰਦੇਵ ਸਿੰਘ ਦਿਉ, ਰੋਮਨਦੀਪ ਕੌਰ, ਮਨਜੀਤ ਸਿੰਘ ਤੋਂ ਇਲਾਵਾ ਹੋਰ ਵੀ ਜਥੇਬੰਦੀ ਦੇ ਸਾਥੀਆਂ ਵੱਲੋਂ ਮੀਟਿੰਗ ਵਿੱਚ ਪਹੁੰਚ ਕੇ ਹਾਜ਼ਰੀ ਲਗਵਾਈ ਗਈ।

# ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦੇ ਮੁੱਢਲੇ ਢਾਂਚੇ ਨੂੰ ਕਰੇਗੀ ਮਜ਼ਬੂਤ: ਰੰਧਾਵਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਦੋਵਾਲੀ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ ਉਦੋਵਾਲੀ ਕਲਾਂ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਗਿੱਲਾਂਵਾਲੀ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤੈ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਵਿਚ ਵੱਡਾ ਬਦਲਾਅ ਲੈ ਕੇ ਆ ਰਹੀ ਹੈ ਅਤੇ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਹਟਾ ਕੇ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾ ਰਹੇ ਹਨ। ਸ: ਰੰਧਾਵਾ ਨੇ ਕਿਹਾ ਕਿ ਲੋਕਾਂ ਦਾ ਇਹ ਰੁਝਾਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸਕੂਲਾਂ ਵਿਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਦਾ ਹੀ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਿੱਚ ਮਦਦਗਾਰ ਸਾਬਤ ਹੋਵੇਗੀ ਤੇ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕਤਾ ਨਾਲ ਭਰਪੂਰ ਸਿੱਖਿਆ ਪ੍ਰਦਾਨ ਕਰਨ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਭੇਜ ਕੇ ਸਿਖਲਾਈ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ।

ਇਸ ਮੌਕੇ ਗੁਰਦੀਪ ਸਿੰਘ ਰੰਧਾਵਾ ਨੇ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਮੇਜਰ ਸਿੰਘ ਠੇਠਰਕੇ, ਹਰਪ੍ਰੀਤ ਸਿੰਘ ਹੈਪੀ ਸਰਪੰਚ ਬਹਿਲੋਲਪੁਰ, ਮੈਡਮ ਮਨਬੀਰ ਕੌਰ ਮੁੱਖ ਅਧਿਆਪਕਾ ਹਾਈ ਸਕੂਲ ਉਦੋਵਾਲੀ, ਮਾਸਟਰ ਸੂਬਾ ਸਿੰਘ, ਮੈਡਮ ਨਵਜੀਤ ਕੌਰ, ਮੈਡਮ ਸਰਬਜੀਤ ਕੌਰ, ਵਿਪਨ ਨੰਦਾ, ਮੈਡਮ ਸਤਿੰਦਰ ਕੌਰ, ਮੈਡਮ ਹਰਿੰਦਰ ਕੌਰ, ਮਨਪ੍ਰੀਤ ਸਿੰਘ, ਮੈਡਮ ਬਲਜਿੰਦਰ ਕੌਰ ਤੋਂ ਇਲਾਵਾ ਸਕੂਲ ਦੇ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

# ਧਰਤੀ ਦੀ ਸਾਂਭ-ਸੰਭਾਲ ਲਈ ਸਭ ਨੂੰ ਸੁਹਿਰਦ ਯਤਨ ਕਰਨ ਦੀ ਲੋੜ: ਡਾ. ਭੁਪਿੰਦਰ ਸਿੰਘ



ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਜਸਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ 22 ਅਪ੍ਰੈਲ ਨੂੰ ਵਿਸ਼ਵ ਪੱਧਰ ਤੇ ਮਨਾਏ ਜਾਂਦੇ ਧਰਤੀ ਦਿਵਸ ਦੀ ਮਹੱਤਤਾ ਸਬੰਧੀ ਬਲਾਕ ਪੱਟੀ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਬਲਾਕ ਖੇਤੀਬਾੜੀ ਅਫਸਰ, ਪੱਟੀ ਡਾ. ਭੁਪਿੰਦਰ ਸਿੰਘ, ਹਰਮਨਦੀਪ ਕੌਰ ਏਡੀਓ, ਗੁਰਪ੍ਰੀਤ ਸਿੰਘ ਬੀਟੀਐੱਮ ਅਤੇ ਦਇਆਪ੍ਰੀਤ ਸਿੰਘ ਏਈਓ ਨੇ ਹਾਜ਼ਰੀਨ ਨੂੰ ਦੱਸਿਆ ਕਿ ਸਾਲ 2025 ਦੇ ਧਰਤੀ ਦਿਵਸ ਦਾ ਉਦੇਸ਼ ਸਾਡੀ ਊਰਜਾ, ਸਾਡਾ ਗ੍ਰਹਿ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੁਦਰਤ ਦੀ ਸਮੁੱਚੀ ਸ੍ਰਿਸ਼ਟੀ ਵਿੱਚ ਸਿਰਫ ਧਰਤੀ ਹੀ ਇੱਕੋ ਇੱਕ ਅਜਿਹਾ ਗ੍ਰਹਿ ਹੈ ਜਿੱਥੇ ਮਨੁੱਖੀ ਜੀਵਨ ਸੰਭਵ ਹੈ ਪਰ ਮਨੁੱਖੀ ਬੇਪਰਵਾਹੀ ਨਾਲ ਇਸ ਅਨਮੋਲ ਤੋਹਫੇ ਨੂੰ ਤੇਜ਼ੀ ਨਾਲ ਬਰਬਾਦ ਕੀਤਾ ਜਾ ਰਿਹਾ ਹੈ ਜਿਸ ਨਾਲ ਆਉਂਦੇ ਸਾਲਾਂ ਵਿੱਚ ਇਸਦੇ ਸਿੱਟੇ ਬਹੁਤ ਘਾਤਕ ਰੂਪ ਵਿੱਚ ਸਾਹਮਣੇ ਆ ਸਕਦੇ ਹਨ।ਰੁੱਖਾਂ ਦੀ ਕਟਾਈ, ਪਾਣੀ ਦੀ ਬਰਬਾਦੀ, ਵਾਹਨਾਂ, ਫੈਕਟਰੀਆਂ ਅਤੇ ਫਸਲੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਨਿਕਲਦੇ ਜ਼ਹਿਰੀਲੇ ਧੂੰਏਂ, ਰਸਾਇਣਿਕ ਖਾਦਾਂ ਅਤੇ ਜ਼ਹਿਰਾਂ ਦੀ ਦਿਨੋਂ ਦਿਨ ਵੱਧ ਰਹੀ ਵਰਤੋ ਚਿੰਤਾ ਦਾ ਕਾਰਨ ਹਨ। ਇਸ ਨਾਲ ਸਾਡੇ ਜਨ ਜੀਵਨ ਸਮੇਤ ਹੋਰਨਾਂ ਪ੍ਰਜਾਤੀਆਂ ਉਤੇ ਵੀ ਬਹੁਤ ਮਾਰੂ ਅਸਰ ਪੈ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਧਰਤੀ ਉੱਤੇ ਲਗਾਤਾਰ ਵਧ ਰਹੀ ਤਪਸ਼ ਅਤੇ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਲਈ ਜ਼ਰੂਰੀ ਹੈ ਕਿ ਵੱਧ ਤੋਂ ਵੱਧ ਰੁੱਖ ਲਗਾਏ ਜਾਣ, ਪਲਾਸਟਿਕ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਵੇ, ਅਨਾਜ ਵਾਲੀਆਂ ਫਸਲਾਂ ਦੌਰਾਨ ਘਰੇਲੂ ਖਪਤ ਅਨੁਸਾਰ ਹੀ ਫਲੀਦਾਰ ਫਸਲਾਂ ਦੀ ਕਾਸ਼ਤ ਕੀਤੀ ਜਾਵੇ ਅਤੇ ਫਸਲੀ ਰਹਿਦ ਖੂੰਹਦ ਨੂੰ ਖੇਤਾਂ ਵਿੱਚ ਹੀ ਰਲਾਉਣ ਲਈ ਵੱਧ ਤੋਂ ਵੱਧ ਯਤਨ ਕੀਤੇ ਜਾਣ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ ਜੋ ਕਿਸਾਨ ਪਰਾਲੀ ਪ੍ਰਬੰਧਨ ਮਸ਼ੀਨਾਂ ਲੈਣ ਦੇ ਚਾਹਵਾਨ ਹਨ ਉਹ 12 ਮਈ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ।ਉਨ੍ਹਾਂ ਜਾਣਕਾਰੀ ਦਿੱਤੀ ਕਿ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਠੱਲ ਪਾਉਣ ਲਈ ਘੱਟ ਸਮਾਂ ਲੈਣ ਵਾਲੀਆਂ ਝੋਨੇ ਦੀਆਂ ਕਿਸਮਾਂ ਦੀ ਲਵਾਈ 5 ਜੂਨ ਤੋਂ ਪਹਿਲਾ ਨਾਂ ਕੀਤੀ ਜਾਵੇ।ਉਨ੍ਹਾ ਕਿਹਾ ਕਿ ਇਸ ਲਈ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਤੇ ਸਰਕਾਰ ਵੱਲੋਂ ਮੁਕੰਮਲ ਪਾਬੰਦੀ ਲਗਾਈ ਗਈ ਹੈ।ਇਸ ਮੌਕੇ ਸੂਝਵਾਨ ਕਿਸਾਨ ਸੁਰਜੀਤ ਸਿੰਘ ਚੀਮਾ ਕਲਾਂ, ਨਿਰਵੈਲ ਸਿੰਘ ਕੰਡਿਆਲਾ ਆਦਿ ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਪ੍ਰਤਾਪ ਸਿੰਘ ਸਰਪੰਚ ਬੁਰਜ ਰਾਏ ਕੇ, ਤਲਵਿੰਦਰ ਸਿੰਘ ਸਰਪੰਚ ਸੈਦੋ, ਜਸਵੀਰ ਸਿੰਘ ਸਰਪੰਚ ਰੱਤਾ ਗੁੱਦਾ, ਪ੍ਰਤਾਪ ਸਿੰਘ ਪੱਤੀ ਕਿਲਾ, ਖੇਤੀ ਉਪ ਨਿਰੀਖਕ ਬਲਰਾਜ ਸਿੰਘ, ਰਣਜੀਤ ਸਿੰਘ, ਗੁਰਸਿਮਰਨ ਸਿੰਘ, ਨਿਸ਼ਾਨ ਸਿੰਘ ਅਤੇ ਫੀਲਡ ਵਰਕਰ ਦਿਲਬਾਗ ਸਿੰਘ, ਬਲਜੀਤ ਕੌਰ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਸਿੱਖਿਆ ਕ੍ਰਾਂਤੀ ਨਾਲ ਪੰਜਾਬ ਪੁੱਟ ਰਿਹੈ ਨਵੀਆਂ ਪੁਲਾਂਘਾਂ : ਜੱਗਾ ਮਜੀਠਾ



ਤਰਸਿੱਕਾ, ਤਰਸੇਮ ਸਿੰਘ ਸਾਧਪੁਰ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਸਿੱਖਿਆ ਦੇ ਖੇਤਰ 'ਚ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ ਅਤੇ ਸਰਕਾਰੀ ਇਮਾਰਤਾਂ ਦੀ ਦਿੱਖ ਵੀ ਪ੍ਰਾਈਵੇਟ ਸਕੂਲਾਂ ਨਾਲੋ ਬਿਹਤਰ ਹੋ ਗਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਜੀਠਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਵਿੰਦਰ ਪਾਲ ਸਿੰਘ ਮਜੀਠਾ ਆਪਣੇ ਹਲਕੇ ਅਧੀਨ ਪੈਂਦੇ ਸਰਕਾਰੀ ਮਿਡਲ ਸਕੂਲ ਪਾਤਾਲਪੁਰੀ, ਸਰਕਾਰੀ ਐਲੀਮੈਂਟਰੀ ਸਕੂਲ ਪਾਤਾਲਪੁਰੀ, ਸਰਕਾਰੀ ਐਲੀਮੈਂਟਰੀ ਅਤੇ ਸਰਕਾਰੀ ਮਿਡਲ ਸਕੂਲ, ਸਰਕਾਰੀ ਪ੍ਰਾਇਮਰੀ ਸਕੂਲ ਖਰਾਸਵਾਲਾ ਵਿਖੇ ਕਰੀਬ 24 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਉਪਰੰਤ ਕੀਤਾ। ਜੱਗਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਆਧੁਨਿਕ ਯੋਜਨਾਵਾਂ ਉਲੀਕੀਆਂ ਜਾ ਰਹੀਆਂ ਹਨ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲੀ ਬੱਚਿਆਂ ਨੇ ਸੱਭਿਆਚਰਕ ਪ੍ਰੋਗਰਾਮ ਪੇਸ਼ ਕੀਤਾ।

# ਜਲਦੀ ਹੀ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਨੂੰ ਸਾਂਝਾ ਪ੍ਰੈੱਸ ਕਲੱਬ ਸਮਰਪਿਤ ਕੀਤਾ ਜਾਵੇਗਾ: ਈ ਟੀ ਓ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਬੀਤੇ ਦਿਨੀਂ ਜੰਡਿਆਲਾ ਗੁਰੂ ਦੇ ਉਲਾਈਵ ਗਾਰਡਨ ਰੈਸਟੋਰੈਂਟ ਵਿਖੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਜੰਡਿਆਲਾ ਗੁਰੂ ਦੇ ਹਲਕਾ ਵਾਸੀਆਂ ਹਵਾਲੇ ਕੀਤੇ ਹੋਏ ਵਿਕਾਸ ਕਾਰਜਾਂ ਬਾਰੇ ਖੁੱਲ੍ਹ ਕੇ ਗੱਲਬਾਤ ਹੋਈ ਅਤੇ ਬਾਕੀ ਆ ਰਹੀਆਂ ਜਨਤਾ ਦੀਆਂ ਸਮੱਸਿਆ ਨੂੰ ਹੱਲ ਕਰਨ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਮੂਹ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਜਿੱਥੇ ਜਨਤਾ ਨੂੰ ਆ ਰਹੀਆਂ ਬਾਕੀ ਸਮੱਸਿਆ ਦਾ ਜਲਦੀ ਹੱਲ ਕਰਨ ਲਈ ਵਿਸ਼ਵਾਸ ਦਿਵਾਇਆ ਅਤੇ ਕਿਹਾ ਕਿ ਜਨਤਾ ਦੀਆਂ ਸਮੱਸਿਆਂਵਾਂ ਨੂੰ ਖੁਦ ਪੱਤਰਕਾਰ ਜੋ ਆਪਣੀ ਡਿਊਟੀ ਨਿਰਸਵਾਰਥ ਦਿਨ ਰਾਤ ਤਨਦੇਹੀ ਨਾਲ ਨਿਭਾਉਂਦੇ ਹਨ ਪਰ ਇਨ੍ਹਾਂ ਦੇ ਆਪਣੇ ਬੈਠਣ ਵਾਸਤੇ ਵੀ ਕੋਈ ਖਾਸ ਪੱਕੀ ਜਗ੍ਹਾ ਨਹੀਂ ਹੈ। ਜੰਡਿਆਲਾ ਗੁਰੂ ਦੇ ਸਾਰੇ ਪੱਤਰਕਾਰਾਂ ਦੀ ਇਹ ਸਮੱਸਿਆ ਨੂੰ ਵੀ ਦੂਰ ਕਰਨ ਵਾਸਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਪੂਰਨ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰਾਂ ਦਾ ਸਾਂਝਾ ਪ੍ਰੈੱਸ ਕਲੱਬ ਸਮਰਪਿਤ ਕੀਤਾ ਜਾਏਗਾ। ਇਸ ਮੌਕੇ ਕੈਬਨਿਟ ਮੰਤਰੀ ਦਾ ਸਮੂਹ ਪੱਤਰਕਾਰਾਂ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਜੰਡਿਆਲਾ ਪ੍ਰੈੱਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ, ਚੇਅਰਮੈਨ ਸੁਨੀਲ ਦੇਵਗਨ ਜੰਡਿਆਲਾ ਪ੍ਰੈੱਸ ਕਲੱਬ, ਮਾਝਾ ਪ੍ਰੈੱਸ ਕਲੱਬ ਪ੍ਰਧਾਨ ਗੁਰਦੀਪ ਸਿੰਘ ਨਾਗੀ, ਨਿਊ ਮਾਝਾ ਪ੍ਰੈੱਸ ਕਲੱਬ ਪ੍ਰਧਾਨ ਭੁਪਿੰਦਰ ਸਿੰਘ ਸਿੱਧੂ, ਪ੍ਰੈੱਸ ਵੈੱਲਫੇਅਰ ਮੀਤ ਪ੍ਰਧਾਨ ਰਾਮ ਪ੍ਰਸਾਦ, ਅੰਮ੍ਰਿਤਪਾਲ ਸਿੰਘ ਬੇਦੀ, ਸਿਮਰਤਪਾਲ ਸਿੰਘ ਬੇਦੀ, ਹਰੀਸ਼ ਕੱਕਰ, ਸੁਖਚੈਨ ਸਿੰਘ, ਗੁਰਦੇਵ ਸਿੰਘ ਮੱਲੀ, ਕੁਲਦੀਪ ਸਿੰਘ ਡਡਵਾਲ, ਹਰਿੰਦਰ ਸਿੰਘ ਡਡਵਾਲ, ਸੁਖਜਿੰਦਰ ਸਿੰਘ ਸੋਨੂ, ਕਵਲਜੀਤ ਸਿੰਘ ਲਾਡੀ, ਮੇਜਰ ਸਿੰਘ, ਮੰਗਲਦੀਪ ਸਿੰਘ, ਹਰਸ਼ ਪੁੰਜ, ਹਰਨੀਤ ਸਿੰਘ, ਕੁਲਵੰਤ ਸਿੰਘ ਵਿਰਦੀ, ਜੀਵਨ ਸ਼ਰਮਾ, ਸਤਿੰਦਰ ਸਿੰਘ ਅਠਵਾਲ, ਕੁਲਦੀਪ ਸਿੰਘ ਜੰਡਿਆਲਾ, ਵਰੁਣ ਸੋਨੀ, ਲਖਬੀਰ ਸਿੰਘ ਗਿੱਲ ,ਰੌਕੀ ਜੈਨ, ਇੰਦਰਜੀਤ ਮਹਿਤਾ, ਸੋਨੂੰ ਮਿਗਲਾਨੀ, ਰਾਕੇਸ਼ ਕੁਮਾਰ, ਰਾਮਦਿਆਲ ਸਿੰਘ ਆਦਿ ਸਮੇਤ ਸਮੂਹ ਪਤਰਕਾਰ ਭਾਈਚਾਰਾ ਮੌਜੂਦ ਸੀ ।

# ਦੇਸ਼ ਦਾ ਪਹਿਲਾ ਨਸ਼ਾ ਮੁਕਤ ਸੂਬਾ ਬਣਨ ਵੱਲ ਵਧ ਰਿਹਾ ਪੰਜਾਬ : ਹਰਪਾਲ ਸਿੰਘ ਚੀਮਾ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਬੀਰ ਸੈਣੀ)**- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਜ਼ੋਰ ਦੇ ਕੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਸਰਕਾਰ ਨਸ਼ਾਖੋਰੀ ਦੇ ਖਾਤਮੇ ਲਈ 'ਜ਼ੀਰੋ ਟੋਲਰੈਂਸ' ਨੀਤੀ ਤਹਿਤ ਜ਼ਮੀਨੀ ਪੱਧਰ 'ਤੇ ਹਰ ਸੰਭਵ ਯਤਨ ਕਰ ਰਹੀ ਹੈ ਅਤੇ ਸੂਬੇ ਨੂੰ ਜਲਦੀ ਹੀ ਨਸ਼ਾ ਮੁਕਤ ਸੂਬਾ ਬਣਾਇਆ ਜਾਵੇਗਾ।ਇਸ ਸਮਾਜਿਕ ਲਾਹਨਤ ਨੂੰ ਠੱਲ੍ਹ ਪਾਉਣ ਲਈ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਜਾ ਰਹੀ ਕਾਰਵਾਈ ਦਾ ਜਾਇਜ਼ਾ ਲੈਂਦਿਆਂ ਵਿੱਤ ਮੰਤਰੀ ਚੀਮਾ ਨੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਮਾਮਲਿਆਂ ਵਿੱਚ 91 ਫੀਸਦੀ ਨੂੰ ਸਜ਼ਾਵਾਂ ਹੋਣ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਨਸ਼ਿਆਂ ਤੋਂ ਮੁਕਤ ਹੋ ਜਾਵੇਗਾ। ਵਿੱਤ ਮੰਤਰੀ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਅਤੇ ਜ਼ਿਲ੍ਹੇ ਦੇ ਵਸਨੀਕਾਂ ਨੂੰ ਨਸ਼ਿਆਂ ਦਾ ਮੁਕੰਮਲ ਸਫਾਇਆ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਵੀ ਅਪੀਲ ਕੀਤੀ। ਵਿੱਤ ਮੰਤਰੀ ਨੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਚੁੱਕੇ ਗਏ ਠੋਸ ਕਦਮਾਂ ਬਾਰੇ ਚਾਨਣਾ ਪਾਇਆ। ਚੀਮਾ ਨੇ ਕਿਹਾ ਕਿ ਨਸ਼ੇ ਨਾਲ ਸਬੰਧਤ ਕੇਸਾਂ ਵਿੱਚ 91% ਦੀ ਸ਼ਲਾਘਾਯੋਗ ਸਜ਼ਾ ਦਰ ਦੇ ਨਾਲ ਹੁਸ਼ਿਆਰਪੁਰ ਜ਼ਿਲ੍ਹੇ ਨੇ ਨਸ਼ਾ ਤਸਕਰਾਂ ਵਿਰੁੱਧ ਸ਼ਾਨਦਾਰ ਕੋਸ਼ਿਸ਼ਾਂ ਕੀਤੀਆਂ ਹਨ ਜਿਸ ਤਹਿਤ ਹੁਣ ਤੱਕ 179 ਐਫ ਆਈ ਆਰ ਦਰਜ ਕਰਦਿਆਂ 271 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਇਹ ਇਸ ਲੜਾਈ ਵਿੱਚ ਇੱਕ ਅਹਿਮ ਪਹਿਲੂ ਹੈ। ਉਨ੍ਹਾਂ ਕਿਹਾ ਕਿ ਲੋਕਾਂ ਤੋਂ ਪ੍ਰਾਪਤ ਯੋਗ ਖੁਫੀਆ ਜਾਣਕਾਰੀ 'ਤੇ ਤੇਜ਼ੀ ਨਾਲ ਕਾਰਵਾਈ ਕੀਤੀ ਜਾਂਦੀ ਹੈ।ਉਨ੍ਹਾ ਦੱਸਿਆ ਕਿ ਜ਼ਿਲ੍ਹੇ 'ਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੇ ਮਹੱਤਵਪੂਰਨ ਗਤੀ ਫੜੀ ਹੈ, ਜਿਸ ਤਹਿਤ 527 ਸੰਪਰਕ ਮੀਟਿੰਗਾਂ ਕੀਤੀਆਂ ਗਈਆਂ ਹਨ ਅਤੇ 970 ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ 442 ਪਿੰਡਾਂ ਦੀਆਂ ਪੰਚਾਇਤਾਂ ਨੇ ਇਸ ਨਸ਼ਾ ਵਿਰੋਧੀ ਪਹਿਲਕਦਮੀ ਦੀ ਹਮਾਇਤ ਕਰਨ ਲਈ ਮਤੇ ਪਾਸ ਕੀਤੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 18 ਪ੍ਰਮੁੱਖ ਹੌਟਸਪੌਟਸ ਦੀ ਪਛਾਣ ਕੀਤੀ ਹੈ। ਚੀਮਾ ਨੇ ਕਿਹਾ ਕਿ ਹਿਮਾਚਲ ਪੁਲਸ ਦੇ ਨਾਲ ਇੱਕ ਸੰਯੁਕਤ ਆਪ੍ਰੇਸ਼ਨ ਵੀ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਨਸ਼ਿਆਂ ਦੇ ਨੈਟਵਰਕ ਨੂੰ ਖਤਮ ਕਰਨ ਲਈ ਅੰਤਰਰਾਜੀ ਤਾਲਮੇਲ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਅਕਾਲੀ-ਭਾਜਪਾ ਸ਼ਾਸਨ ਦੌਰਾਨ ਪੰਜਾਬ ਵਿੱਚ ਨਸ਼ਿਆਂ ਦਾ ਹੜ੍ਹ ਵਗਿਆ ਅਤੇ ਬਾਅਦ ਵਿੱਚ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਕਾਰਜਕਾਲ ਦੌਰਾਨ ਵੀ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿਛਲੇ ਤਿੰਨ ਸਾਲਾਂ ਤੋਂ ਨਸ਼ਿਆਂ ਵਿਰੁੱਧ ਲੜਾਈ ਲੜ ਰਹੀ ਹੈ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆਏ ਹਨ ਅਤੇ ਨਸ਼ਾ ਤਸਕਰਾਂ ਨੂੰ ਇਹ ਧੰਦਾ ਛੱਡਣ ਲਈ ਮਜਬੂਰ ਹੋਣਾ ਪਿਆ ਹੈ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ ਐਸ ਪੀ ਸੰਦੀਪ ਕੁਮਾਰ ਮਲਿਕ ਨੇ ਵਿੱਤ ਮੰਤਰੀ ਨੂੰ ਜ਼ਿਲ੍ਹੇ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਤੋਂ ਇਲਾਵਾ ਜ਼ਿਲ੍ਹੇ ਭਰ ਵਿੱਚ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਵੀ ਅਧਿਕਾਰੀਆਂ ਨੂੰ ਇਸ ਮੁਹਿੰਮ ਨੂੰ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ ਤਾਂ ਜੋ ਨਸ਼ਾ ਮੁਕਤ ਪੰਜਾਬ ਦੇ ਕਾਰਜ ਨੂੰ ਸਹੀ ਮਾਅਨਿਆਂ ਵਿੱਚ ਨੇਪਰੇ ਚਾੜ੍ਹਿਆ ਜਾ ਸਕੇ।ਇਸ ਮੌਕੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਵਿਧਾਇਕ ਕਰਮਬੀਰ ਸਿੰਘ ਘੁੰਮਣ, ਮੇਅਰ ਸੁਰਿੰਦਰ ਕੁਮਾਰ, ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।




# ਡੀ ਜੀ ਐੱਮ ਮੁਕੇਸ਼ ਕੈਲੇ ਵੱਲੋਂ ਗੁਰਾਇਆ ਮੰਡੀ ਦਾ ਦੌਰਾ



**ਗੁਰਾਇਆ (ਬਿੰਦਰ ਸੁੰਮਨ)**- ਗੁਰਾਇਆ ਦਾਣਾ ਮੰਡੀ ਵਿੱਚ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਮੰਡੀ ਬੋਰਡ ਦੇ ਡੀ ਜੀ ਐਮ ਮੁਕੇਸ਼ ਕੈਲੇ ਆਪਣੀ ਟੀਮ ਨਾਲ ਪਹੁੰਚੇ। ਇਸ ਮੌਕੇ ਡੀ ਜੀ ਐਮ ਪੰਜਾਬ ਮੰਡੀ ਬੋਰਡ ਮੁਕੇਸ਼ ਕੈਲੇ ਵਲੋਂ ਮੰਡੀ ਦਾ ਦੌਰਾ ਕਰਦੇ ਸਮੇਂ ਮੰਡੀ 'ਚ ਆਪਣੀ ਫਸਲ ਲੈ ਕੇ ਆਏ ਕਿਸਾਨਾਂ ਨਾਲ ਮੁਲਾਕਾਤ ਕੀਤੀ। ਗੱਲਬਾਤ ਦੌਰਾਨ ਉਕਤ ਕਿਸਾਨਾਂ ਵਲੋਂ ਮੰਡੀ ਪ੍ਰਬੰਧਾਂ ਤੇ ਖਰੀਦ ਪ੍ਰਬੰਧਾਂ ਪ੍ਰਤੀ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਮਾਰਕਿਟ ਕਮੇਟੀ ਦੇ ਅਫ਼ਸਰ ਤੇ ਮੰਡੀ 'ਚ ਤਾਇਨਾਤ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਮੰਡੀ 'ਚ ਆਪਣੀ ਫਸਲ ਲੈ ਕੇ ਆ ਰਹੇ ਕਿਸਾਨਾਂ ਨੂੰ ਕੋਈ ਵੀ ਮੁਸ਼ਕਿਲ ਆਉਂਦੀ ਹੈ ਤਾਂ ਉਨ੍ਹਾਂ ਨੂੰ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਗੁਰਾਇਆ ਦਾਣਾ ਮੰਡੀ ਵਿੱਚ ਤਿੰਨ ਖ੍ਰੀਦ ਏਜੰਸੀਆਂ ਮਾਰਕਫੈੱਡ, ਪਨਗਰੇਨ ਅਤੇ ਐਸ ਜੀ ਆਈ ਕਣਕ ਦੀ ਖ੍ਰੀਦ ਕਰ ਰਹੀਆਂ ਹਨ ਜਿਨ੍ਹਾਂ ਨੇ ਇੱਕ ਲੱਖ ਕੁਇੰਟਲ ਤੋਂ ਉਪਰ ਕਣਕ ਦੀ ਖ੍ਰੀਦ ਕਰ ਲਈ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਡੀ ਐਮ ਓ ਅਰਵਿੰਦਰ ਸਿੰਘ, ਪਰਮਿੰਦਰ ਸਿੰਘ, ਸੈਕਟਰੀ ਦਲਵੀਰ ਸਿੰਘ, ਗੁਰਪ੍ਰੀਤ ਸਿੰਘ ਤੋਂ ਇਲਾਵਾ ਕਿਸਾਨ ਹਾਜ਼ਰ ਸਨ।

# ਸੜਕ ਹਾਦਸੇ 'ਚ ਔਰਤ ਦੀ ਮੌਤ

**ਕਾਲਾ ਸੰਘਿਆਂ (ਮਨਜੀਤ ਮਾਨ)**- ਪਿੰਡ ਧਾਲੀਵਾਲ ਬੇਟ ਨਜ਼ਦੀਕ ਸੜਕ ਦੁਰਘਟਨਾ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ। ਥਾਣਾ ਮੁਖੀ ਮਨਜੀਤ ਸਿੰਘ ਦੇ ਐਸ ਆਈ ਮੁਰਤਾ ਸਿੰਘ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਵਾਸੀ ਪਿੰਡ ਉੱਚਾ ਬੇਟ ਆਪਣੀ ਪਤਨੀ ਸੁਖਜੀਤ ਕੌਰ (54) ਨਾਲ ਸਕੂਟਰੀ 'ਤੇ ਧਾਰਮਿਕ ਅਸਥਾਨ 'ਤੇ ਮੱਥਾ ਟੇਕਣ ਜਾ ਰਿਹਾ ਸੀ ਕਿ ਪਿੰਡ ਧਾਲੀ ਵਾਲ ਬੇਟ ਨਜ਼ਦੀਕ ਇਕ ਅਵਾਰਾ ਪਸ਼ੂ ਦੇ ਨਾਲ ਸਕੂਟਰੀ ਟਕਰਾਉਣ ਕਾਰਨ ਉਸਦੀ ਪਤਨੀ ਸੜਕ ਤੇ ਡਿੱਗ ਪਈ ਅਤੇ ਜ਼ਿਆਦਾ ਗੰਭੀਰ ਸੱਟਾਂ ਲੱਗ ਜਾਣ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ। ਦੁਰਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਮੁਖੀ ਢਿਲਵਾਂ ਮਨਜੀਤ ਸਿੰਘ, ਏ ਐਸ ਆਈ ਮੁਰਤਾ ਸਿੰਘ ਪੁਲਸ ਪਾਰਟੀ ਸਮੇਤ ਪਹੁੰਚੇ ਅਤੇ ਮ੍ਰਿਤਕਾ ਦੀ ਲਾਸ਼ ਨੂੰ ਕਬਜ਼ੇ ਵਿੱਚ ਕਰਕੇ ਉਸ ਦਾ ਪੋਸਟ ਮਾਰਟਮ ਲਈ ਮਨਸੂਰਵਾਲ ਦੋਨਾਂ ਦੀ ਮੋਰਚਰੀ 'ਚ ਰਖਵਾ ਦਿੱਤਾ ਹੈ।

# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੱਤੜ ਕਲਾਂ ਵਿਖੇ ਐੱਸ ਪੀ ਸੀ 'ਤੇ ਸੈਮੀਨਾਰ

**ਕਰਤਾਰਪੁਰ (ਹਰਮੇਸ਼ ਢੱਡਾ)**- ਸਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਚੰਡੀਗੜ੍ਹ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਐਸ ਐਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਪੀ ਪੀ ਐਸ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਸ੍ਰੀਮਤੀ ਮਨਜੀਤ ਕੌਰ ਪੀ ਪੀ ਐਸ ਜ਼ਿਲ੍ਹਾ ਕਮਿਊਨਿਟੀ ਪੁਲਸ ਅਫ਼ਸਰ ਜਲੰਧਰ ਦਿਹਾਤੀ ਦੀ ਦੇਖ ਰੇਖ ਹੇਠ ਅਤੇ ਐਸ ਆਈ ਦਲਵਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਜਲੰਧਰ ਦਿਹਾਤੀ ਦੀ ਅਗਵਾਈ ਹੇਠ ਤੇ ਏ ਐਸ ਆਈ ਨਰਿੰਦਰ ਸਿੰਘ ਦੀ ਸੁਪਰਵਿਜ਼ਨ ਨਾਲ 22 ਅਪ੍ਰੈਲ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੱਤੜ ਕਲਾਂ ਵਿਖੇ ਐਸ ਪੀ ਸ ਵਿਸ਼ੇ ਸੰਬੰਧੀ ਸੈਮੀਨਾਰ ਕੀਤਾ ਗਿਆ। ਏ ਐਸ ਆਈ ਨਰਿੰਦਰ ਸਿੰਘ ਨੇ ਸਕੂਲ ਦੇ ਸਟਾਫ ਤੇ ਬੱਚਿਆਂ ਨੂੰ ਐਸ ਪੀ ਸੀ ਵਿਸ਼ੇ 'ਤੇ ਪੁਲਸ ਪ੍ਰਵੈਨਸ਼ਨ ਕਰਾਇਮ ਐਂਡ ਕੰਟਰੋਲ ਸੰਬੰਧੀ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ। ਏ ਐਸ ਆਈ ਰਾਜ ਸਿੰਘ ਨੇ ਸਾਈਬਰ ਕਰਾਇਮ, ਟ੍ਰੈਫ਼ਿਕ ਨਿਯਮਾਂ ਅਤੇ ਕੁਦਰਤੀ ਆਫ਼ਤਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਏ ਐਸ ਆਈ ਜਗਤਾਰ ਸਿੰਘ ਨੇ ਸਾਂਝ ਕੇਂਦਰ ਦੇ ਕੰਮਕਾਰ, ਸੋਫਟਵੇਅਰ, ਵੈਰੀਫਿਕੇਸ਼ਨਾਂ, ਕਰਾਈਮ ਅਗੇਂਸਟ ਵੋਮੈਨ ਅਤੇ ਚਿਲਡਰਨ ਦੇ ਕਾਨੂੰਨ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਮਨੋਜ ਕੁਮਾਰ ਐਸ ਪੀ ਸੀ ਟੀਚਰ, ਸੀਨੀਅਰ ਸਿਪਾਹੀ ਗੁਰਵਿੰਦਰ ਸਿੰਘ ਸਕੂਲ ਦਾ ਹੋਰ ਸਟਾਫ ਹਾਜ਼ਰ ਸੀ।



# ਲੈਨਿਨ ਦਾ 122ਵਾਂ ਜਨਮ ਦਿਨ ਵਿਚਾਰ-ਗੋਸ਼ਟੀ ਦੇ ਰੂਪ 'ਚ ਮਨਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਮਹਾਨ ਕਮਿਊਨਿਸਟ ਆਗੂ ਕਾਮਰੇਡ ਲੈਨਿਨ ਦਾ 122ਵਾਂ ਜਨਮ ਦਿਨ ਗੜ੍ਹਸ਼ੰਕਰ ਦੀਆਂ ਜਨਤਕ ਜਥੇਬੰਦੀਆਂ ਵਲੋਂ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਕਾਮਰੇਡ ਕੁਲਭੂਸ਼ਨ ਕੁਮਾਰ ਮਹਿਦਵਾਣੀ ਅਤੇ ਕਾਮਰੇਡ ਹਰਮੇਸ਼ ਢੇਸੀ ਦੀ ਅਗਵਾਈ ਵਿੱਚ ਵਿਚਾਰ ਗੋਸ਼ਟੀ ਦੇ ਰੂਪ ਵਿਚ ਮਨਾਇਆ ਗਿਆ। ਗੋਸ਼ਟੀ ਦੇ ਆਰੰਭ ਵਿਚ ਰਾਮ ਜੀ ਦਾਸ ਚੌਹਾਨ ਅਤੇ ਸ਼ਾਮ ਸੁੰਦਰ ਵਲੋਂ ਕਾਮਰੇਡ ਲੈਨਿਨ ਦੇ ਸੰਘਰਸ਼ਮਈ ਜੀਵਨ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹਨਾਂ ਵਲੋਂ ਰੂਸ ਦੇ ਸ਼ਾਸਕ ਜਾਰ ਵਲੋਂ ਲੋਕਾਂ 'ਤੇ ਕੀਤੇ ਜਾਂਦੇ ਅੱਤਿਆਚਾਰਾਂ ਵਿਰੁੱਧ ਮਹਾਨ ਕਾਰਲ ਮਾਰਕਸ ਦੇ ਵਿਚਾਰਾਂ ਨੂੰ ਅਮਲੀ ਰੂਪ ਵਿਚ ਲਾਗੂ ਕਰਦਿਆਂ ਜਨਤਕ ਲਾਮਬੰਦੀ ਤੇ ਸੰਘਰਸ਼ਾਂ ਰਾਹੀ ਮਿਹਨਤਕਸ਼ ਲੋਕਾਂ ਦੀ ਮੁਕਤੀ ਦਾ ਰਾਹ ਖੋਲ੍ਹਿਆ ਤੇ ਰੂਸ ਵਿਚ ਸਮਾਜਵਾਦ ਦੀ ਸਥਾਪਨਾ ਕਰਕੇ ਸਰਮਾਏਦਾਰੀ ਨਿਜ਼ਾਮ ਨੂੰ ਵੱਡੀ ਸੱਟ ਮਾਰੀ, ਜਿਸ ਦੇ ਸਿੱਟੇ ਵਜੋਂ ਸੰਸਾਰ ਦੇ ਲਗਭਗ ਤੀਜੇ ਹਿੱਸੇ ਵਿਚ ਸਮਾਜਵਾਦੀ ਪ੍ਰਬੰਧ ਦੀ ਸਥਾਪਨਾ ਹੋਈ। ਮੁਕੇਸ਼ ਕੁਮਾਰ, ਕਾਮਰੇਡ ਹਰਮੇਸ਼ ਢੇਸੀ ਤੇ ਪ੍ਰਿੰਸੀਪਲ ਸਰੂਪ ਚੰਦ ਨੇ ਵਿਚਾਰ ਚਰਚਾ ਨੂੰ ਅੱਗੇ ਵਧਾਉਂਦੇ ਹੋਏ ਕਿਹਾ ਕਿ ਸਾਨੂੰ ਕੌਮਾਂਤਰੀ ਪੱਧਰ ਤੇ ਸਮਾਜਵਾਦੀ ਢਾਂਚੇ ਨੂੰ ਲੱਗੀਆਂ ਪਛਾੜਾਂ ਅਤੇ ਭਾਰਤ ਵਿਚ ਕਮਿਊਨਿਸਟ ਲਹਿਰ ਨੂੰ ਲੱਗੇ ਖੋਰੇ ਦੇ ਕਾਰਨਾਂ ਨੂੰ ਸਮਝਣ ਤੇ ਆਪਾ ਪੜਚੋਲਣ ਦੀ ਜ਼ਰੂਰਤ ਹੈ। ਕਾਮਰੇਡ ਮਲਕੀਅਤ ਸਿੰਘ ਬਾਹੋਵਾਲ ਨੇ ਚਰਚਾ ਸਮੇਟਦਿਆਂ ਕਿਹਾ ਅੱਜ ਸਮੁੱਚੇ ਸੰਸਾਰ ਵਿੱਚ ਸਰਮਾਏਦਾਰੀ ਨੇ ਜੋ ਬੇਰੁਜ਼ਗਾਰੀ, ਗਰੀਬੀ , ਭੁੱਖਮਰੀ, ਜੰਗ ਦਾ ਸੰਕਟ ਖੜ੍ਹਾ ਕੀਤਾ ਹੈ ਉਸ ਦਾ ਇਕੋ ਇਕ ਹੱਲ ਕਾਮਰੇਡ ਲੈਨਿਨ ਦੇ ਦਰਸਾਏ ਰਸਤੇ ਅਨੁਸਾਰ ਜਨਤਕ ਲਾਮਬੰਦੀ ਕਰਕੇ ਸੰਘਰਸ਼ਾਂ ਰਾਹੀ ਸਮਾਜਵਾਦ ਦੀ ਸਥਾਪਨਾ ਕਰਕੇ ਹੀ ਕੱਢਿਆ ਜਾ ਸਕਦਾ ਹੈ। ਭਾਰਤ ਵਿਚ ਫਿਰਕਾਪ੍ਰਸਤ ਤੇ ਤਾਨਾਸ਼ਾਹੀ ਤਾਕਤਾਂ ਦੇ ਵਧਦੇ ਖਤਰੇ ਬਾਰੇ ਸੁਚੇਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਮੇਂ ਸਮੁੱਚੀਆਂ ਖੱਬੀਆਂ ਅਤੇ ਅਗਾਂਹਵਧੂ ਸ਼ਕਤੀਆਂ ਦਾ ਏਕਾ ਅਤੇ ਸੰਘਰਸ਼ ਹੀ ਦੇਸ਼ ਨੂੰ ਇਸ ਸੰਕਟ ਵਿਚ ਕੱਢ ਸਕਦਾ ਹੈ। ਅੰਤ ਵਿਚ ਬਲਬੀਰ ਖਾਨਪੁਰੀ ਵਲੋਂ ਵਿਚਾਰ ਗੋਸ਼ਟੀ ਵਿਚ ਸ਼ਾਮਿਲ ਸਾਥੀਆਂ ਦਾ ਧੰਨਵਾਦ ਕੀਤਾ। ਇਸ ਸਮੇ ਬਲਵੰਤ ਰਾਮ ਗਿਆਨੀ ਅਵਤਾਰ ਸਿੰਘ ਹੰਸਰਾਜ, ਸ਼ਿੰਗਾਰਾ ਰਾਮ ਭੱਜਲ, ਅਮਰਜੀਤ ਸਿੰਘ, ਗੁਰਮੇਲ ਰਾਮ, ਗੁਰਨਾਮ ਹਾਜ਼ੀਪੁਰ, ਗੋਪਾਲ ਦਾਸ ਮਨਹੋਤਰਾ, ਰਮਨ ਕੁਮਾਰ, ਬਲਜੀਤ ਕੁਮਾਰ, ਸੰਤ ਰਾਮ, ਸ਼ਾਮ ਸੁੰਦਰ ਸ਼ਰਮਾ, ਦੇਵੀ ਦਾਸ ਭੱਜਲ ਹਾਜ਼ਰ ਸਨ।

# ਅਰਥ ਡੇ ਮੌਕੇ 'ਤੇ ਕਰਵਾਏ ਹਾਊਸ ਵਾਈਜ਼ ਪੇਂਟਿੰਗ ਤੇ ਪਾਵਰ ਪੁਆਇੰਟ ਪ੍ਰੈਜ਼ੈਂਟੇਸ਼ਨ ਮੁਕਾਬਲੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿੱਚ ਅਰਥ ਡੇ ਬੜ੍ਹੇ ਜੋਸ਼ ਦੇ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਅੰਦਰ ਹਾਊਸ ਵਾਈਜ਼ ਪਾਵਰ ਪੁਆਇੰਟ ਪ੍ਰੈਜ਼ੈਂਟੇਸ਼ਨ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਦੌਰਾਨ ਬੱਚਿਆਂ ਨੇ ਅਲੱਗ ਅਲੱਗ ਹਾਊਸ ਦੀ ਅਗਵਾਈ ਕਰਦੇ ਹੋਏ ਅਰਥ ਡੇ ਦੇ ਮੌਕੇ 'ਤੇ ਆਪਣੀਆਂ ਬਣਾਈਆਂ ਹੋਈਆਂ ਪ੍ਰੈਜ਼ੈਂਟੇਸ਼ਨ ਦੀ ਪੇਸ਼ਕਾਰੀ ਕੀਤੀ ਅਤੇ ਵਿਦਿਆਰਥੀਆਂ ਨੂੰ ਧਰਤੀ ਦੇ ਖਰਾਬ ਹੋ ਰਹੇ ਹਾਲਾਤਾਂ ਅਤੇ ਉਹਨਾਂ ਨੂੰ ਸੰਭਾਲਣ ਦੇ ਲਈ ਜੋ ਹੱਲ ਕੀਤੇ ਜਾ ਸਕਦੇ ਹਨ ਉਹਨਾਂ ਬਾਰੇ ਦੱਸਿਆ। ਇਸ ਦੇ ਨਾਲ ਹੀ ਪੇਂਟਿੰਗ ਮੁਕਾਬਲੇ ਦੇ ਦੌਰਾਨ ਬੱਚਿਆਂ ਨੇ ਧਰਤੀ 'ਤੇ ਵੱਧ ਰਹੇ ਪ੍ਰਦੂਸ਼ਣ ਅਤੇ ਧਰਤੀ ਦੀ ਸਾਂਭ ਸੰਭਾਲ ਪ੍ਰਤੀ ਆਪਣੇ ਮਨ ਦੇ ਭਾਵਾਂ ਨੂੰ ਪੇਂਟਿੰਗ ਦੇ ਰੂਪ ਦੇ ਵਿੱਚ ਕਾਗਜ਼ ਦੇ ਉਕੇਰਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਸਮਾਜ ਨੂੰ ਅਪੀਲ ਕੀਤੀ ਕਿ ਕਿਸੇ ਇੱਕ ਦਿਨ ਅਰਥ ਡੇ ਮਨਾ ਕੇ ਸਾਡਾ ਟੀਚਾ ਪੂਰਾ ਨਹੀਂ ਹੋਣਾ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਸ ਧਰਤੀ ਨੂੰ ਬਚਾਉਣਾ ਹੈ ਤਾਂ ਕਿ ਇਹ ਨਿਰਮਾਣਾਂ ਦੇ ਰਹਿਣ ਯੋਗ ਬਣੀ ਰਹੇ। ਪਾਵਰ ਪੁਆਇੰਟ ਪ੍ਰੈਜ਼ੈਂਟੇਸ਼ਨ ਮੁਕਾਬਲੇ ਦੌਰਾਨ ਅਰਥ ਹਾਊਸ ਦੀ ਨਵਜੀਤ ਕੌਰ ਅਤੇ ਮਨਮੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜੁਪੀਟਰ ਹਾਊਸ ਦੇ ਅਵਨੀਤ ਕੌਰ ਦੂਸਰੇ ਸਥਾਨ ਤੇ ਰਹੀ ਅਤੇ ਅਤੇ ਜੁਪੀਟਰ ਹਾਊਸ ਦੀ ਹੀ ਤਰਨਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਪੇਂਟਿੰਗ ਮੁਕਾਬਲਿਆਂ ਦੇ ਵਿੱਚ ਜੁਪੀਟਰ ਹਾਊਸ ਦੀ ਕਲਪਨਾ ਨੇ ਪਹਿਲਾ ਸਥਾਨ, ਮਾਰਸ ਹਾਊਸ ਦੀ ਰਿਤਿਕਾ ਨੇ ਦੂਸਰਾ ਸਥਾਨ ਅਤੇ ਜੁਪੀਟਰ ਹਾਊਸ ਦੀ ਹੀ ਪ੍ਰਬਲੀਨ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ,ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਬਲਜੀਤ ਕੌਰ, ਸੁਮੀਤ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਗੁਰਪ੍ਰੀਤ, ਪ੍ਰਿਯਾ, ਰਜਮੀਤ, ਹਰਮਿੰਦਰ, ਵਰਿੰਦਰ ,ਹਰਜੀਤ ਗੁਰਦੇਵ, ਅਜੇ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।



# ਸੀ ਪੀ ਆਈ (ਐਮ) ਜ਼ਿਲ੍ਹਾ ਨਵਾਂਸ਼ਹਿਰ ਦੀ ਜਨਰਲ ਬਾਡੀ ਮੀਟਿੰਗ 25 ਨੂੰ



**ਨਵਾਂਸ਼ਹਿਰ (ਮਨੋਜ ਲਾਡੀ)**- ਸੀ ਪੀ ਆਈ (ਐਮ) ਜ਼ਿਲ੍ਹਾ ਨਵਾਂਸ਼ਹਿਰ ਦੇ ਸਕੱਤਰ ਸਾਥੀ ਚਰਨਜੀਤ ਸਿੰਘ ਦੌਲਤਪੁਰ ਨੇ ਇੱਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਜ਼ਿਲ੍ਹਾ ਨਵਾਂਸ਼ਹਿਰ ਦੀ ਜਨਰਲ ਬਾਡੀ ਮੀਟਿੰਗ 25 ਅਪ੍ਰੈਲ ਨੂੰ ਠੀਕ 10 ਵਜੇ ਘੱਕੇ ਵਾਲ ਭਵਨ ਨਵਾਂਸ਼ਹਿਰ ਵਿਖੇ ਹੋਵੇਗੀ।ਇਸ ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ, ਤਹਿਸੀਲ ਕਮੇਟੀ ਮੈਂਬਰ ਅਤੇ ਬਰਾਂਚ ਸਕੱਤਰ ਹਾਜ਼ਰ ਹੋਣਗੇ।ਇਸ ਮੀਟਿੰਗ ਨੂੰ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਣਗੇ ਅਤੇ 24 ਵੀਂ ਪਾਰਟੀ ਕਾਨਫਰੰਸ ਜਿਹੜੀ ਕਿ ਮਦੁਰਾਈ ਵਿਖੇ ਹੋਈ ਸੀ, ਦੀ ਰਿਪੋਰਟਿੰਗ ਕਰਨਗੇ।

# ਖ਼ਾਲਸਾ ਕਾਲਜ ਦਾ ਐੱਮ ਐੱਸ ਸੀ ਮੈਥੇਮੈਟਿਕਸ ਦਾ ਪਹਿਲੇ ਤੇ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਪੋਸਟ ਗ੍ਰੈਜੂਏਟ ਕੋਰਸ ਐੱਮ.ਐੱਸ.ਸੀ. ਮੈਥੇਮੈਟਿਕਸ ਦੇ ਪਹਿਲੇ ਅਤੇ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਐੱਮ.ਐੱਸ.ਸੀ. ਮੈਥੇਮੈਟਿਕਸ ਦੇ ਪਹਿਲੇ ਸਮੈਸਟਰ ਦੇ ਨਤੀਜੇ ਵਿਚ ਮਧੂ ਬਾਲਾ ਨੇ 89.8 ਫੀਸਦੀ ਅੰਕ ਲੈ ਕੇ ਪਹਿਲਾ, ਜਤਿਨ ਕੁਮਾਰ ਕੈਂਥ ਨੇ 71.4 ਫੀਸਦੀ ਅੰਕ ਲੈ ਕੇ ਦੂਜਾ ਅਤੇ ਅਮਨਦੀਪ ਸਿੰਘ ਨੇ 69.2 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਐੱਮ.ਐੱਮ.ਸੀ. ਮੈਥੇਮੈਟਿਕਸ ਦੇ ਤੀਜੇ ਸਮੈਸਟਰ ਦੇ ਨਤੀਜਿਆਂ ਵਿਚ ਸਿਮਰਨਜੀਤ ਕੌਰ ਨੇ 85.20 ਫੀਸਦੀ ਅੰਕ ਲੈ ਕੇ ਪਹਿਲਾ, ਰਮਨ ਅਤੇ ਅਰਸ਼ ਸਿੰਘ ਮਾਨ ਨੇ 77.6 ਫੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਦੂਜਾ ਸਥਾਨ ਹਾਸਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਮੈਥੇਮੈਟਿਕਸ ਵਿਭਾਗ ਦੇ ਸਟਾਫ਼ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



# ਪਡਿਆਲਾ ਨੇ ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ



**ਕੁਰਾਲੀ (ਮੋਹਨ ਅੱਗਰਵਾਲ)**— ਪੰਜਾਬ ਵਿੱਚ ਨੌਜਵਾਨਾਂ ਦਾ ਨਸ਼ਿਆਂ ਵੱਲ ਵੱਧ ਰਹੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਅਤੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਉੱਘੇ ਖੇਡ ਪ੍ਰਮੋਟਰ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ ਕਾਂਗਰਸ) ਨੇ ਪਿੰਡ ਮਾਜਰਾ ਦੇ ਨੌਜਵਾਨਾਂ ਨੂੰ ਖੇਡਾਂ ਦਾ ਸਮਾਨ ਵੰਡਿਆ।ਪਡਿਆਲਾ ਨੇ ਕਿਹਾ ਕੋਈ ਸਮਾਂ ਸੀ ਜਦੋਂ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੇ ਨੌਜਵਾਨਾਂ ਦਾ ਪੂਰੀ ਦੁਨੀਆਂ ਦੇ ਵਿੱਚ ਬੋਲਬਾਲਾ ਸੀ ਪਰ ਹੁਣ ਉਹ ਖੇਡਾਂ ਨੂੰ ਛੱਡ ਕੇ ਨਸ਼ਿਆਂ ਦੀ ਦਲਦਲ ਵਿੱਚ ਖੁਭਦਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਜੇਕਰ ਇਹਨਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨਾ ਹੈ ਤਾਂ ਮੁੜ ਖੇਡਾਂ ਨਾਲ ਜੋੜਨਾ ਪਵੇਗਾ।ਇਸ ਲਈ ਸਰਕਾਰਾਂ ਤੋਂ ਆਸਾਂ ਨਾ ਰੱਖ ਕੇ ਸਾਨੂੰ ਆਪਣੇ ਪੱਧਰ ਉੱਤੇ ਯਤਨ ਕਰਨੇ ਪੈਣਗੇ।ਜਦੋਂ ਨੌਜਵਾਨ ਖੇਡਾਂ ਦੇ ਨਾਲ ਜੁੜ ਗਏ ਤਾਂ ਆਪਣੇ ਆਪ ਹੀ ਨਸ਼ਿਆਂ ਤੋਂ ਦੂਰ ਹੋ ਜਾਣਗੇ।ਉਹਨਾਂ ਦੱਸਿਆ ਕਿ ਇਸ ਕਿੱਟ ਵਿੱਚ ਫੁੱਟਬਾਲ, ਵਾਲੀਬਾਲ, ਡੰਮਲ, ਨੈਟ ਆਦਿ ਸਮੱਗਰੀ ਸ਼ਾਮਿਲ ਹੈ। ਇਸ ਮੌਕੇ ਗੁਰਵਿੰਦਰ ਸਿੰਘ ਸਾਬਕਾ ਸਰਪੰਚ, ਜਗਜੀਤ ਪੰਚ ਮਾਜਰਾ, ਸਨੀ, ਜੱਗੀ, ਗੁਰਵਿੰਦਰ ਸਿੰਘ, ਧੀਰਾ, ਰਾਕੇਸ਼, ਮੱਖਣ ਪੰਚ, ਕਾਲਾ ਬਾਬਾ, ਅਮਨਦੀਪ ਸਿੰਘ, ਪੰਮਾ ਪੰਚ ਬੜੌਦੀ, ਪਲਵਿੰਦਰ ਸਿੰਘ ਗੁਨੋ ਮਾਜਰਾ, ਨਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਐੱਨ ਐੱਸ ਏ 'ਚ ਵਾਧਾ ਨਿੰਦਣਯੋਗ : ਢਿੱਲਵਾਂ



**ਕਾਲਾ ਸੰਘਿਆਂ (ਮਨਜੀਤ ਮਾਨ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਕਪੂਰਥਲਾ ਦੇ ਸੀਨੀਅਰ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਨੇ ਅਸਾਮ ਦੀ ਡਿਬਰੂਗੜ ਜੇਲ੍ਹ 'ਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੀ ਐਨ ਐਸ ਏ ਇਕ ਸਾਲ ਵਧਾਉਣ ਦੀ ਕਾਰਵਾਈ ਨੂੰ ਨਿੰਦਣਯੋਗ ਦੱਸਿਆ। ਉਨ੍ਹਾਂ ਮੰਗ ਕੀਤੀ ਕਿ ਕਿ ਉਹਨਾ ਤੋ ਐਨ ਐਸ ਏ ਹਟਾਇਆ ਜਾਵੇ।

# ਡਾ. ਅੰਬੇਡਕਰ ਦੀ ਵਿਚਾਰਧਾਰਾ ਨੂੰ ਸਮਰਪਤ ਚੇਤਨਾ ਮਾਰਚ ਤੇ ਸਮਾਗਮ ਕਰਵਾਇਆ

**ਫਗਵਾੜਾ (ਜਸਵਿੰਦਰ ਢੱਡਾ)**- ਪਿੰਡ ਭਬਿਆਣਾ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਡਾ ਬੀ ਆਰ ਅੰਬੇਡਕਰ ਕਮਿਊਨਿਟੀ ਹਾਲ ਵਿਖੇ ਬੜੇ ਧੂਮਧਾਮ ਨਾਲ ਮਨਾਇਆ ਗਿਆ। ਸਮੁੱਚੇ ਪਿੰਡ ਵਿੱਚ ਸਵੇਰੇ 10 ਵਜੇ ਵਿਸ਼ਾਲ ਚੇਤਨਾ ਮਾਰਚ ਕੱਢਿਆ ਗਿਆ ਜਿਸ ਵਿਚ ਜਨ ਸਮੂਹ ਨੇ ਪੂਰੇ ਜੋਸ਼ ਨਾਲ ਨੀਲੇ ਝੰਡਿਆਂ ਦੇ ਕਾਫ਼ਲੇ ਨੇ ਬਾਬਾ ਸਾਹਿਬ ਅੰਬੇਡਕਰ ਦੇ ਸਟੈਚੂ ਦੀ ਅਗਵਾਈ ਹੇਠ ਪਿੰਡ ਦੀ ਪਰਿਕਰਮਾ ਕੀਤੀ। ਉਪਰੰਤ ਸ਼ਾਮ 5 ਵਜੇ ਅੰਬੇਡਕਰ ਵਿਚਾਰਧਾਰਾ ਨੂੰ ਸਮਰਪਤ ਸਮਾਗਮ ਦਾ ਅਯੋਜਨ ਕੀਤਾ ਗਿਆ ਜੋ ਦੇਰ ਰਾਤ ਤੱਕ ਚਲਿਆ। ਸਭ ਤੋਂ ਪਹਿਲਾਂ ਬਾਬਾ ਸਾਹਿਬ ਅੰਬੇਡਕਰ ਜੀ ਦੀ ਪ੍ਰਤਿਮਾ ਅੱਗੇ ਨਮਨ ਕੀਤਾ ਗਿਆ ਤੇ ਫੁੱਲਮਾਲਾ ਅਰਪਿਤ ਕੀਤੀ ਗਈ। ਇਸ ਸਮਾਗਮ ਵਿੱਚ ਐਸ ਐਚ ਓ ਮੇਜਰ ਸਿੰਘ ਥਾਣਾ ਰਾਵਲਪਿੰਡੀ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਮੁੱਖ ਬੁਲਾਰੇ ਅਮਨਦੀਪ ਸਿੰਘ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜੀਵਨ ਸੰਘਰਸ਼ ਉਪਰ ਵਿਸਥਾਰ ਸਹਿਤ ਚਾਨਣਾ ਪਾਇਆ। ਵਿਸ਼ੇਸ਼ ਤੌਰ 'ਤੇ ਪਹੁੰਚੇ ਧਰਮਿੰਦਰ ਭੁਲਾਰਾਈ, ਭੈਣ ਕ੍ਰਿਸ਼ਨਾ ਨੇ ਵੀ ਵਿਚਾਰ ਪੇਸ਼ ਕੀਤੇ। ਆਜ਼ਾਦ ਰੰਗ ਮੰਚ ਫਗਵਾੜਾ ਵਲੋਂ ਸਮਾਜ ਵਿਚ ਜਾਗ੍ਰਿਤੀ ਲਿਆਉਣ ਲਈ ਕ੍ਰਾਂਤੀਕਾਰੀ ਨਾਟਕ ਦਿਖਾਏ ਗਏ। ਬੱਚਿਆਂ ਵਲੋਂ ਬਾਬਾ ਸਾਹਿਬ ਦੇ ਮਿਸ਼ਨ ਨੂੰ ਸਮਰਪਤ ਪ੍ਰੋਗਰਾਮ ਪੇਸ਼ ਕੀਤੇ ਗਏ। ਇੰਟਰਨੈਸ਼ਨਲ ਗੋਲਡ ਮੈਡਲਿਸਟ ਮਿਸ਼ਨਰੀ ਗਾਇਕ ਬਲਵਿੰਦਰ ਬਿੱਟੂ ਨੇ ਮਿਸ਼ਨਰੀ ਗੀਤਾਂ ਨਾਲ ਰੰਗ ਬੰਨ੍ਹਿਆ ਤੇ ਸਰੋਤਿਆਂ ਨੂੰ ਬਾਬਾ ਸਾਹਿਬ ਦੀ ਸੋਚ ਨਾਲ ਜੋੜਿਆ। ਇਸ ਮੌਕੇ ਗਾਇਕ ਸੰਦੀਪ ਭਬਿਆਣਾ ਨੇ ਉਚੇਚੇ ਤੌਰ ਤੇ ਹਾਜ਼ਰੀ ਭਰੀ। ਇਸ ਸਮਾਗਮ ਵਿੱਚ ਸਕੂਲ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਏ ਬੱਚਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਰਪੰਚ ਵਿਜੈ ਕੁਮਾਰ, ਸਾਬਕਾ ਸਰਪੰਚ ਜੋਗਿੰਦਰ ਪਾਲ ਘੇੜਾ, ਸਾਬਕਾ ਸਰਪੰਚ ਤਿਰਲੋਕ ਸਿੰਘ, ਅਮਰਜੀਤ ਕੈਂਥ ਪੰਚ, ਮਾਸਟਰ ਮਨਜੀਤ ਲਾਲ,ਸਤਪਾਲ ਕੈਂਥ, ਬਲਰਾਜ ਕੈਂਥ, ਰਾਜੇਸ਼ ਭਬਿਆਣਾ, ਚਰਨਜੀਤ ਘੇੜਾ, ਸੁਰਿੰਦਰ ਘੇੜਾ, ਸੁਸ਼ੀਲ ਕੁਮਾਰ, ਅਜੇ ਘੇੜਾ, ਹਨੀ ਗੇੜਾ, ਰਜਿੰਦਰ ਘੇੜਾ, ਬਲਦੇਵ ਰਾਜ ਘੇੜਾ, ਹਨੀ ਘੇੜਾ, ਰਾਕੇਸ਼ ਮਹੇ, ਗੁਰਮੀਤ ਗੇੜਾ, ਬਲਵਿੰਦਰ ਘੇੜਾ, ਡਾ. ਯੋਗਰਾਜ ਕੈਂਥ, ਦਵਿੰਦਰ ਘੇੜਾ, ਆਦਿ ਹਾਜ਼ਰ ਰਹੇ।




# ਪੱਤਰਕਾਰ 'ਤੇ ਲੱਗੇ ਇਲਜ਼ਾਮਾਂ ਦਾ ਮਸਲਾ ਭਖਿਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬੀਤੇ ਦਿਨੀਂ ਮਾਰਕਿਟ ਕਮੇਟੀ ਦਫ਼ਤਰ ਨੂਰਮਹਿਲ ਵਿਖੇ ਹੋਈ ਇੰਨੋਵੇਟਿਵ ਕਮੇਟੀ ਦੀ ਮੀਟਿੰਗ ਵਿੱਚ ਪੱਤਰਕਾਰ 'ਤੇ ਲੱਗੇ ਇਲਜ਼ਾਮਾਂ ਦਾ ਮਸਲਾ ਭਖਦਾ ਜਾ ਰਿਹਾ ਹੈ। ਇਸ ਸਬੰਧੀ ਪੱਤਰਕਾਰ ਭਾਈਚਾਰੇ ਦੀ ਇੱਕ ਮੀਟਿੰਗ ਸਥਾਨਕ ਪੱਧਰ 'ਤੇ ਹੋਈ ਜਿਸ ਵਿੱਚ ਸਮੂਹ ਪੱਤਰਕਾਰਾਂ ਨੇ ਕਿਹਾ ਕਿ ਆਪਣੀ ਬੱਲੇ ਬੱਲੇ ਕਰਵਾਉਣ ਲਈ ਨੇਤਾਵਾਂ ਨੂੰ ਅਜਿਹੇ ਬੇਤੁਕੇ ਬਿਆਨ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਪੱਤਰਕਾਰ ਰਵਿੰਦਰ ਭਾਰਦਵਾਜ ਨੇ ਦੱਸਿਆ ਕਿ ਭ੍ਰਿਸ਼ਟਾਚਾਰ ਦੇ ਖਿਲਾਫ਼ ਉਹਨਾਂ ਦੀਆਂ ਸ਼ਿਕਾਇਤਾਂ ਕਾਂਗਰਸ ਸਰਕਾਰ ਦੇ ਸਮੇਂ ਤੋਂ ਚੱਲ ਰਹੀਆਂ ਹਨ, ਕਰਮਚਾਰੀਆਂ ਨੂੰ ਬਚਾਉਣ ਦੀ ਖਾਤਰ ਮੇਰਾ ਨਾਮ ਲੈ ਕੇ ਮੈਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਮੈਂ ਅਜਿਹੀਆਂ ਕੋਝੀਆਂ ਚਾਲਾਂ ਤੋਂ ਡਰਨ ਵਾਲਾ ਨਹੀਂ। ਰਵਿੰਦਰ ਭਾਰਦਵਾਜ ਨੇ ਅੱਗੇ ਕਿਹਾ ਕਿ ਇਹ ਦੱਸੋ ਨੂਰਮਹਿਲ ਦਾ ਸਰਕਾਰੀ ਸਕੂਲ ਹਾਲੇ ਤੱਕ ਕਿਉ ਨਹੀਂ ਬਣਿਆ, ਸਕੂਲ ਦੇ ਨਾਮ 'ਤੇ ਵੀ ਤੁਹਾਡਾ ਡੱਬੂ ਡਰਾਮਾ ਚੱਲ ਰਿਹਾ ਹੈ। ਥੋੜ੍ਹੀ ਥੋੜ੍ਹੀ ਦੇਰ ਬਾਅਦ ਇਕੱਠ ਕਰਕੇ ਸਕੂਲ ਵਾਲੇ ਸਥਾਨ ਤੇ ਪਹੁੰਚ ਕੇ ਅਖ਼ਬਾਰਾਂ ਦੀਆਂ ਸੁਰਖ਼ੀਆਂ ਬਣਨ ਤੋਂ ਇਲਾਵਾ ਕੁਝ ਕੀਤਾ ਹੈ ਤਾਂ ਦੱਸੋ। ਤੁਹਾਡੇ ਕਾਰਜਕਾਲ ਦੌਰਾਨ ਨੂਰਮਹਿਲ ਦੇ ਹੋਏ ਵਿਕਾਸ ਬਾਰੇ ਚਾਨਣਾ ਪਾਇਆ ਜਾਵੇ। ਜਲਦ ਹੀ ਸਾਰੇ ਪੱਤਰਕਾਰ ਭਾਈਚਾਰੇ ਨੂੰ ਇਕੱਠਾ ਕਰਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ।

# ਗਊਸ਼ਾਲਾ ਕਮੇਟੀ ਵੱਲੋਂ ਦਾਨੀ ਸੱਜਣਾਂ ਨੂੰ ਤੂੜੀ ਦਾਨ ਕਰਨ ਦੀ ਅਪੀਲ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਸ੍ਰੀ ਸ੍ਰੀ 1008 ਸ਼ਾਂਤੀ ਗਿਰੀ ਜੀ ਗਊਸ਼ਾਲਾ ਗੋਕੁਲ ਗੋਧਾਮ ਸੇਵਾ ਸੰਮਤੀ ਲੋਹੀਆਂ ਖਾਸ ਵਲੋਂ ਤੂੜੀ ਦਾਨ ਮਹਾਂਦਾਨ ਦਾ ਨਾਹਰਾ ਦਿੰਦਿਆਂ ਸਮੂਹ ਸੰਗਤਾਂ ਨੂੰ ਤੂੜੀ ਦਾਨ ਕਰਨ ਦੀ ਅਪੀਲ ਕੀਤੀ ਹੈ। ਇਸ ਸੰਬੰਧੀ ਗੋਕੁਲ ਗੋਧਾਮ ਸੇਵਾ ਸੰਮਤੀ ਗਊਸ਼ਾਲਾ ਲੋਹੀਆਂ ਖਾਸ ਦੇ ਪ੍ਰਧਾਨ ਪਵਨ ਕੁਮਾਰ ਗਾਂਧੀ ਅਤੇ ਸੇਵਾਦਾਰ ਰੁਪੇਸ਼ ਕੁਮਾਰ ਸੱਦੀ ਨੇ ਦੱਸਿਆ ਕਿ ਕੁਲਦੀਪ ਕਾਲੀਆ, ਤ੍ਰਿਪਤਾ ਕਾਲੀਆ, ਵਿਸ਼ਾਲ ਕਾਲੀਆਂ, ਅਹਾਨ ਕਾਲੀਆ, ਸ਼ਾਮ ਮੋਹਨ ਚੱਡਾ, ਵਿਜੈ ਕੁਮਾਰ ਚੱਡਾ (ਬਸੀ ਕਲਾਂ), ਇੰਦਰਜੀਤ ਬਬਲਾ, ਗੀਨਾ ਵਰਮਾ ਸਪੁੱਤਰੀ ਰਾਮਜੀਤ ਵਰਮਾ (ਯੂ.ਐਸ.ਏ), ਸੱਭਰਵਾਲ ਪਰਵਾਰ ਸਾਬੂਵਾਲ ਵੱਲੋਂ ਗਊਸ਼ਾਲਾ ਨੂੰ ਤੂੜੀ ਲਈ ਦਾਨ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਹੁਣ ਜਦੋਂ ਕਣਕ ਦੀ ਫ਼ਸਲ ਦੀ ਕਟਾਈ ਹੋ ਰਹੀ ਹੈ ਅਤੇ ਕਣਕ ਦੇ ਨਾੜ ਤੋਂ ਤੂੜੀ ਬਣਾਈ ਜਾ ਰਹੀ ਹੈ ਤਾਂ ਅਜਿਹੇ ਮੌਕੇ ਵਿਸ਼ੇਸ਼ ਤੌਰ 'ਤੇ ਧਿਆਨ ਰੱਖਣ ਲਈ ਗਊਸ਼ਾਲਾ ਕਮੇਟੀ ਦੇ ਸੇਵਾਦਾਰਾਂ ਵੱਲੋਂ ਇਸ ਸੰਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ ਹੈ। ਇਹ ਗਊਸ਼ਾਲਾ ਦਾਨੀ ਵਲੋਂ ਦਿੱਤੇ ਦਾਨ ਨਾਲ ਹੀ ਚੱਲ ਰਹੀ ਹੈ। ਇਸ ਮੌਕੇ ਪ੍ਰਧਾਨ ਪਵਨ ਕੁਮਾਰ ਗਾਂਧੀ, ਸੇਵਾਦਾਰ ਰੁਪੇਸ਼ ਕੁਮਾਰ ਸੱਦੀ, ਮੋਨੂੰ ਅਰੋੜਾ, ਬੌਬੀ ਕੰਡਾ, ਮੰਗਤ ਰਾਮ ਸ਼ਰਮਾ, ਅਜੇ ਗੁਪਤਾ, ਆਰਜ਼ੂ ਅਰੋੜਾ ਅਤੇ ਹੋਰ ਸੇਵਾਦਾਰ ਵੀ ਹਾਜ਼ਰ ਸਨ।



# ਵਿਦਿਆਰਥੀਆਂ ਨੇ ਜਾਣੇ ਗੂਗਲ ਦੇ ਅਨੋਖੇ ਟੂਲ



**ਜਲੰਧਰ (ਸ਼ੈਲੀ ਐਲਬਰਟ)**- ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਸ ਨੌਰਥ ਕੈਂਪਸ ਮਕਸੂਦਾਂ ਵਿਖੇ ਗੂਗਲ ਡਿਵੈਲਪਰ ਗਰੁੱਪਸ (ਜੀ.ਡੀ.ਜੀ.) ਵੱਲੋਂ 'ਡੈਵ ਕਮਿਊਨਿਟੀ ਰੋਡਸ਼ੋ: ਬਿਲਡ ਵਿਦ ਏ.ਆਈ.' ਦਾ ਆਯੋਜਨ ਕੀਤਾ ਗਿਆ। ਇਸ ਮੌਕੇ 120 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਸੀ.ਟੀ. ਯੂਨੀਵਰਸਿਟੀ, ਡੀ.ਏ.ਵੀ. ਯੂਨੀਵਰਸਿਟੀ, ਐਲ.ਪੀ.ਯੂ., ਆਈ.ਕੇ.ਜੀ. ਪੀ.ਟੀ.ਯੂ., ਜੀ.ਐਨ.ਏ. ਯੂਨੀਵਰਸਿਟੀ, ਸੈਂਟਰਲ ਯੂਨੀਵਰਸਿਟੀ ਜੰਮੂ, ਪੀ.ਸੀ.ਟੀ.ਈ. ਲੁਧਿਆਣਾ, ਡੀ.ਏ.ਵੀ.ਆਈ.ਈ.ਟੀ. ਅਤੇ ਹੋਰ ਸੰਸਥਾਵਾਂ ਦੇ ਵਿਦਿਆਰਥੀ ਸ਼ਾਮਲ ਹੋਏ।ਇਸ ਇਵੈਂਟ ਵਿੱਚ ਕ੍ਰਿਤੀਮਾਨ ਏ.ਆਈ. ਦੀ ਦੁਨੀਆ ਅਤੇ ਇਸ ਦੇ ਵਿਭਿੰਨ ਉਪਯੋਗਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਇਹ ਪ੍ਰੋਗਰਾਮ ਨਵੇਂ ਡਿਵੈਲਪਰਾਂ ਅਤੇ ਤਕਨੀਕੀ ਉਤਸ਼ਾਹੀਆਂ ਲਈ ਖਾਸ ਤੌਰ 'ਤੇ ਤਿਆਰ ਕੀਤਾ ਗਿਆ ਸੀ, ਜਿਸ ਵਿੱਚ ਹੱਥਾਂ-ਹੱਥ ਸਿਖਲਾਈ, ਲਾਈਵ ਪ੍ਰਦਰਸ਼ਨ ਅਤੇ ਮਾਹਰਾਂ ਦੀਆਂ ਗੱਲਬਾਤਾਂ ਸ਼ਾਮਲ ਸਨ। ਇਹਨਾਂ ਸੈਸ਼ਨਾਂ ਵਿੱਚ ਗੂਗਲ ਦੀਆਂ ਨਵੀਆਂ ਤਕਨੀਕਾਂ ਦੀ ਵਰਤੋਂ ਕਰਕੇ ਸਮਾਰਟ ਅਤੇ ਸਕੇਲੇਬਲ ਹੱਲ ਬਣਾਉਣ ਬਾਰੇ ਦਿਖਾਇਆ ਗਿਆ।ਜੀ.ਡੀ.ਜੀ. ਦੇ ਮਾਹਿਰ ਵਕਤਾਵਾਂ ਵਿੱਚ ਸਿਮਰਪ੍ਰੀਤ ਸਿੰਘ, ਅਮਨਪ੍ਰੀਤ ਕੌਰ, ਵੀਰ ਪ੍ਰਤਾਪ ਸਿੰਘ, ਅਸ਼ਵਨੀ ਕੁਮਾਰ, ਪ੍ਰਜਵਲ ਕੁੰਬਾਰ, ਅਤੇ ਜਸ਼ਨਪ੍ਰੀਤ ਕੌਰ ਸ਼ਾਮਲ ਸਨ। ਇਹਨਾਂ ਨੇ ਏ.ਆਈ. ਦੀਆਂ ਬੁਨਿਆਦੀ ਸੰਕਲਪਾਂ ਤੋਂ ਲੈ ਕੇ ਨਵੇਂ ਡਿਵੈਲਪਮੈਂਟ ਟੂਲਜ਼ ਤੱਕ ਦੀਆਂ ਵਿਸ਼ੇਸ਼ ਜਾਣਕਾਰੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਸੀ.ਟੀ. ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ; ਐਗਜ਼ੀਕਿਊਟਿਵ ਡਾਇਰੈਕਟਰ, ਡਾ. ਨਿਤਿਨ ਟੰਡਨ ਅਤੇ ਨੌਰਥ ਕੈਂਪਸ ਦੇ ਡਾਇਰੈਕਟਰ, ਡਾ. ਅਨੁਰਾਗ ਸ਼ਰਮਾ ਵੀ ਮੌਜੂਦ ਸਨ।

# ਹੈਰੋਇਨ ਸਮੇਤ ਕੀਤਾ ਕਾਬੂ



**ਗੁਰਾਇਆ (ਬਿੰਦਰ ਸੁੰਮਨ)**- ਜ਼ਿਲ੍ਹਾ ਜਲੰਧਰ ਦਿਹਾਤੀ ਦੇ ਥਾਣਾ ਗੁਰਾਇਆ ਨੇ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿਮ ਤਹਿਤ ਇੱਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਸਬੰਧੀ ਥਾਣਾ ਮੁਖੀ ਸਕਿੰਦਰ ਸਿੰਘ ਨੇ ਦੱਸਿਆ ਕਿ ਏ ਐਸ ਆਈ ਸੁਰਿੰਦਰ ਮੋਹਨ ਵਲੋਂ ਦੌਰਾਨ ਗਸ਼ਤ ਟੀ ਪੁਆਇੰਟ ਪਿੰਡ ਢੇਸੀਆਂ ਕਾਹਨਾ ਤੋਂ ਸੁਰਜੀਤ ਸਿੰਘ ਪੁੱਤਰ ਚੰਨ ਸਿੰਘ ਵਾਸੀ ਧਰਮੇ ਦੀਆਂ ਛੰਨਾਂ ਥਾਣਾ ਮਹਿਤਪੁਰ ਜ਼ਿਲ੍ਹਾ ਜਲੰਧਰ ਨੂੰ ਕਾਬੂ ਕਰਕੇ ਉਸ ਪਾਸੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ। ਉਨਾਂ ਕਿਹਾ ਕਿ ਇਸ ਦੇ ਖਿਲਾਫ 12 ਹੋਰ ਵੀ ਮੁਕੱਦਮੇ ਦਰਜ ਰਜਿਸਟਰ ਹਨ।

# ਸਰਕਾਰੀ ਪ੍ਰਾਇਮਰੀ ਸਕੂਲ ਸੰਧਮ ਦੀ ਚਾਰ ਦਿਵਾਰੀ ਦੀ ਰਿਪੇਅਰ ਦਾ ਕੰਮ ਮੁਕੰਮਲ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਸਿੱਖਿਆ ਵਿਕਾਸ ਦੀ ਪਹਿਲੀ ਪੌੜੀ ਹੁੰਦੀ ਹੈ, ਸਿੱਖਿਆ ਦੇ ਆਧਾਰ 'ਤੇ ਹੀ ਦੇਸ਼ ਦੀ ਤਰੱਕੀ ਨਿਰਭਰ ਕਰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜੀਤ ਲਾਲ ਭੱਟੀ ਹਲਕਾ ਇੰਚਾਰਜ/ ਡਾਇਰੈਕਟਰ ਪਨ ਬਸ ਪੰਜਾਬ ਨੇ ਆਦਮਪੁਰ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਸਕੂਲਾਂ ਦੇ ਉਦਘਾਟਨ ਕਰਦਿਆਂ ਕੀਤਾ। ਭੱਟੀ ਨੇ ਕਿਹਾ ਕਿ ਸਿੱਖਿਆ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਸਰਕਾਰ ਵੱਲੋਂ ਬਜ਼ਟ ਵਿਚ ਸਿੱਖਿਆ ਲਈ 17 ਹਜ਼ਾਰ ਕਰੋੜ ਰੁਪਏ ਰੱਖੇ ਗਏ ਹਨ ਜਿਸ ਰਾਹੀਂ ਸਰਕਾਰੀ ਸਕੂਲਾਂ ਵਿਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕਰਾਂਤੀ ਮੁਹਿੰਮ ਦੌਰਾਨ ਸਰਕਾਰੀ ਸਕੂਲਾਂ ਵਿਚ ਇਨਕਲਾਬੀ ਬਦਲਾਅ ਵਿਖਾਉਣ ਲਈ ਅਸੀਂ ਮਾਪਿਆਂ ਦੇ ਰੂ ਬ ਰੂ ਹੋ ਰਹੇ ਹਾਂ ਤਾਂ ਕਿ ਮਾਪਿਆਂ ਦਾ ਸਰਕਾਰੀ ਸਕੂਲਾਂ ਵਿਚ ਵਿਸ਼ਵਾਸ਼ ਕਾਇਮ ਹੋਵੇ ਅਤੇ ਹਰ ਬੱਚਾ ਸਰਕਾਰੀ ਸਕੂਲਾਂ ਵਿਚ ਦਾਖਲਾ ਲਵੇ। ਇਸ ਮੌਕੇ ਮਨੋਜ ਭੱਟੀ ਹਲਕਾ ਇੰਚਾਰਜ ਪੰਜਾਬ ਸਿੱਖਿਆ ਕ੍ਰਾਂਤੀ, ਗੁਰਪ੍ਰੀਤ ਸਿੰਘ ਭੋਗਲ ਪੰਜਾਬ ਸਿੱਖਿਆ ਕ੍ਰਾਂਤੀ ਮੈਂਬਰ, ਬਲਾਕ ਪ੍ਰਧਾਨ ਮਦਨ ਸਿੰਘ, ਬਲਾਕ ਪ੍ਰਧਾਨ ਸਤਨਾਮ ਮਨਕੋਟੀਆ, ਬਲਾਕ ਪ੍ਰਧਾਨ ਮਦਨ ਸਿੰਘ, ਬਲਾਕ ਪ੍ਰਧਾਨ ਅਜੈ ਕੁਮਾਰ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਰਵੀ ਕਾਂਤ ਬਲਾਕ ਇੰਚਾਰਜ ਸਿੱਖਿਆ ਵਿਭਾਗ, ਸਕੂਲ ਦੇ ਮੁਖੀ ਭੁਪਿੰਦਰ ਸਿੰਘ, ਚੇਅਰ ਪਰਸਨ ਮਨਜਿੰਦਰ ਕੌਰ, ਸਰਪੰਚ ਕੁਲਵੀਰ ਕੌਰ, ਸਤਪਾਲ ਸਿੰਘ ਸਾਬਕਾ ਸਰਪੰਚ, ਹਰਦਿਆਲ ਸਿੰਘ ਲੰਬੜਦਾਰ, ਮਨਜੀਤ ਸਿੰਘ, ਹਰਦੀਪ ਸਿੰਘ ਪੰਚ, ਰਾਜਵੀਰ ਕੌਰ ਪੰਚ, ਕੁਲਵੰਤ ਰਾਮ, ਕਰਨੈਲ ਸਿੰਘ ਨੇੜੇ ਦੇ ਸਕੂਲਾਂ ਤੋਂ ਹਾਜ਼ਰ ਅਧਿਆਪਕ ਅਮਰਜੀਤ ਰਾਮ, ਕਮਲਜੀਤ ਸਿੰਘ, ਬਲਵਿੰਦਰ ਸਿੰਘ, ਜਸਵੰਤ ਸਿੰਘ, ਰਮਨਦੀਪ ਸਿੰਘ ਵਾਰਿਸ, ਗੁਰਪ੍ਰੀਤ ਸਿੰਘ, ਪੱਲਵਿੰਦਰ ਭੰਗੂ, ਅੰਮ੍ਰਿਤਪਾਲ ਸਿੰਘ, ਸ਼ਾਂਤੀ ਰਾਣੀ, ਰਾਜਵਿੰਦਰ ਕੌਰ, ਨੀਲਮ ਰਾਣੀ, ਕਮਲਜੀਤ ਕੌਰ, ਹਰਪ੍ਰੀਤ ਕੌਰ, ਸੰਦੀਪ ਕੌਰ ਹੋਰ ਆਦਿ ਸ਼ਾਮਲ ਸਨ।



# ਡਾ. ਸੁੱਖੀ ਨੇ ਮੁਕੰਦਪੁਰ ਅਨਾਜ ਮੰਡੀ 'ਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ



**ਬੰਗਾ (ਅਵਤਾਰ ਕਲੇਰ)**- ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਪਿੰਡ ਮੁਕੰਦਪੁਰ ਦੀ ਅਨਾਜ ਮੰਡੀ ਵਿਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ ਗਈ। ਪੰਜਾਬ ਸਿੱਖਿਆ ਕ੍ਰਾਂਤੀ ਵਿਧਾਨ ਸਭਾ ਹਲਕਾ ਬੰਗਾ ਦੇ ਕੋਆਰਡੀਨੇਟਰ ਸੋਹਣ ਲਾਲ ਢੰਡਾ ਵੀ ਉਨ੍ਹਾਂ ਦੇ ਨਾਲ ਸਨ। ਇਸ ਦੌਰਾਨ ਡਾ. ਸੁੱਖੀ ਨੇ ਮੰਡੀ ਵਿਚ ਆਪਣੀ ਫਸਲ ਲੈ ਕੇ ਆਏ ਕਿਸਾਨਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਮੌਸਮ ਦੇ ਵਿਗੜਨ ਨਾਲ ਆਉਣ ਵਾਲੀਆਂ ਸਮੱਸਿਆਵਾਂ ਦੇ ਮੱਦੇਨਜ਼ਰ ਸਾਰੇ ਲੋੜੀਂਦੇ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ।ਬੰਗਾ ਮਾਰਕੀਟ ਕਮੇਟੀ ਦੇ ਸਕੱਤਰ ਵਰਿੰਦਰ ਕੁਮਾਰ ਨੇ ਦੱਸਿਆ ਕਿ ਬੰਗਾ ਸਬ-ਡਵੀਜ਼ਨ ਵਿਚ ਮੁਕੰਦਪੁਰ ਅਨਾਜ ਮੰਡੀ ਵਿਚ ਪਿਛਲੇ ਸਾਲ 41525 ਕੁਇੰਟਲ ਕਣਕ ਆਈ ਸੀ, ਜਿਸ ਵਿਚ ਖ਼ਰੀਦੀ ਗਈ ਸਾਰੀ ਕਣਕ ਦੇ ਪੈਸੇ ਸਿੱਧੇ ਕਿਸਾਨ ਦੇ ਖਾਤੇ ਵਿਚ ਗਏ। ਅੱਜ ਮੰਡੀ ਦੇ ਖੁੱਲ੍ਹਣ ਵਾਲੇ ਦਿਨ ਮੰਡੀ ਵਿੱਚ 500 ਤੋਂ 600 ਕੁਇੰਟਲ ਕਣਕ ਵਿਕਣ ਲਈ ਆਈ, ਜੋ ਕਿ ਸਾਰੀ ਦੀ ਸਾਰੀ ਸਰਕਾਰ ਦੁਆਰਾ ਨਿਰਧਾਰਤ ਐਮ. ਐਸ. ਪੀ 'ਤੇ ਖਰੀਦੀ ਗਈ। ਵੇਚੀ ਗਈ ਫ਼ਸਲ ਦੇ ਪੈਸੇ 24 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤੇ ਵਿਚ ਚਲੇ ਜਾਣਗੇ। ਵੇਚੀ ਗਈ ਫ਼ਸਲ ਦੇ ਜੇ ਫਾਰਮ ਕਿਸਾਨ ਦੇ ਮੋਬਾਈਲ 'ਤੇ ਡਿਜੀਟਲ ਰੂਪ ਵਿੱਚ ਭੇਜੇ ਜਾ ਰਹੇ ਹਨ, ਜਦੋਂ ਕਿ ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਕਣਕ ਦੀ ਫ਼ਸਲ ਦੀ ਖਰੀਦ ਸਮੇਂ ਕਣਕ ਦੀ ਨਮੀ 1 ਫੀਸਦੀ ਹੋਣੀ ਚਾਹੀਦੀ ਹੈ। ਇਸ ਮੌਕੇ ਸਰਵਣ ਸਿੰਘ ਸੁਕਾਰ, ਰਣਜੀਤ ਰਟੈਂਡਾ, ਪਰਗਟ ਸਿੰਘ ਮੰਡੇਰ ਸਮੇਤ ਕਿਸਾਨ ਅਤੇ ਆੜ੍ਹਤੀਏ ਹਾਜ਼ਰ ਸਨ।

# ਬਹੁਜਨ ਸਮਾਜ ਪਾਰਟੀ ਵੱਲੋਂ ਵਿਸ਼ਾਲ ਜਾਗ੍ਰਤੀ ਸੰਮੇਲਨ 26 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਬਹੁਜਨ ਸਮਾਜ ਪਾਰਟੀ ਦੇ ਮੁੱਖ ਦਫਤਰ ਨਵਾਂਸ਼ਹਿਰ ਵਿਖੇ ਹਲਕਾ ਵਿਧਾਇਕ ਡਾਕਟਰ ਨਛੱਤਰ ਪਾਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਬਹੁਜਨ ਸਮਾਜ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦੇ ਹੋਏ ਉਹਨਾਂ ਕਿਹਾ ਕਿ ਨਵਾਂਸ਼ਹਿਰ ਦੀ ਯੂਨਿਟ ਵੱਲੋਂ ਮਿਤੀ 26 ਅਪ੍ਰੈਲ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਨੂੰ ਸਮਰਪਿਤ ਸ੍ਰੀ ਗੁਰੂ ਰਵਿਦਾਸ ਨਗਰ ਅੰਬੇਡਕਰ ਪਾਰਕ ਦੇ ਨਜ਼ਦੀਕ ਇੱਕ ਵਿਸ਼ਾਲ ਜਾਗ੍ਰਤੀ ਸੰਮੇਲਨ ਦਾ ਪ੍ਰੋਗਰਾਮ ਉਲਿਕਿਆ ਗਿਆ ਹੈ ਜਿਸ ਦਾ ਸਮਾਂ ਸ਼ਾਮ ਤਕਰੀਬਨ 7 ਵਜੇ ਦੇ ਕਰੀਬ ਦਾ ਹੋਵੇਗਾ। ਜਿਸ ਵਿੱਚ ਪਾਰਟੀ ਦੇ ਸੀਨੀਅਰ ਆਗੂ ਸੂਬਾ ਪ੍ਰਧਾਨ ਐਡਵੋਕੇਟ ਅਵਤਾਰ ਸਿੰਘ ਕਰੀਮਪੁਰੀ ਅਤੇ ਖੁਦ ਹਲਕਾ ਵਿਧਾਇਕ ਡਾਕਟਰ ਨਛੱਤਰ ਪਾਲ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਪਾਰਟੀ ਦੇ ਮਿਸ਼ਨਰੀ ਕਲਾਕਾਰਾਂ ਵੱਲੋਂ ਗੀਤ ਗਾਏ ਜਾਣਗੇ। ਛੋਟੇ ਛੋਟੇ ਬੱਚੇ ਵੀ ਕੋਰਿਆਗ੍ਰਾਫੀ ਪੇਸ਼ ਕਰਕੇ ਆਪਣੀ ਹਾਜਰੀ ਲਗਾਉਣਗ ਤੇ ਉਨ੍ਹਾਂ ਨੂੰ ਇਨਾਮ ਵੀ ਦਿੱਤੇ ਜਾਣਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਜਾਫਰਪੁਰੀ, ਡਾ. ਮਹਿੰਦਰ ਪਾਲ,ਵਿਧਾਨ ਸਭਾ ਪ੍ਰਧਾਨ ਰਛਪਾਲ ਮਹਾਲੋਂ, ਨਗਰ ਕੌਂਸਲ ਵਾਈਸ ਪ੍ਰਧਾਨ ਗੁਰਮੁੱਖ ਨੌਰਥ, ਰਾਜ ਕੁਮਾਰ ਮਹੇ, ਮੁਕੇਸ਼ ਕੁਮਾਰ ਬਾਲੀ, ਧਰਮਪਾਲ ਚਮਨ ਲਾਲ, ਮਾਸਟਰ ਹਰਮੇਸ਼ ਨੌਰਦ, ਮੇਜਰ ਸਿੰਘ ਘਟਾਰੋ, ਬਲਵਿੰਦਰ ਭੰਗਲ, ਹਰਬਲਾਸ ਬੱਧਣ, ਬਲਦੇਵ ਮਾਹੀ, ਸਿੱਧੂ, ਜਸਬੰਤ ਕਲਸੀ, ਅਸ਼ਵਨੀ ਕੁਮਾਰ, ਹਰਮੇਸ਼ ਛੀਂਮਾਰ, ਗੁਰਨਾਮ ਪੂਨੂੰ ਮਜਾਰਾ, ਮਾਸਟਰ ਪ੍ਰੇਮ ਰਤਨ, ਸੁਸ਼ੀਲ ਕੁਮਾਰ ਸ਼ੀਲਾ, ਸਰਬਣ ਕੁਮਾਰ, ਬਿਸ਼ਨ ਲਾਲ, ਪਰਸ਼ੋਤਮ ਲੱਧੜ, ਸਤਪਾਲ, ਰਾਜ ਕੁਮਾਰ ਰਾਜੂ, ਛਿੰਦਾ, ਕਸ਼ਮੀਰ ਸਿੰਘ ਅਤੇ ਹੋਰ ਵੀ ਸਾਥੀ ਹਾਜਰ ਸਨ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਮਨਾਈ ਇਨਵੈਸਟੀਚਰ ਸੈਰੇਮਨੀ ਤੇ ਓਨਰ ਡੇ




**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ।ਇਸ ਸਮਾਰੋਹ ਦਾ ਆਰੰਭ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਜੱਜ, ਵਾਈਸ ਅਸਿਸਟੈਂਟ ਮੈਨੇਜਿੰਗ ਡਾਇਰੈਕਟਰ ਸਰਦਾਰ ਪ੍ਰਗਟ ਸਿੰਘ ਜੱਜ, ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਅਤੇ ਸਕੂਲ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਪਹੁੰਚੇ ਅਵਤਾਰ ਸਿੰਘ ਸਰਪੰਚ (ਨਵਾਂ ਪਿੰਡ ਦੋਨੇਵਾਲ), ਸ੍ਰੀ ਰੂਪੇਸ਼ ਕੁਮਾਰ ਸੱਦੀ ਪੰਚਾਇਤ ਅਫਸਰ (ਲੋਹੀਆਂ ਖਾਸ), ਕੁਲਵਿੰਦਰ ਕੌਰ ਸਾਬਕਾ ਸਰਪੰਚ (ਜਲਾਲਪੁਰ ਕਲਾਂ), ਚਰਨਜੀਤ ਸਿੰਘ ਸਰਪੰਚ (ਜਮਸ਼ੇਰ) ਦੁਆਰਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਦੇ ਹੋਏ ਕੀਤਾ ਗਿਆ।ਸਕੂਲ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਜੱਜ, ਅਸਿਸਟੈਂਟ ਮੈਨੇਜਿੰਗ ਡਾਇਰੈਕਟਰ ਪ੍ਰਗਟ ਸਿੰਘ ਜੱਜ ਅਤੇ ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਸਕੂਲ ਵਿਦਿਆਰਥੀਆਂ ਦੁਆਰਾ ਮਾਰਚ ਪਾਸ ਕੀਤਾ ਗਿਆ ਇਸ ਉਪਰੰਤ ਸਟੂਡੈਂਟ ਕੌਂਸਲ ਦੀ ਬੈਚਸ ਸੈਰੇਮਨੀ ਕੀਤੀ ਗਈ।ਆਏ ਹੋਏ ਮੁੱਖ ਮਹਿਮਾਨਾਂ ਦੁਆਰਾ ਸਕੂਲ ਦੇ ਯੋਗ ਅਧਿਆਪਕਾਂ ਨੂੰ ਖਾਸ ਅਹੁਦਿਆਂ ਨਾਲ ਸਨਮਾਨਿਤ ਕਰਦੇ ਹੋਏ ਬੈਚਸ ਦਿੱਤੇ ਗਏ।ਸਕੂਲ ਦੇ ਚਾਰ ਹਾਊਸ ਐਮਾਜ਼ੋਨ ਗੰਗਾ ਨਾਇਲ ਅਤੇ ਥੇਮਸ ਦੇ ਇੰਚਾਰਜ ਵਾਇਸ ਇੰਚਾਰਜ ਕੈਪਟਨ ਵਾਈਸ ਕੈਪਟਨ ਅਤੇ ਮੋਨੀਟਰ ਬਣੇ ਵਿਦਿਆਰਥੀਆਂ ਨੂੰ ਬੈਚਸ ਦਿੱਤੇ ਗਏ। ਇਨਵੈਸਟੀਚਰ ਸੈਰੇਮਨੀ ਦੇ ਨਾਲ ਨਾਲ ਸਕੂਲ ਵਿੱਚ ਆਨਰ ਡੇ ਵੀ ਮਨਾਇਆ ਗਿਆ ਜਿਸ ਵਿੱਚ ਸੈਸ਼ਨ 2024-25 ਵਿੱਚ ਤੀਜੇ ਸਥਾਨ ਤੇ ਆਏ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਕੀਤੀ ਗਈ ਅਤੇ ਪਿਛਲੇ ਸਾਲ ਚਾਰੋਂ ਹਾਊਸ ਦੇ ਵਧੀਆ ਕਾਰਗੁਜ਼ਾਰੀ ਲਈ ਉਹਨਾਂ ਦੇ ਹਾਊਸ ਇੰਚਾਰਜ ਨੂੰ ਵੀ ਸਨਮਾਨ ਚਿੰਨ੍ਹ ਦਿੱਤੇ ਗਏ ਅਤੇ ਗੰਗਾ ਹਾਊਸ ਦੇ ਇੰਚਾਰਜ ਰਣਜੀਤ ਸਿੰਘ ਸਨ ਨੂੰ ਬੈਸਟ ਹਾਊਸ ਚੁਣਿਆ ਗਿਆ।ਸਕੂਲ ਮੈਨੇਜਮੈਂਟ ਦੁਆਰਾ ਪ੍ਰਿੰਸੀਪਲ ਮੈਡਮ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਇਸ ਸਮਾਰੋਹ ਦੀ ਵਧਾਈ ਦਿੱਤੀ ਗਈ। ਇਸ ਪ੍ਰਤੀ ਵਚਨਬੱਧ ਹੁੰਦਿਆਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੁਆਰਾ ਸਹੁੰ ਚੁੱਕੀ ਗਈ।ਸਕੂਲ ਜੂਨੀਅਰ ਵਿਦਿਆਰਥਣਾ ਦੁਆਰਾ ਸ਼ਲਾਘਾ ਯੋਗ ਪ੍ਰਫੋਰਮੈਂਸ ਦਿੱਤੀ ਗਈ।ਪ੍ਰਿੰਸੀਪਲ ਦੁਆਰਾ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਅਹੁਦੇ ਜਿਵੇਂ ਮੋਨੀਟਰ, ਅਨੁਸ਼ਾਸਨ ਇੰਚਾਰਜ, ਕੈਪਟਨ ਅਤੇ ਵਾਈਸ ਕੈਪਟਨ ਬਣਾ ਕੇ ਉਹਨਾਂ 'ਚ ਜਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਵਿਦਿਆਰਥੀਆਂ ਨੂੰ ਇੱਕ ਆਦਰਸ਼ ਨਾਗਰਿਕ ਬਣਾਉਣਾ ਹੈ ਪੂਰੀ ਇੰਵੈਸਟੀਚਰ ਸੈਰੇਮਨੀ ਅਨੁਸ਼ਾਸਨਬਧ ਢੰਗ ਨਾਲ ਆਯੋਜਿਤ ਕੀਤੀ ਗਈ।

# ਸੈਕਟਰੀ ਹਰਦੀਪ ਸਿੰਘ ਭੂੰਬਲਾ ਜਨਰਲ ਸਕੱਤਰ ਨਿਯੁਕਤ



**ਬਲਾਚੌਰ (ਜਸਵਿੰਦਰ ਬੈਂਸ)**- ਦੀ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਸਭਾਵਾਂ ਕਰਮਚਾਰੀ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਚੋਣ ਦੌਰਾਨ ਸੈਕਟਰੀ ਹਰਦੀਪ ਸਿੰਘ ਭੂੰਬਲਾ ਕਰੀਮਪੁਰ ਚਾਹਵਾਲਾ ਹਾਲ ਨਿਵਾਸੀ ਬਲਾਚੌਰ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਸਮੁੱਚੀ ਯੂਨੀਅਨ ਦਾ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਕਰਮਚਾਰੀ ਯੂਨੀਅਨ ਵੱਲੋਂ ਜਿਹੜਾ ਵਿਸ਼ਵਾਸ ਮੇਰੇ ਉੱਤੇ ਜਤਾਇਆ ਗਿਆ ਹੈ ਮੈਂ ਉਸ ਉੱਤੇ ਖਰਾ ਉਤਰਦਾ ਹੋਇਆ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ।